ADVERTISE YOUR BUSINESS HERE
+91-9878-55-2070

ਨਾ ਰੁਕੇ, ਨਾ ਝੁਕੇ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599
8-14 February 2026
ਕੀਮਤ : 5 ਰੁਪਏ

ADVERTISE YOUR BUSINESS HERE
+91-9878-55-2070

ਸਾਲ 2026 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

## ਅਗਲੇ ਪੰਜ ਸਾਲਾਂ 'ਚ ਭਾਰਤ ਅਮਰੀਕਾ ਤੋਂ ਖਰੀਦੇਗਾ 500 ਅਰਬ ਡਾਲਰ ਦਾ ਸਾਮਾਨ

### ਟਰੰਪ ਵੱਲੋਂ ਭਾਰਤ ਨਾਲ ਹੋਇਆ ਵਪਾਰਕ ਸਮਝੌਤਾ 'ਇਤਿਹਾਸਕ' ਕਰਾਰ



ਵਾਸ਼ਿੰਗਟਨ (ਏਜੰਸੀ)-ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਨੇ ਭਾਰਤ ਨਾਲ ਹੋਏ ਤਾਜ਼ਾ ਵਪਾਰਕ ਸਮਝੌਤੇ ਨੂੰ 'ਇਤਿਹਾਸਕ' ਕਰਾਰ ਦਿੱਤਾ ਹੈ। 'ਚੈਂਪੀਅਨ ਆਫ਼ ਕੋਲ' ਪ੍ਰੋਗਰਾਮ ਦੌਰਾਨ ਬੋਲਦਿਆਂ ਟਰੰਪ ਨੇ ਐਲਾਨ ਕੀਤਾ ਕਿ ਇਸ ਡੀਲ ਤਹਿਤ ਅਮਰੀਕਾ ਤੋਂ ਭਾਰਤ ਨੂੰ ਕੋਲੇ ਦੀ ਬਰਾਮਦ ਵਿੱਚ ਭਾਰੀ ਵਾਧਾ ਕੀਤਾ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਅਮਰੀਕੀ ਕੋਲਾ ਦੁਨੀਆ ਵਿੱਚ ਸਭ ਤੋਂ ਉੱਤਮ ਹੈ ਅਤੇ ਹੁਣ ਭਾਰਤ ਵਰਗੇ ਵੱਡੇ ਬਾਜ਼ਾਰ ਇਸ ਦੀ ਵਰਤੋਂ ਕਰਨਗੇ। ਇਸ ਸਮਝੌਤੇ ਦੇ ਫਰੇਮਵਰਕ ਮੁਤਾਬਕ, ਭਾਰਤ ਅਗਲੇ ਪੰਜ ਸਾਲਾਂ ਵਿੱਚ ਅਮਰੀਕਾ ਤੋਂ 500 ਅਰਬ ਡਾਲਰ ਦੇ ਊਰਜਾ ਉਤਪਾਦ, ਹਵਾਈ ਜਹਾਜ਼, ਕੀਮਤੀ ਧਾਤਾਂ ਅਤੇ ਤਕਨਾਲੋਜੀ ਦਾ ਸਾਮਾਨ ਖਰੀਦਣ ਦੀ ਤਿਆਰੀ ਵਿੱਚ ਹੈ। ਇਸ ਅੰਤਰਿਮ ਸਮਝੌਤੇ ਤਹਿਤ ਭਾਰਤ ਅਮਰੀਕੀ ਉਦਯੋਗਿਕ ਵਸਤੂਆਂ ਅਤੇ ਖੇਤੀਬਾੜੀ ਉਤਪਾਦਾਂ 'ਤੇ ਲੱਗਣ ਵਾਲੀਆਂ ਦਰਾਮਦ ਡਿਊਟੀਆਂ ਨੂੰ ਜਾਂ ਤਾਂ ਖ਼ਤਮ ਕਰ ਦੇਵੇਗਾ ਜਾਂ ਕਾਫ਼ੀ ਹੱਦ ਤੱਕ ਘਟਾ ਦੇਵੇਗਾ। ਦੋਵਾਂ ਦੇਸ਼ਾਂ ਦੇ ਸਾਂਝੇ ਬਿਆਨ ਮੁਤਾਬਕ, ਇਹ ਕਦਮ ਆਪਸੀ ਲਾਭਕਾਰੀ ਵਪਾਰ ਅਤੇ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਲਈ ਚੁੱਕਿਆ ਗਿਆ ਹੈ। ਰਾਸ਼ਟਰਪਤੀ ਟਰੰਪ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਫਰਵਰੀ 2025 ਵਿੱਚ ਸ਼ੁਰੂ ਹੋਈ ਗੱਲਬਾਤ ਹੁਣ ਇਸ ਵੱਡੇ ਨਤੀਜੇ ਤੱਕ ਪਹੁੰਚੀ ਹੈ। ਅਮਰੀਕੀ ਪ੍ਰਸ਼ਾਸਨ ਇਸ ਡੀਲ ਨੂੰ ਅਮਰੀਕੀ ਕਾਮਿਆਂ ਅਤੇ ਕਾਰੋਬਾਰਾਂ ਲਈ ਵੱਡੀ ਜਿੱਤ ਵਜੋਂ ਦੇਖ ਰਿਹਾ ਹੈ, ਜਦੋਂਕਿ ਸੁਰੱਖਿਆ ਦੇ ਲਿਹਾਜ਼ ਨਾਲ ਪੁਲੀਸ ਅਤੇ ਹੋਰ ਏਜੰਸੀਆਂ ਇਸ ਆਰਥਿਕ ਗਤੀਵਿਧੀ ਦੇ ਵਿਆਪਕ ਪ੍ਰਭਾਵਾਂ 'ਤੇ ਨਜ਼ਰ ਰੱਖ ਰਹੀਆਂ ਹਨ।

## ਟਰੰਪ ਵੱਲੋਂ ਇਰਾਨ ਨਾਲ ਗੱਲਬਾਤ ਜਾਰੀ ਰੱਖਣ 'ਤੇ ਜ਼ੋਰ

ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਵ੍ਹਾਈਟ ਹਾਊਸ ਵਿੱਚ ਦੋ ਘੰਟੇ ਤੋਂ ਵੱਧ ਸਮੇਂ ਤੱਕ ਬੰਦ ਕਮਰਾ ਮੀਟਿੰਗ ਕੀਤੀ। ਟਰੰਪ ਨੇ ਕਿਹਾ ਕਿ ਉਨ੍ਹਾਂ ਨੇ ਇਰਾਨ ਨਾਲ ਗੱਲਬਾਤ ਜਾਰੀ ਰੱਖਣ 'ਤੇ ਜ਼ੋਰ ਦਿੱਤਾ ਹੈ ਕਿਉਂਕਿ ਅਮਰੀਕਾ ਤਹਿਰਾਨ ਨਾਲ ਪਰਮਾਣੂ ਸਮਝੌਤੇ ਲਈ ਕੋਸ਼ਿਸ਼ਾਂ ਕਰ ਰਿਹਾ ਹੈ। ਨੇਤਨਯਾਹੂ ਪੱਤਰਕਾਰਾਂ ਦੀ ਨਜ਼ਰ ਤੋਂ ਬਚ ਕੇ ਵ੍ਹਾਈਟ ਹਾਊਸ ਪੁੱਜੇ ਅਤੇ ਬਿਨਾਂ ਕੋਈ ਅਧਿਕਾਰਤ ਬਿਆਨ ਦਿੱਤੇ ਉੱਥੋਂ ਰਵਾਨਾ ਹੋ ਗਏ; ਹਾਲਾਂਕਿ ਟਰੰਪ ਨੇ ਬਾਅਦ ਵਿੱਚ ਸੋਸ਼ਲ ਮੀਡੀਆ 'ਤੇ ਇਸ ਨੂੰ ਬਹੁਤ ਵਧੀਆ ਮੀਟਿੰਗ ਦੱਸਿਆ। ਟਰੰਪ ਨੇ ਲਿਖਿਆ, "ਕੋਈ ਫੈਸਲਾ ਨਹੀਂ ਹੋਇਆ, ਸਿਰਫ਼ ਮੈਂ ਇਰਾਨ ਨਾਲ ਗੱਲਬਾਤ ਜਾਰੀ ਰੱਖਣ 'ਤੇ ਜ਼ੋਰ ਦਿੱਤਾ ਤਾਂ ਜੋ ਦੇਖਿਆ ਜਾ ਸਕੇ ਕਿ ਸਮਝੌਤਾ ਸਿਰੇ ਚੜ੍ਹਦਾ ਹੈ ਜਾਂ ਨਹੀਂ। ਜੇ ਅਜਿਹਾ ਹੁੰਦਾ ਹੈ, ਤਾਂ ਮੈਂ ਪ੍ਰਧਾਨ ਮੰਤਰੀ ਨੂੰ ਦੱਸ ਦਿੱਤਾ ਹੈ ਕਿ ਇਹੀ ਸਾਡੀ ਪਹਿਲੀ ਪਸੰਦ ਹੋਵੇਗੀ।"



## ਮਾਣਹਾਨੀ ਕੇਸ 'ਚ ਧੋਨੀ ਨੂੰ 10 ਲੱਖ ਜਮ੍ਹਾਂ ਕਰਾਉਣ ਦਾ ਨਿਰਦੇਸ਼

ਚੇਨਈ (ਏਜੰਸੀ)-ਮਦਰਾਸ ਹਾਈ ਕੋਰਟ ਨੇ ਕ੍ਰਿਕਟਰ ਐੱਮ ਐੱਸ ਧੋਨੀ ਨੂੰ ਸੇਵਾਮੁਕਤ ਆਈ ਪੀ ਐੱਸ ਅਧਿਕਾਰੀ ਜੀ ਸੰਪਤਕੁਮਾਰ ਖ਼ਿਲਾਫ਼ ਮਾਣਹਾਨੀ ਕੇਸ ਨਾਲ ਸਬੰਧਤ ਸਮੱਗਰੀ ਦੇ ਅਨੁਵਾਦ ਲਈ 10 ਲੱਖ ਰੁਪਏ ਅਦਾ ਕਰਨ ਦਾ ਨਿਰਦੇਸ਼ ਦਿੱਤਾ ਹੈ। ਧੋਨੀ ਨੇ 2013 ਦੇ ਆਈ ਪੀ ਐੱਲ ਸੱਟੇਬਾਜ਼ੀ ਘੁਟਾਲੇ ਨਾਲ ਕਥਿਤ ਤੌਰ 'ਤੇ ਉਸ ਦਾ ਨਾਮ ਜੋੜਨ 'ਤੇ ਸੇਵਾਮੁਕਤ ਅਧਿਕਾਰੀ ਖ਼ਿਲਾਫ਼ ਕੇਸ ਦਾਇਰ ਕਰ ਕੇ 100 ਕਰੋੜ ਰੁਪਏ ਹਰਜਾਨਾ ਮੰਗਿਆ ਸੀ। ਜਸਟਿਸ ਆਰ ਐੱਨ ਮੰਜੁਲਾ ਨੇ ਧੋਨੀ ਵੱਲੋਂ ਦਾਇਰ ਕੇਸ 'ਤੇ 11 ਫਰਵਰੀ ਨੂੰ ਹੋਰ ਅੰਤਰਿਮ ਹੁਕਮ ਪਾਸ ਕਰਦਿਆਂ ਇਹ ਨਿਰਦੇਸ਼ ਦਿੱਤਾ। ਨਿਰਦੇਸ਼ 'ਚ ਜੱਜ ਨੇ ਕਿਹਾ ਕਿ 28 ਅਕਤੂਬਰ 2025 ਦੇ ਹੁਕਮ ਮੁਤਾਬਕ ਇਸ ਅਦਾਲਤ ਦੇ ਅਨੁਵਾਦਕ ਨੇ ਇਸ ਮਾਮਲੇ ਨਾਲ ਜੁੜੀ ਸੀ ਡੀ ਦੀ ਸਮੱਗਰੀ ਅਨੁਵਾਦ ਕਰਨੀ ਸ਼ੁਰੂ ਕਰ ਦਿੱਤੀ ਹੈ। ਅਨੁਵਾਦਕ ਤੋਂ ਪਤਾ ਲੱਗਾ ਹੈ ਕਿ ਇਹ ਬਹੁਤ ਜ਼ਿਆਦਾ ਕੰਮ ਹੈ ਅਤੇ ਇਸ ਨੂੰ ਪੂਰਾ ਕਰਨ ਲਈ ਘੱਟੋ-ਘੱਟ ਇੱਕ ਹੋਰ ਅਨੁਵਾਦਕ ਅਤੇ ਟਾਇਪਿਸਟ ਨੂੰ ਲਗਪਗ ਤਿੰਨ-ਚਾਰ ਮਹੀਨੇ ਦਾ ਸਮਾਂ ਲੱਗੇਗਾ, ਇਸ ਕਰ ਕੇ ਇਸ ਕੰਮ ਦਾ ਖਰਚ 10 ਲੱਖ ਰੁਪਏ ਤੈਅ ਕੀਤਾ ਗਿਆ ਹੈ, ਜੋ ਮੁੱਦਈ (ਧੋਨੀ) ਨੇ ਅਦਾ ਕਰਨਾ ਸੀ।

## ਚੰਗੇ ਕੰਮ ਲਈ ਇਨਾਮ ਅਤੇ ਕੁਤਾਹੀ ਲਈ ਹੋਵੇਗੀ ਜਵਾਬਦੇਹੀ- ਮੁੱਖ ਮੰਤਰੀ ਮਾਨ

### ਸੀਨੀਅਰ ਪੁਲੀਸ ਲੀਡਰਸ਼ਿਪ ਨਾਲ ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤੀ ਮੀਟਿੰਗ

ਐਸ. ਕੇ. ਸਕਸੈਨਾ

ਚੰਡੀਗੜ੍ਹ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮੁੱਚੀ ਸੀਨੀਅਰ ਪੁਲੀਸ ਲੀਡਰਸ਼ਿਪ ਨੂੰ ਇਨਫੋਰਸਮੈਂਟ (ਲਾਗੂਕਰਨ) ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ਕਿ ਪੂਰੇ ਸੂਬੇ ਵਿੱਚ ਕਾਨੂੰਨ ਦਾ ਸ਼ਾਸਨ ਕਾਇਮ ਰਹੇ।

ਮੁੱਖ ਮੰਤਰੀ ਭਗਵੰਤ ਮਾਨ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਪੁਲੀਸ ਕਮਿਸ਼ਨਰਾਂ, ਇੰਸਪੈਕਟਰ ਜਨਰਲਾਂ, ਡਿਪਟੀ ਇੰਸਪੈਕਟਰ ਜਨਰਲਾਂ ਅਤੇ ਸੀਨੀਅਰ ਸੁਪਰਡੈਂਟਾਂ ਨਾਲ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ। ਮੁੱਖ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ 'ਨਸ਼ਿਆਂ ਵਿਰੁੱਧ ਯੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਪੰਜਾਬ ਸਰਕਾਰ ਦੀਆਂ ਸਭ ਤੋਂ ਪ੍ਰਮੁੱਖ ਤਰਜੀਹਾਂ ਹਨ ਅਤੇ ਇਨ੍ਹਾਂ ਦਾ ਅੰਤ ਨਸ਼ਿਆਂ ਦੀ ਲਾਹਨਤ ਅਤੇ ਗੈਂਗਸਟਰ ਨੈੱਟਵਰਕਾਂ ਦੇ ਜੜ੍ਹੋਂ ਮੁਕੰਮਲ ਸਫਾਏ ਨਾਲ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਆਮ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿੱਥੇ ਸਖ਼ਤ ਕਾਰਵਾਈ ਜਾਰੀ ਰਹੇਗੀ, ਉੱਥੇ ਹੀ ਪੰਜਾਬ ਦੀ ਜਵਾਨੀ ਦੀ ਲੰਬੇ ਸਮੇਂ ਦੀ ਸੁਰੱਖਿਆ, ਰੁਜ਼ਗਾਰ ਦੇ ਮੌਕੇ ਵਧਾਉਣ, ਸਿੱਖਿਆ ਨੂੰ ਮਜ਼ਬੂਤ ਕਰਨ ਅਤੇ ਕੈਰੀਅਰ ਕਾਉਂਸਲਿੰਗ ਨੂੰ ਵਧੀਆ ਬਣਾਉਣ 'ਤੇ ਵੀ ਨਿਰਭਰ ਕਰਦੀ ਹੈ। ਇਸ ਨਾਲ ਨੌਜਵਾਨਾਂ ਨੂੰ ਨਸ਼ਿਆਂ ਅਤੇ ਅਪਰਾਧ ਦੀ ਦਲਦਲ ਵਿੱਚ ਫਸਣ ਤੋਂ ਬਚਾਇਆ ਜਾ ਸਕਦਾ ਹੈ। ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ, "ਪੰਜਾਬ ਪੁਲੀਸ ਦਾ ਅਜਿਹੀਆਂ ਚੁਣੌਤੀਆਂ ਦਾ ਟਾਕਰਾ ਕਰਨ ਦਾ ਸ਼ਾਨਦਾਰ ਇਤਿਹਾਸ ਰਿਹਾ ਹੈ ਅਤੇ ਸਮੇਂ ਦੀ ਲੋੜ ਹੈ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਅਤੇ ਗੈਂਗਸਟਰਾਂ ਦਾ ਖਾਤਮਾ ਕਰਕੇ ਇਸ ਵਿਰਾਸਤ ਨੂੰ ਬਰਕਰਾਰ ਰੱਖਿਆ ਜਾਵੇ, ਜਿਸ ਵਿੱਚ ਤੁਹਾਡਾ ਸਭ ਦਾ ਅਹਿਮ ਰੋਲ ਹੈ। ਸੀਐੱਮ ਮਾਨ ਨੇ ਕਿਹਾ, "ਮੈਂ ਨਿੱਜੀ ਤੌਰ 'ਤੇ ਰੋਜ਼ਾਨਾ ਅਧਾਰ 'ਤੇ ਇਨ੍ਹਾਂ ਮੁਹਿੰਮਾਂ ਦੀ ਪ੍ਰਗਤੀ ਦੀ ਨਿਗਰਾਨੀ ਕਰਾਂਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸੂਬਾ ਨਸ਼ਿਆਂ ਅਤੇ ਗੈਂਗਸਟਰਾਂ ਤੋਂ ਮੁਕਤ ਹੋਵੇ।" ਉਨ੍ਹਾਂ ਅੱਗੇ ਕਿਹਾ, "ਹਰ ਅਧਿਕਾਰੀ ਅਤੇ ਕਰਮਚਾਰੀ ਦਾ ਕੰਮ ਨਿਗਰਾਨੀ ਹੇਠ ਹੈ ਅਤੇ ਉਨ੍ਹਾਂ ਨੂੰ ਚੰਗੇ ਕੰਮ ਲਈ ਬਣਦਾ ਇਨਾਮ ਦਿੱਤਾ ਜਾਵੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਲਈ ਜਵਾਬਦੇਹ ਠਹਿਰਾਇਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ, "ਪੰਜਾਬ ਪੁਲੀਸ ਨੂੰ ਆਧੁਨਿਕ ਤਕਨੀਕ ਨਾਲ ਲੈਸ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।" ਉਨ੍ਹਾਂ ਇਹ ਵੀ ਕਿਹਾ ਕਿ ਵਿਭਾਗ ਦੀਆਂ ਲੋੜਾਂ ਅਨੁਸਾਰ ਮਨੁੱਖੀ ਸਰੋਤਾਂ, ਗੱਡੀਆਂ ਦੇ ਫਲੀਟ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਅਪਗਰੇਡ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਸਿਵਲ ਅਤੇ ਪੁਲੀਸ ਪ੍ਰਸ਼ਾਸਨ ਨੂੰ ਦੁਰਵਰਤੋਂ ਰੋਕਣ ਲਈ ਸੂਬੇ ਭਰ ਵਿੱਚ ਅਸਲਾ ਲਾਇਸੈਂਸਾਂ ਦੀ ਸਮੀਖਿਆ ਕਰਨ ਲਈ ਇੱਕ ਵਿਸ਼ਾਲ ਮੁਹਿੰਮ ਸ਼ੁਰੂ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ, "ਜੇਕਰ ਕੋਈ ਅਸਲਾ ਲਾਇਸੈਂਸ ਕਿਸੇ ਅਪਰਾਧ ਲਈ ਵਰਤਿਆ ਜਾਂਦਾ ਹੈ, ਤਾਂ ਜ਼ਿਲ੍ਹਾ ਅਧਿਕਾਰੀਆਂ ਨੂੰ ਤੁਰੰਤ ਉਹ ਲਾਇਸੈਂਸ ਰੱਦ ਕਰਨਾ ਚਾਹੀਦਾ ਹੈ। ਨਸ਼ਿਆਂ ਦੇ ਹੌਟਸਪੌਟ ਇਲਾਕਿਆਂ ਅਤੇ ਕਮਜ਼ੋਰ ਵਰਗਾਂ ਵਿੱਚ ਸਕੂਲ ਛੱਡਣ ਦੀ ਦਰ ਨੂੰ ਰੋਕਣ ਦੀ ਬਾਰੇ ਉਨ੍ਹਾਂ ਕਿਹਾ, "ਸਿੱਖਿਆ ਵਿਭਾਗ ਨੂੰ ਇਸ ਦੇ ਸੁਧਾਰ ਲਈ ਉਪਾਅ ਕਰਨ ਅਤੇ ਇਸ ਦੀ ਜਾਂਚ ਕਰਨ ਲਈ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। "ਮੁੱਖ ਮੰਤਰੀ ਮਾਨ ਨੇ ਇਹ ਵੀ ਕਿਹਾ, "ਇਨ੍ਹਾਂ ਸੰਵੇਦਨਸ਼ੀਲ ਖੇਤਰਾਂ ਅਤੇ ਹੌਟਸਪੌਟਸ ਵਿੱਚ ਇੱਕ ਵਿਸ਼ਾਲ ਕੈਰੀਅਰ ਕਾਉਂਸਲਿੰਗ ਪ੍ਰੋਗਰਾਮ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ।"ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।



ਸੀਐੱਮ ਨੇ ਕਿਹਾ, 'ਨਸ਼ਿਆਂ ਵਿਰੁੱਧ ਯੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਪੰਜਾਬ ਸਰਕਾਰ ਦੀਆਂ ਹਨ ਸਭ ਤੋਂ ਪ੍ਰਮੁੱਖ ਤਰਜੀਹਾਂ

## ਮੁੜ ਪਾਕਿਸਤਾਨੀ ਪਤੀ ਦੇ ਘਰ ਪਹੁੰਚੀ ਸਰਬਜੀਤ ਕੌਰ ਉਰ.ਫ ਨੂਰ ਹੁਸੈਨ

### ਨਹੀਂ ਆਵੇਗੀ ਭਾਰਤ ਵਾਪਸ !

ਪੰਕਜ



ਚੰਡੀਗੜ੍ਹ, ਭਾਰਤ ਸਿੱਖ ਜਥੇ ਨਾਲ ਪਾਕਿਸਤਾਨ ਜਾ ਕੇ ਵਿਆਹ ਕਰਵਾਉਣ ਵਾਲੀ ਸਰਬਜੀਤ ਕੌਰ ਉਰਫ਼ ਨੂਰ ਫਾਤਿਮਾ ਹੁਸੈਨ ਬੀਤੇ ਦਿਨ ਆਪਣੇ ਪਾਕਿਸਤਾਨੀ ਪਤੀ ਨਾਸਿਰ ਹੁਸੈਨ ਦੇ ਘਰ ਪਹੁੰਚ ਗਈ ਹੈ। ਹਾਲਾਂਕਿ ਪਿਛਲੇ ਕੁੱਝ ਸਮੇਂ ਤੋਂ ਸਰਬਜੀਤ ਕੌਰ ਦੇ ਭਾਰਤ ਵਾਪਸ ਆਉਣ ਦੇ ਕਿਆਸ ਲਾਏ ਜਾ ਰਹੇ ਸਨ। ਪਾਕਿਸਤਾਨ ਦੇ ਮਹਿਲਾ ਸ਼ੈਲਟਰ ਹੋਮ ਤੋਂ ਰਿਹਾਈ ਤੋਂ ਬਾਅਦ ਸਾਹਮਣੇ ਆਈਆਂ ਵੀਡੀਓਜ਼ ਵਿੱਚ ਉਸ ਦੀ ਖੁਸ਼ੀ ਵੱਖਰੀ ਹੀ ਦਿਖਾਈ ਦੇ ਰਹੀ ਸੀ। ਉਸਨੇ ਪਾਕਿਸਤਾਨੀ ਮੀਡੀਆ ਨਾਲ ਗੱਲਬਾਤ ਕਰਦਿਆਂ ਆਪਣੀਆਂ ਭਾਵਨਾਵਾਂ ਸਾਂਝੀਆਂ ਕੀਤੀਆਂ। ਇਸ ਦੌਰਾਨ ਉਸਦੇ ਨਾਲ ਉਸਦਾ ਪਤੀ ਨਾਸਿਰ ਹੁਸੈਨ ਵੀ ਮੌਜੂਦ ਸੀ, ਜਿਸ ਨੇ ਕਿਹਾ ਕਿ ਉਹ ਬਹੁਤ ਖ਼ੁਸ਼ ਹਨ। ਪਾਕਿਸਤਾਨੀ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਬਜੀਤ ਕੌਰ ਉਰਫ਼ ਨੂਰ ਫਾਤਿਮਾ ਨੇ ਕਿਹਾ ਕਿ ਜੇ ਸੱਚਾ ਪਿਆਰ ਹੋਵੇ ਤਾਂ ਦਿਲ ਵਿੱਚ ਇਹ ਅਹਿਸਾਸ ਰਹਿੰਦਾ ਹੈ ਕਿ ਅਸੀਂ ਇਕ-ਦੂਜੇ ਨੂੰ ਜ਼ਰੂਰ ਮਿਲਾਂਗੇ। ਉਸ ਨੇ ਕਿਹਾ ਕਿ ਉਹਨਾਂ ਦਾ ਪਿਆਰ ਅੱਜ ਦਾ ਨਹੀਂ, ਸਗੋਂ ਪਿਛਲੇ ਅੱਠ ਸਾਲਾਂ ਤੋਂ ਕਾਇਮ ਹੈ। ਉਸ ਨੇ ਕਿਹਾ, "ਜੇ ਉਸ ਦੇ ਮੂੰਹ ਵਿੱਚ ਦੰਦ ਵੀ ਨਾ ਰਹਿੰਦੇ, ਤਾਂ ਵੀ ਉਹ ਪਾਕਿਸਤਾਨ ਜ਼ਰੂਰ ਆਉਂਦੀ।" ਸਰਬਜੀਤ ਕੌਰ ਉਰਫ਼ ਨੂਰ ਹੁਸੈਨ ਨੇ ਕਿਹਾ ਕਿ ਹੁਣ ਉਹ ਆਪਣੀ ਬਾਕੀ ਜ਼ਿੰਦਗੀ ਪਾਕਿਸਤਾਨ ਵਿੱਚ ਖੁਸ਼ੀ-ਖੁਸ਼ੀ ਬਿਤਾਉਣੀ ਚਾਹੁੰਦੀ ਹੈ। ਇਸ ਤੋਂ ਸਾਫ਼ ਜ਼ਾਹਿਰ ਹੈ ਕਿ ਹੁਣ ਸਰਬਜੀਤ ਕੌਰ ਉਰਫ਼ ਨੂਰ ਹੁਸੈਨ ਭਾਰਤ ਵਾਪਸ ਨਹੀਂ ਆਵੇਗੀ। ਹਾਲਾਂਕਿ ਕੁੱਝ ਸਮਾਂ ਪਹਿਲਾਂ ਇੱਕ ਵੀਡੀਓ ਵਾਇਰਲ ਹੋਈ ਸੀ ਜਿਸ ਵਿੱਚ ਕਥਿਤ ਤੌਰ 'ਤੇ ਉਕਤ ਮਹਿਲਾ ਆਪਣੇ ਭਾਰਤੀ ਪਤੀ ਨਾਲ ਗੱਲ ਕਰਦਿਆਂ ਭਾਰਤ ਆਉਣ ਲਈ ਅਪੀਲ ਕਰ ਰਹੀ ਸੀ। ਇਸ ਤੋਂ ਪਹਿਲਾਂ ਰਿਪੋਰਟਾਂ ਵਿੱਚ ਕਿਹਾ ਜਾ ਰਿਹਾ ਸੀ ਕਿ ਸਰਬਜੀਤ ਕੌਰ ਨੂੰ ਭਾਰਤ ਡਿਪੋਰਟ ਕੀਤਾ ਜਾ ਸਕਦਾ ਹੈ ਪਰ ਅਖੀਰ ਉਸ ਨੂੰ ਪਾਕਿਸਤਾਨੀ ਪਤੀ ਦੇ ਘਰ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ। ਇੱਥੇ ਦੱਸਣਾ ਬਣਦਾ ਹੈ ਕਪੂਰਥਲਾ ਦੀ ਰਹਿਣ ਵਾਲੀ 52 ਸਾਲਾ ਸਰਬਜੀਤ ਨਵੰਬਰ 2025 ਵਿੱਚ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਮੌਕੇ 1,900 ਤੋਂ ਵੱਧ ਸਿੱਖ ਸ਼ਰਧਾਲੂਆਂ ਨਾਲ ਵਾਹਗਾ-ਅਟਾਰੀ ਸਰਹੱਦ ਪਾਰ ਕਰਕੇ ਪਾਕਿਸਤਾਨ ਗਈ ਸੀ। ਇਹ ਜਥਾ 10 ਦਿਨਾਂ ਦੇ ਦੌਰੇ ਮਗਰੋਂ 13 ਨਵੰਬਰ ਨੂੰ ਭਾਰਤ ਪਰਤਿਆ ਸੀ, ਪਰ ਸਰਬਜੀਤ ਕੌਰ ਉਨ੍ਹਾਂ ਦੇ ਨਾਲ ਵਾਪਸ ਨਹੀਂ ਆਈ ਸੀ।

## ਪ੍ਰੀਖਿਆਵਾਂ 'ਚ ਨਕਲ ਰੋਕਣ ਲਈ ਤਕਨੀਕ ਦਾ ਸਹਾਰਾ ਲਵੇਗਾ ਸਿੱਖਿਆ ਬੋਰਡ

ਮਨਦੀਪ ਕੌਰ

**ਐਪ ਰਾਹੀਂ ਪ੍ਰਸ਼ਨ ਪੱਤਰਾਂ ਦੀ ਨਿਗਰਾਨੀ ਕੀਤੀ ਜਾਵੇਗੀ**

ਚੰਡੀਗੜ੍ਹ, ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 17 ਫਰਵਰੀ ਤੋਂ ਆਰੰਭ ਹੋਣ ਵਾਲੀਆਂ ਅੱਠਵੀ ਅਤੇ ਬਾਰ੍ਹਵੀਂ ਅਤੇ 6 ਮਾਰਚ ਤੋਂ ਆਰੰਭ ਹੋਣ ਵਾਲੀਆਂ ਦਸਵੀਂ ਦੀਆਂ ਪ੍ਰੀਖਿਆਵਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਨਕਲ ਰਹਿਤ ਕਰਵਾਉਣ ਲਈ ਢੁਕਵੇਂ ਕਦਮ ਚੁੱਕੇ ਗਏ ਹਨ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਇਸ ਸਾਲ ਬੋਰਡ ਵੱਲੋਂ ਮੈਟਕ ਐਪ ਰਾਹੀਂ ਆਧੁਨਿਕ ਡਿਜੀਟਲ ਟਰੈਕਿੰਗ ਪ੍ਰਣਾਲੀ ਲਾਗੂ ਕੀਤੀ ਗਈ ਹੈ। ਇਸ ਐਪ ਨਾਲ ਪ੍ਰਸ਼ਨ ਪੱਤਰਾਂ ਨੂੰ ਬੋਰਡ ਦੇ ਮੁੱਖ ਦਫ਼ਤਰ ਤੋਂ ਪ੍ਰੀਖਿਆ ਕੇਂਦਰਾਂ ਤੱਕ ਪਹੁੰਚਾਉਣ ਤੱਕ ਨਿਗਰਾਨੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪ੍ਰੀਖਿਆਵਾਂ ਸੁਚਾਰੂ ਢੰਗ ਨਾਲ ਕਰਵਾਉਣ ਲਈ ਮੁੱਖ ਦਫ਼ਤਰ ਵਿੱਚ ਸ਼ਿਕਾਇਤਾਂ ਦੇ ਨਿਬੇੜੇ ਲਈ ਕੰਟਰੋਲ ਰੂਮ ਵੀ ਸਥਾਪਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦੀ ਸਹੂਲਤ ਲਈ ਰੋਲ ਨੰਬਰ ਪਰਚੀਆਂ 'ਤੇ ਪ੍ਰੀਖਿਆ ਕੇਂਦਰਾਂ ਦਾ ਸਪੱਸ਼ਟ ਨਕਸ਼ਾ ਦਰਸਾਇਆ ਗਿਆ ਹੈ ਤਾਂ ਜੋ ਉਮੀਦਵਾਰ ਪਹਿਲਾਂ ਹੀ ਆਪਣੇ ਕੇਂਦਰਾਂ ਦੀ ਪਛਾਣ ਕਰ ਸਕਣ। ਨਕਲ ਰੋਕਣ ਅਤੇ ਨਿਰਪੱਖ ਮਾਹੌਲ ਯਕੀਨੀ ਬਣਾਉਣ ਲਈ ਪੰਜਾਬ ਭਰ ਵਿੱਚ 300 ਤੋਂ ਵੱਧ ਉੱਡਣ ਦਸਤੇ (ਫਲਾਈਂਗ ਸੁਕੈਅਡ) ਕਾਇਮ ਕੀਤੇ ਗਏ ਹਨ। ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਨਿਰਪੱਖ ਮੁਲਾਂਕਣ ਲਈ ਇਸ ਸਾਲ ਪਹਿਲੀ ਵਾਰ ਪ੍ਰੈਕਟੀਕਲ ਪ੍ਰੀਖਿਆਵਾਂ ਬਾਹਰੀ ਪ੍ਰੀਖਿਅਕਾਂ ਰਾਹੀਂ ਕਰਵਾਈਆਂ ਜਾ ਰਹੀਆਂ ਹਨ।



## ਕਿਸਾਨ ਗੱਲਬਾਤ ਦਾ ਰਾਹ ਚੁਣਨ : ਜਾਖੜ

### ਭਾਜਪਾ ਦੇ ਸੂਬਾ ਪ੍ਰਧਾਨ ਨੇ ਕਿਸਾਨਾਂ ਨਾਲ ਕੀਤੀ ਮੁਲਕਾਤ

ਕੈਪਟਨ ਸੁਭਾਸ਼ ਚੰਦਰ



ਚੰਡੀਗੜ੍ਹ, ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਸਾਨ ਸੰਗਠਨਾਂ ਨੂੰ ਕਿਹਾ ਹੈ ਕਿ ਜੇਕਰ ਭਾਰਤ-ਅਮਰੀਕਾ ਵਪਾਰ ਸਮਝੌਤੇ 'ਚ ਉਨ੍ਹਾਂ ਨੂੰ ਕੋਈ ਕਮੀ ਦਿਖਾਈ ਦਿੰਦੀ ਹੈ ਤਾਂ ਉਸ ਲਈ ਉਹ ਗੱਲਬਾਤ ਦਾ ਰਾਹ ਚੁਣਨ, ਅੰਦੋਲਨ ਨਹੀਂ। ਉਨ੍ਹਾਂ ਨੇ ਇਹ ਗੱਲ ਖਰੜ ਵਿੱਚ ਕਿਸਾਨਾਂ ਨਾਲ ਵਿਸ਼ੇਸ਼ ਮੀਟਿੰਗ ਮਗਰੋਂ ਆਖੀ। ਉਨ੍ਹਾਂ ਦਾਅਵਾ ਕੀਤਾ ਕਿ ਇਹ ਸਮਝੌਤਾ ਕਿਸਾਨਾਂ ਅਤੇ ਖਾਸਕਰ ਪੰਜਾਬ ਦੇ ਕਿਸਾਨਾਂ 'ਤੇ ਕੋਈ ਵੀ ਮਾੜਾ ਅਸਰ ਨਹੀਂ ਪਾਵੇਗਾ। ਇਸ ਨਾਲ ਪੰਜਾਬ ਦੇ ਉਦਯੋਗ ਅਤੇ ਵਣਜ ਨੂੰ ਲਾਭ ਹੋਵੇਗਾ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਪੰਜਾਬ 'ਚ ਪੈਦਾ ਹੁੰਦੀਆਂ ਫ਼ਸਲਾਂ ਜਿਵੇਂ ਕਣਕ, ਝੋਨਾ, ਮੱਕੀ, ਗੰਨਾ ਆਦਿ ਨੂੰ ਸਮਝੌਤੇ ਤੋਂ ਬਾਹਰ ਰੱਖਿਆ ਗਿਆ ਹੈ, ਜਿਸ ਕਰਕੇ ਇਨ੍ਹਾਂ ਦੇ ਕਾਸ਼ਤਕਾਰ ਪ੍ਰਭਾਵਿਤ ਨਹੀਂ ਹੋਣਗੇ। ਸ੍ਰੀ ਜਾਖੜ ਨੇ ਕਿਹਾ, "ਅੱਜ ਹਰੇਕ ਕਿਸਾਨ ਮੰਨਦਾ ਹੈ ਕਿ ਖੇਤੀਬਾੜੀ ਲਾਹੇਵੰਦ ਧੰਦਾ ਨਹੀਂ ਰਿਹਾ। ਇਸ ਨਾਲ ਪਰਿਵਾਰ ਦਾ ਗੁਜ਼ਾਰਾ ਤਾਂ ਹੋ ਰਿਹਾ ਹੈ ਪਰ ਬੱਚਿਆਂ ਦੇ ਚਾਅ ਪੁਗਾਉਣ ਜੋਗੀ ਆਮਦਨ ਨਹੀਂ ਹੋ ਰਹੀ। ਹਰ ਪਰਿਵਾਰ ਚਾਹੁੰਦਾ ਹੈ ਕਿ ਉਸ ਦੇ ਬੱਚੇ ਨੂੰ ਖੇਤੀ ਤੋਂ ਬਿਨਾਂ ਕੋਈ ਹੋਰ ਕੰਮ ਮਿਲੇ, ਪਰ ਇਹ ਸਭ ਕੁਝ ਨਵੇਂ ਉਦਯੋਗ ਲੱਗਣ ਤੇ ਵਪਾਰ ਵਧਣ ਨਾਲ ਹੀ ਸੰਭਵ ਹੈ।

## ਟਰੇਡ ਯੂਨੀਅਨਾਂ ਦੇ ਸੱਦੇ 'ਤੇ ਪੰਜਾਬ 'ਚ ਗੂੰਜੇ ਨਾਅਰੇ

### ਮੁਲਾਜ਼ਮਾਂ, ਕਿਸਾਨਾਂ, ਮਜ਼ਦੂਰਾਂ ਸਣੇ ਵੱਖ-ਵੱਖ ਵਰਗਾਂ ਵੱਲੋਂ ਰੋਸ ਮੁਜ਼ਾਹਰੇ

ਰਮਨ ਕੁਮਾਰ



ਚੰਡੀਗੜ੍ਹ, ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ ਅੱਜ ਕੀਤੀ ਦੇਸ਼ਿਵਆਪੀ ਹੜਤਾਲ ਦੀ ਗੂੰਜ ਪੰਜਾਬ ਵਿੱਚ ਵੀ ਸੁਣਾਈ ਦਿੱਤੀ। ਪੰਜਾਬ ਦੀਆਂ ਸਮੂਹ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ ਜਥੇਬੰਦੀਆਂ ਅਤੇ ਜਮਹੂਰੀਅਤ ਪਸੰਦ ਲੋਕਾਂ ਨਾਲ ਸਬੰਧਤ ਜਥੇਬੰਦੀਆਂ ਕੇਂਦਰੀ ਟਰੇਡ ਯੂਨੀਅਨਾਂ ਦੀ ਹਮਾਇਤ ਵਿੱਚ ਨਿੱਤਰ ਆਈਆਂ। ਉਨ੍ਹਾਂ ਅੱਜ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਰੋਸ ਮੁਜ਼ਾਹਰੇ ਕੀਤੇ। ਪੰਜਾਬ ਵਿੱਚ ਕੱਚੇ ਕਾਮਿਆਂ ਦੇ ਹੜਤਾਲ 'ਤੇ ਜਾਣ ਨਾਲ ਬਿਜਲੀ, ਬੈਂਕਿੰਗ, ਬੀਮਾ, ਟਰਾਂਸਪੋਰਟ, ਸਿਹਤ, ਆਂਗਣਵਾੜੀ, ਮਿੱਡ-ਡੇਅ ਮੀਲ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਅਸਰਅੰਦਾਜ਼ ਹੋਈਆਂ। ਜਥੇਬੰਦੀਆਂ ਨੇ ਸਾਂਝੇ ਰੂਪ ਵਿੱਚ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਚਾਰ ਲੇਬਰ ਕੋਡ, ਬਿਜਲੀ ਬਿੱਲ, ਬੀਜ ਬਿੱਲ ਨੂੰ ਰੱਦ ਕਰਨ ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਵਿੱਚੋਂ ਖੇਤੀ ਖੇਤਰ ਨੂੰ ਬਾਹਰ ਰੱਖਣ ਦੀ ਮੰਗ ਕੀਤੀ। ਮਗਨਰੇਗਾ ਨੂੰ ਰੱਦ ਕਰ ਕੇ ਲਿਆਂਦੇ 'ਵਿਕਸਤ ਭਾਰਤ-ਜੀ ਰਾਮ ਜੀ' ਕਾਨੂੰਨ ਦਾ ਵਿਰੋਧ ਕੀਤਾ। ਟਰੇਡ ਯੂਨੀਅਨਾਂ ਦੀ ਹਮਾਇਤ ਵਿੱਚ ਸੰਯੁਕਤ ਕਿਸਾਨ ਮੋਰਚਾ, ਇਫਟੂ, ਡੀ ਐੱਮ ਐੱਫ, ਡੀ ਟੀ ਐੱਫ਼ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਵੀ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਰੋਸ ਮੁਜ਼ਾਹਰੇ ਕੀਤੇ ਗਏ। ਇਸ ਦੌਰਾਨ ਸੰਯੁਕਤ ਕਿਸਾਨ ਮੋਰਚਾ ਵੱਲੋਂ ਸੂਬੇ ਭਰ ਵਿੱਚ ਜ਼ਿਲ੍ਹਾ ਅਤੇ ਤਹਿਸੀਲ ਪੱਧਰ 'ਤੇ ਸੈਂਕੜੇ ਥਾਵਾਂ 'ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਖ਼ਿਲਾਫ਼ ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਸਾੜੇ ਗਏ। ਇਸ ਮੌਕੇ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਨਿਰਭੈ ਸਿੰਘ ਢੁੱਡੀਕੇ, ਮਨਜੀਤ ਸਿੰਘ ਧਨੇਰ, ਡਾ. ਦਰਸ਼ਨ ਪਾਲ, ਹਰਿੰਦਰ ਸਿੰਘ ਲੱਖੋਵਾਲ, ਰੁਲਦੂ ਸਿੰਘ ਮਾਨਸਾ ਤੇ ਬੂਟਾ ਸਿੰਘ ਬੁਰਜ ਗਿੱਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਅਮਰੀਕੀ ਵਸਤਾਂ 'ਤੇ ਸਿਫ਼ਰ ਦਰਾਮਦ ਟੈਕਸ ਨੂੰ ਮਨਜ਼ੂਰੀ ਦੇ ਕੇ ਅਮਰੀਕੀ ਸਾਮਰਾਜਵਾਦ ਅੱਗੇ ਗੋਡੇ ਟੇਕ ਦਿੱਤੇ ਹਨ। ਆਗੂਆਂ ਨੇ ਕਿਹਾ ਕਿ ਅਮਰੀਕਾ ਦੇ ਭਾਰੀ ਸਬਸਿਡੀ ਵਾਲੇ ਖੇਤੀ ਉਤਪਾਦਾਂ ਨਾਲ ਭਾਰਤੀ ਬਾਜ਼ਾਰ ਭਰਨ ਵਾਲਾ ਹੈ, ਜੋ ਕਿ ਦੇਸ਼ ਦੇ ਕਿਸਾਨ ਵਰਗ ਨੂੰ ਤਬਾਹ ਕਰ ਦੇਵੇਗਾ। ਇਸ ਨਾਲ ਤਾਜ਼ੇ ਫਲ, ਡੱਬਾ ਬੰਦ ਫਲ, ਮੁਰੱਬੇ, ਮੇਵੇ, ਸੋਇਆਬੀਨ ਦਾ ਤੇਲ ਅਤੇ ਮੱਕੀ ਤੋਂ ਬਣਿਆ ਪਸ਼ੂਆਂ ਦੀ ਫੀਡ ਵਾਲਾ ਪਦਾਰਥ ਭਾਰਤ ਵਿੱਚ ਭੇਜਣ ਨੂੰ ਖੁੱਲ੍ਹੀ ਛੁੱਟੀ ਦੇ ਦਿੱਤੀ ਹੈ।

## ਕੈਪਟਨ ਅਮਰਿੰਦਰ ਨੂੰ ਤਲਬ ਕਰਨ ਵਾਲੇ ਈ ਡੀ ਅਧਿਕਾਰੀ ਦਾ ਤਬਾਦਲਾ

### ਤਿਵਾੜੀ ਦੀ ਥਾਂ ਹੁਣ ਵਧੀਕ ਨਿਰਦੇਸ਼ਕ ਵਜੋਂ ਦਿਨੇਸ਼ ਪਚੌਰੀ ਦੀ ਤਾਇਨਾਤੀ ਕੀਤੀ

ਐਸ. ਕੇ. ਸਕਸੈਨਾ



ਚੰਡੀਗੜ੍ਹ, ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਰਣਇੰਦਰ ਸਿੰਘ ਨੂੰ ਤਲਬ ਕਰਨ ਵਾਲੇ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੇ ਵਧੀਕ ਨਿਰਦੇਸ਼ਕ ਰਵੀ ਤਿਵਾੜੀ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਤਿਵਾੜੀ ਦੀ ਥਾਂ ਹੁਣ ਵਧੀਕ ਨਿਰਦੇਸ਼ਕ ਵਜੋਂ ਦਿਨੇਸ਼ ਪਚੌਰੀ ਦੀ ਤਾਇਨਾਤੀ ਕੀਤੀ ਗਈ ਹੈ। ਉੱਚ ਅਧਿਕਾਰੀ ਇਸ ਨੂੰ ਰੁਟੀਨ ਦਾ ਤਬਾਦਲਾ ਦੱਸਿਆ ਹੈ ਪ੍ਰੰਤੂ ਕੈਪਟਨ ਪਰਿਵਾਰ ਦੀ ਤਲਬੀ ਮੌਕੇ ਇਹ ਤਬਾਦਲਾ ਕਈ ਤਰ੍ਹਾਂ ਦੇ ਸ਼ੰਕੇ ਜ਼ਾਹਿਰ ਕਰਦਾ ਹੈ। ਐਨਫੋਰਸਮੈਂਟ ਡਾਇਰੈਕਟੋਰੇਟ ਤਰਫ਼ੋਂ ਕੈਪਟਨ ਅਮਰਿੰਦਰ ਸਿੰਘ ਅਤੇ ਰਣਇੰਦਰ ਸਿੰਘ ਨੂੰ ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ ਦੀ ਕਥਿਤ ਉਲੰਘਣਾ ਦੇ ਮਾਮਲੇ 'ਚ ਸੰਮਨ ਕੀਤਾ ਗਿਆ ਸੀ ਪ੍ਰੰਤੂ ਦੋਵੇਂ ਪਿਤਾ ਪੁੱਤਰ ਈ ਡੀ ਕੋਲ ਪੇਸ਼ ਹੋਣ 'ਚ ਅਸਫਲ ਰਹੇ। ਕੈਪਟਨ ਅਮਰਿੰਦਰ ਸਿੰਘ ਇਸ ਵੇਲੇ ਹਸਪਤਾਲ 'ਚ ਹਨ ਜਿਨ੍ਹਾਂ ਦੇ ਗੋਡਿਆਂ ਦਾ ਇਲਾਜ ਚੱਲ ਰਿਹਾ ਹੈ। ਇਸੇ ਦੌਰਾਨ ਈ ਡੀ ਅਧਿਕਾਰੀ ਤਿਵਾੜੀ ਦਾ ਤਬਾਦਲਾ ਹੋਇਆ ਹੈ ਜੋ ਸਤੰਬਰ 2023 'ਚ ਜਲੰਧਰ ਵਿਖੇ ਤਾਇਨਾਤ ਹੋਏ ਸਨ। ਈ ਡੀ ਇੱਕ ਪੁਰਾਣੇ ਮਾਮਲੇ ਦੀ ਜਾਂਚ ਕਰ ਰਹੀ ਹੈ ਜੋ ਰਣਇੰਦਰ ਸਿੰਘ ਨਾਲ ਜੁੜੀ ਹੋਈ ਹੈ। ਈ ਡੀ ਪਹਿਲਾਂ ਵੀ ਰਣਇੰਦਰ ਸਿੰਘ ਤੋਂ ਸਵਿਟਜ਼ਰਲੈਂਡ ਵਿੱਚ ਫ਼ੰਡਾਂ ਦੀ ਕਥਿਤ ਹੇਰਾਫੇਰੀ ਅਤੇ 'ਜੈਕਾਰੰਡਾ ਟਰੱਸਟ' ਦੇ ਗਠਨ ਨੂੰ ਲੈ ਕੇ ਪੁੱਛਗਿੱਛ ਕਰ ਚੁੱਕੀ ਹੈ।

### ਕੀ ਹੈ ਪੂਰਾ ਮਾਮਲਾ

ਕੈਪਟਨ ਅਮਰਿੰਦਰ ਦੇ ਪੁੱਤਰ ਰਣਇੰਦਰ ਸਿੰਘ ਨੂੰ ਪਹਿਲੀ ਵਾਰ ਜੁਲਾਈ 2016 ਵਿੱਚ ਈ ਡੀ ਵੱਲੋਂ ਤਲਬ ਕੀਤਾ ਗਿਆ ਸੀ। ਉਨ੍ਹਾਂ ਤੋਂ ਸਵਿਟਜ਼ਰਲੈਂਡ ਵਿੱਚ ਫੰਡਾਂ ਦੀ ਕਥਿਤ ਮੂਵਮੈਂਟ ਅਤੇ 'ਜੈਕਾਰੰਡਾ ਟਰਸਟ' ਬਣਾਉਣ ਬਾਰੇ ਪੁੱਛਗਿੱਛ ਕੀਤੀ ਗਈ ਸੀ। ਉਹ ਦੁਬਾਰਾ ਨਵੰਬਰ 2020 ਵਿੱਚ ਈ ਡੀ ਸਾਹਮਣੇ ਪੇਸ਼ ਹੋਏ ਸਨ। ਉਨ੍ਹਾਂ ਦੇ ਖ਼ਿਲਾਫ਼ ਈ ਡੀ ਦੀ ਜਾਂਚ ਕਥਿਤ ਤੌਰ 'ਤੇ ਇਨਕਮ ਟੈਕਸ ਵਿਭਾਗ ਦੇ ਉਨ੍ਹਾਂ ਨਤੀਜਿਆਂ ਨਾਲ ਜੁੜੀ ਹੋਈ ਸੀ ਕਿ ਉਨ੍ਹਾਂ ਦੁਆਰਾ ਵਿਦੇਸ਼ਾਂ ਵਿੱਚ ਹਾਸਲ ਕੀਤੀਆਂ ਕੁਝ ਜਾਇਦਾਦਾਂ ਦਾ ਖੁਲਾਸਾ ਨਹੀਂ ਕੀਤਾ ਗਿਆ ਸੀ। ਈਡੀ ਦੇ ਸੂਤਰਾਂ ਨੇ ਦੱਸਿਆ ਕਿ ਕੈਪਟਨ ਅਮਰਿੰਦਰ ਨੂੰ ਭੇਜਿਆ ਸੰਮਨ ਵੀ ਇਸੇ ਸਬੰਧ ਵਿੱਚ ਸੀ। ਰਣਇੰਦਰ ਨੇ 11 ਫਰਵਰੀ ਦੀ ਸ਼ਾਮ ਨੂੰ ਐਕਸ ('ਤੇ ਲਿਖਿਆ ਸੀ, ਕਾਨੂੰਨ ਦੀ ਪਾਲਣਾ ਕਰਨ ਵਾਲੇ ਨਾਗਰਿਕਾਂ ਵਜੋਂ, ਅਸੀਂ ਹਰ ਜਾਂਚ ਏਜੰਸੀ ਨਾਲ ਪੂਰਾ ਸਹਿਯੋਗ ਕਰਾਂਗੇ। ਸਾਨੂੰ ਕਾਨੂੰਨ ਦੇ ਰਾਜ ਵਿੱਚ ਪੂਰਾ ਵਿਸ਼ਵਾਸ ਹੈ ਅਤੇ ਭਰੋਸਾ ਹੈ ਕਿ ਸੱਚ ਅਤੇ ਇਨਸਾਫ਼ ਦੀ ਜਿੱਤ ਹੋਵੇਗੀ।

## ਸੰਪਾਦਕੀ

# ਅਨੁਸ਼ਾਸ਼ਨ ਤੇ ਜਵਾਬਦੇਹੀ



ਭਾਰਤ ਅੱਜ ਵਿਸ਼ਵ ਪੱਧਰ ’ਤੇ ਇੱਕ ਨਿਰਣਾਇਕ ਮੋੜ ’ਤੇ ਖੜ੍ਹਾ ਹੈ। ਵਿਕਸਤ ਭਾਰਤ ਪ੍ਰਧਾਨ ਮੰਤਰੀ ਤੋਂ ਲੈ ਕੇ ਕੇਂਦਰੀ ਅਤੇ ਰਾਜ ਪੱਧਰ ’ਤੇ ਹਰ ਮੰਤਰੀ ਦੇ ਭਾਸ਼ਣਾਂ ਵਿੱਚ ਇੱਕ ਕੇਂਦਰੀ ਮਤੇ ਵਜੋਂ ਉਭਰਦਾ ਹੈ। ਇਸ ਮਤੇ ਦੇ ਚਾਰ ਮੁੱਖ ਥੰਮ੍ਹ - ਤਕਨੀਕੀ ਨਵੀਨਤਾ, ਆਰਥਿਕ ਵਿਕਾਸ, ਸਮਾਜਿਕ ਸਮਾਵੇਸ਼ ਅਤੇ ਸੁਸ਼ਾਸਨ - ਨੂੰ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ ਵਾਲੇ ਕਾਰਕ ਮੰਨਿਆ ਜਾਂਦਾ ਹੈ। ਇਹਨਾਂ ਵਿੱਚੋਂ, ਚੰਗਾ ਸ਼ਾਸਨ ਉਹ ਨੀਂਹ ਹੈ ਜਿਸ ’ਤੇ ਬਾਕੀ ਸਾਰੇ ਥੰਮ੍ਹ ਟਿਕੇ ਹੋਏ ਹਨ। ਹਾਲਾਂਕਿ, ਜ਼ਮੀਨੀ ਹਕੀਕਤ ਇਹ ਹੈ ਕਿ ਅਨੁਸ਼ਾਸਨਹੀਣਤਾ, ਇੱਕ ਕਮਜ਼ੋਰ ਦੰਡ ਪ੍ਰਣਾਲੀ, ਅਤੇ ਸਰਕਾਰੀ ਅਤੇ ਨਿਆਂਇਕ ਦਫਤਰਾਂ ਵਿੱਚ ਕੰਮ ਸੱਭਿਆਚਾਰ ਵਿੱਚ ਗਿਰਾਵਟ ਇਸ ਸੁਪਨੇ ਨੂੰ ਕਮਜ਼ੋਰ ਕਰ ਰਹੀ ਹੈ। ਮੇਰਾ ਦਾ ਮੰਨਣਾ ਹੈ ਕਿ ਭਾਰਤ ਦੇ ਆਮ ਨਾਗਰਿਕ ਲਈ, ਚੰਗਾ ਸ਼ਾਸਨ ਇੱਕ ਸਿਧਾਂਤਕ ਸ਼ਬਦ ਨਹੀਂ ਹੈ ਸਗੋਂ ਇੱਕ ਰੋਜ਼ਾਨਾ ਅਨੁਭਵ ਹੈ। ਇਸ ਵਿੱਚ ਸਰਕਾਰੀ ਦਫਤਰਾਂ ਵਿੱਚ ਭੱਜ-ਦੌੜ, ਅਣਸੁਲਝੀਆਂ ਸ਼ਿਕਾਇਤਾਂ, ਪਛਾਣ ਪੱਤਰਾਂ ਤੋਂ ਬਿਨਾਂ ਕਰਮਚਾਰੀ, ਪਹਿਰਾਵੇ ਦੇ ਕੋਡ ਦੀ ਉਲੰਘਣਾ, ਮਹੀਨਿਆਂ ਤੋਂ ਲੰਬਿਤ ਫਾਈਲਾਂ ਅਤੇ ਜਵਾਬਦੇਹੀ ਦੀ ਘਾਟ ਸ਼ਾਮਲ ਹੈ। ਇਹ ਸਥਿਤੀ ਸਿਰਫ਼ ਇੱਕ ਪ੍ਰਸ਼ਾਸਕੀ ਅਸਫਲਤਾ ਨਹੀਂ ਹੈ, ਸਗੋਂ ਲੋਕਤੰਤਰੀ ਵਿਸ਼ਵਾਸ ਦੇ ਖੋਰੇ ਦੀ ਨਿਸ਼ਾਨੀ ਹੈ। ਦੂਜੇ ਪਾਸੇ, ਦਿੱਲੀ ਅਤੇ ਪੰਜਾਬ ਦੀਆਂ ਸਰਕਾਰਾਂ ਸਰਕਾਰ ਤੁਹਾਡੇ ਦੁਆਰ ਅਤੇ ਸਰਕਾਰ ਆਪਕੇ ਦੁਆਰ ਪ੍ਰੋਗਰਾਮਾਂ ਰਾਹੀਂ ਘਰ-ਘਰ ਸੇਵਾਵਾਂ ਪ੍ਰਦਾਨ ਕਰ ਰਹੀਆਂ ਹਨ। ਇਸ ਪਹਿਲਕਦਮੀ ਦੇ ਤਹਿਤ, ਮੁੱਖ ਮੰਤਰੀ ਦੀ ਅਗਵਾਈ ਹੇਠ, 10 ਦਸੰਬਰ, 2023 ਤੋਂ ਪੰਜਾਬ ਵਿੱਚ ਨਾਗਰਿਕਾਂ ਦੇ ਘਰਾਂ ਤੱਕ 43 ਸਰਕਾਰੀ ਸੇਵਾਵਾਂ ਪਹੁੰਚਾਈਆਂ ਜਾ ਰਹੀਆਂ ਹਨ, ਜਿਸ ਨਾਲ ਵਾਰ-ਵਾਰ ਦਫਤਰਾਂ ਦੇ ਦੌਰੇ ਦੀ ਜ਼ਰੂਰਤ ਖਤਮ ਹੋ ਰਹੀ ਹੈ।ਦੇਸ਼ ਭਰ ਦੀਆਂ ਰਾਜ ਸਰਕਾਰਾਂ ਨੂੰ ਇਸ ਮਾਡਲ ਨੂੰ ਅਪਣਾਉਣ ਦੀ ਬਹੁਤ ਲੋੜ ਹੈ। ਦੋਸਤੋ, ਜੇਕਰ ਅਸੀਂ ਚੰਗੇ ਸ਼ਾਸਨ ਦੇ ਸੰਕਲਪ ’ਤੇ ਵਿਚਾਰ ਕਰੀਏ: ਅੰਤਰਰਾਸ਼ਟਰੀ ਮਾਪਦੰਡਾਂ ਵਿੱਚ ਭਾਰਤ ਦੀ ਸਥਿਤੀ ਨੂੰ ਸਮਝਦੇ ਹੋਏ, ਵਿਸ਼ਵ ਬੈਂਕ, ਸੰਯੁਕਤ ਰਾਸ਼ਟਰ ਅਤੇਓ.ਈ.ਸੀ.ਡੀ

ਵਰਗੀਆਂ ਅੰਤਰਰਾਸ਼ਟਰੀ ਸੰਸਥਾਵਾਂ ਦੇ ਅਨੁਸਾਰ, ਚੰਗੇ ਸ਼ਾਸਨ ਦੇ ਮੁੱਖ ਤੱਤ ਪਾਰਦਰਸ਼ਤਾ, ਜਵਾਬਦੇਹੀ, ਕਾਨੂੰਨ ਦਾ ਰਾਜ, ਕੁਸ਼ਲਤਾ ਅਤੇ ਨਾਗਰਿਕ-ਕੇਂਦ੍ਰਿਤ ਸੇਵਾਵਾਂ ਹਨ। ਵਿਕਸਤ ਦੇਸ਼ਾਂ ਵਿੱਚ, ਸਰਕਾਰੀ ਕਰਮਚਾਰੀਆਂ ਨੂੰ ਸਿਰਫ਼ ਸੇਵਾ ਪ੍ਰਦਾਤਾ ਹੀ ਨਹੀਂ ਸਗੋਂ ਜਨਤਕ ਵਿਸ਼ਵਾਸ ਦੇ ਰਖਵਾਲੇ ਮੰਨਿਆ ਜਾਂਦਾ ਹੈ। ਉੱਥੇ, ਪਹਿਰਾਵੇ ਦੇ ਕੋਡ, ਪਛਾਣ ਪੱਤਰ, ਸਮੇਂ ਦੀ ਪਾਬੰਦ ਸੇਵਾ ਅਤੇ ਵਿਵਹਾਰਕ ਸ਼ਿਸ਼ਟਾਚਾਰ ਲਾਜ਼ਮੀ ਪ੍ਰਸ਼ਾਸਕੀ ਅਨੁਸ਼ਾਸਨ ਦਾ ਹਿੱਸਾ ਹਨ। ਇਸਦੇ ਉਲਟ, ਭਾਰਤ ਵਿੱਚ ਬਹੁਤ ਸਾਰੇ ਸਰਕਾਰੀ ਅਤੇ ਨਿਆਂਇਕ ਦਫਤਰਾਂ ਵਿੱਚ, ਕਰਮਚਾਰੀ ਨਾ ਤਾਂ ਨਿਰਧਾਰਤ ਪਹਿਰਾਵੇ ਦੇ ਕੋਡ ਦੀ ਪਾਲਣਾ ਕਰਦੇ ਹਨ ਅਤੇ ਨਾ ਹੀ ਆਪਣੇ ਪਛਾਣ ਪੱਤਰ ਪ੍ਰਦਰਸ਼ਿਤ ਕਰਦੇ ਹਨ। ਇਹ ਸਿਰਫ਼ ਇੱਕ ਰਸਮੀ ਕਮੀ ਨਹੀਂ ਹੈ, ਸਗੋਂ ਸ਼ਕਤੀ ਅਤੇ ਨਾਗਰਿਕਾਂ ਵਿਚਕਾਰ ਅਸਮਾਨਤਾ ਦੀ ਮਾਨਸਿਕਤਾ ਨੂੰ ਦਰਸਾਉਂਦਾ ਹੈ, ਜਿੱਥੇ ਕਰਮਚਾਰੀ ਆਪਣੇ ਆਪ ਨੂੰ ਜਵਾਬਦੇਹ ਨਹੀਂ ਮੰਨਦੇ। ਦੋਸਤੋ, ਜੇਕਰ ਅਸੀਂ ਅਨੁਸ਼ਾਸਨਹੀਣਤਾ: ਵਿਕਸਤ ਭਾਰਤ ਵਿੱਚ ਸਭ ਤੋਂ ਵੱਡੀ ਅੰਦਰੂਨੀ ਰੁਕਾਵਟ ’ਤੇ ਵਿਚਾਰ ਕਰੀਏ, ਤਾਂ ਅਸੀਂ ਸਮਝਦੇ ਹਾਂ ਕਿ ਅਨੁਸ਼ਾਸਨ ਕਿਸੇ ਵੀ ਸੰਗਠਨ ਦੀ ਰੀੜ੍ਹ ਦੀ ਹੱਡੀ ਹੈ, ਖਾਸ ਕਰਕੇ ਸ਼ਾਸਨ ਵਿੱਚ। ਹਾਲਾਂਕਿ, ਭਾਰਤੀ ਸਰਕਾਰੀ ਦਫਤਰਾਂ ਵਿੱਚ ਅਨੁਸ਼ਾਸਨ ਦੀ ਗੰਭੀਰ ਘਾਟ ਇੱਕ ਆਮ ਦ੍ਰਿਸ਼ ਬਣ ਗਈ ਹੈ। ਦਫ਼ਤਰੀ ਸਮੇਂ ਦੀ ਪਾਲਣਾ ਨਾ ਕਰਨਾ, ਨਾਗਰਿਕਾਂ ਨਾਲ ਨਿਰਾਦਰ ਭਰਿਆ ਵਿਵਹਾਰ, ਨਿਯਮਾਂ ਦੀ ਖੁੱਲ੍ਹ ਕੇ ਅਣਦੇਖੀ ਅਤੇ ਸੀਨੀਅਰ ਅਧਿਕਾਰੀਆਂ ਵੱਲੋਂ ਅੱਖਾਂ ਮੀਟਣਾ, ਇਹ ਸਾਰੇ ਪ੍ਰਸ਼ਾਸਕੀ ਅਸਫਲਤਾ ਦੇ ਸਪੱਸ਼ਟ ਸੰਕੇਤ ਹਨ। ਅਦਾਲਤੀ ਅਹਾਤੇ ਵਿੱਚ ਵੀ ਸਥਿਤੀ ਇਸ ਤੋਂ ਵੱਖਰੀ ਨਹੀਂ ਹੈ। ਜੇਕਰ ਨਿਆਂ ਦੇ ਮੰਦਰਾਂ ਵਿੱਚ ਅਨੁਸ਼ਾਸਨ ਅਤੇ ਪਾਰਦਰਸ਼ਤਾ ਕਮਜ਼ੋਰ ਹੈ, ਤਾਂ ਆਮ ਨਾਗਰਿਕਾਂ ਦਾ ਨਿਆਂ ਪ੍ਰਣਾਲੀ ਵਿੱਚ ਵਿਸ਼ਵਾਸ ਗੁਆਉਣਾ ਸੁਭਾਵਿਕ ਹੈ। ਇੱਕ ਵਿਕਸਤ ਰਾਸ਼ਟਰ ਬਣਨ ਦੀ ਪ੍ਰਕਿਰਿਆ ਵਿੱਚ ਇਹ ਸਥਿਤੀ ਬਹੁਤ ਚਿੰਤਾਜਨਕ ਹੈ। ਦੋਸਤੋ, ਜੇਕਰ ਅਸੀਂ ਕਮਜ਼ੋਰ ਦੰਡ ਪ੍ਰਣਾਲੀ ਅਤੇ ਸਜ਼ਾ ਤੋਂ ਮੁਕਤੀ ਦੀ ਸੰਸਕ੍ਰਿਤੀ ’ਤੇ ਵਿਚਾਰ ਕਰੀਏ, ਤਾਂ ਪ੍ਰਸ਼ਾਸਕੀ ਨਿਯਮਾਂ ਦੀ ਉਲੰਘਣਾ ਉਦੋਂ ਹੀ ਰੋਕੀ ਜਾਂਦੀ ਹੈ ਜਦੋਂ ਨਤੀਜੇ ਸਪੱਸ਼ਟ ਅਤੇ ਸਖ਼ਤ ਹੋਣ। ਭਾਰਤ ਵਿੱਚ ਸਮੱਸਿਆ ਇਹ ਨਹੀਂ ਹੈ ਕਿ ਕੋਈ ਨਿਯਮ ਨਹੀਂ ਹਨ, ਸਗੋਂ ਇਹ ਹੈ ਕਿ ਉਲੰਘਣਾਵਾਂ ਨੂੰ ਸਜ਼ਾ ਦੇਣ ਦੀ ਪ੍ਰਕਿਰਿਆ ਕਮਜ਼ੋਰ, ਹੌਲੀ ਅਤੇ ਅਕਸਰ ਰਾਜਨੀਤਿਕ ਜਾਂ ਪ੍ਰਸ਼ਾਸਕੀ ਦਬਾਅ ਤੋਂ ਪ੍ਰਭਾਵਿਤ ਹੁੰਦੀ ਹੈ।ਜਦੋਂ ਕਰਮਚਾਰੀ ਜਾਣਦੇ ਹਨ ਕਿ ਪਹਿਰਾਵੇ ਦੇ ਕੋਡ ਦੀ ਪਾਲਣਾ ਨਾ ਕਰਨ, ਆਪਣੇ ਪਛਾਣ ਪੱਤਰ ਨਾ ਪਹਿਨਣ ਜਾਂ ਨਾਗਰਿਕਾਂ ਨੂੰ ਪਰੇਸ਼ਾਨ ਕਰਨ ਲਈ ਉਨ੍ਹਾਂ ਵਿਰੁੱਧ ਕੋਈ ਠੋਸ ਕਾਰਵਾਈ ਨਹੀਂ ਕੀਤੀ ਜਾਵੇਗੀ, ਤਾਂ ਅਨੁਸ਼ਾਸਨ ਆਪਣੇ ਆਪ ਖਤਮ ਹੋ ਜਾਂਦਾ ਹੈ। ਸਜ਼ਾ ਤੋਂ ਮੁਕਤੀ ਦਾ ਇਹ ਸੱਭਿਆਚਾਰ ਚੰਗੇ ਸ਼ਾਸਨ ਲਈ ਸਭ ਤੋਂ ਵੱਡਾ ਖ਼ਤਰਾ ਹੈ। ਦੋਸਤੋ, ਜੇਕਰ ਅਸੀਂ ਫਾਈਲ ਕਲਚਰ, ਦੇਰੀ ਅਤੇ ਪ੍ਰਸ਼ਾਸਕੀ ਉਦਾਸੀਨਤਾ ’ਤੇ ਵਿਚਾਰ ਕਰੀਏ, ਤਾਂਫਾਈਲ ਪੈਂਡਿੰਗ ਭਾਰਤ ਦੇ ਸ਼ਾਸਨ ਪ੍ਰਣਾਲੀ ਵਿੱਚ ਸਭ ਤੋਂ ਬਦਨਾਮ ਵਾਕੰਸ਼ ਬਣ ਗਿਆ ਹੈ। ਸਮੇਂ ਸਿਰ ਕੰਮ, ਬੇਲੋੜੀਆਂ ਪ੍ਰਕਿਰਿਆਵਾਂ ਅਤੇ ਕਰਮਚਾਰੀਆਂ ਦੀ ਉਦਾਸੀਨਤਾ ਨਾ ਸਿਰਫ਼ ਆਰਥਿਕ ਵਿਕਾਸ ਨੂੰ ਹੌਲੀ ਕਰਦੀ ਹੈ ਬਲਕਿ ਨਾਗਰਿਕਾਂ ਨੂੰ ਮਾਨਸਿਕ, ਸਮਾਜਿਕ ਅਤੇ ਆਰਥਿਕ ਦੁੱਖ ਵੀ ਦਿੰਦੀ ਹੈ। ਅੰਤਰਰਾਸ਼ਟਰੀ ਤਜਰਬਾ ਦਰਸਾਉਂਦਾ ਹੈ ਕਿ ਵਿਕਸਤ ਦੇਸ਼ਾਂ ਵਿੱਚ ਪ੍ਰਸ਼ਾਸਕੀ ਕੁਸ਼ਲਤਾ ਨੂੰ ਮਾਪਿਆ ਜਾਂਦਾ ਹੈ, ਹਰੇਕ ਸੇਵਾ ਲਈ ਸਮਾਂ-ਸੀਮਾਵਾਂ ਨਿਰਧਾਰਤ ਕੀਤੀਆਂ ਜਾਂਦੀਆਂ ਹਨ, ਅਤੇ ਦੇਰੀ ਲਈ ਜ਼ਿੰਮੇਵਾਰੀ ਨਿਰਧਾਰਤ ਕੀਤੀ ਜਾਂਦੀ ਹੈ। ਇਹ ਸੱਭਿਆਚਾਰ ਅਜੇ ਵੀ ਭਾਰਤ ਵਿੱਚ ਵਿਆਪਕ ਤੌਰ ’ਤੇ ਵਿਕਸਤ ਨਹੀਂ ਹੋਇਆ ਹੈ। ਦੋਸਤੋ, ਜੇਕਰ ਅਸੀਂ ਨੌਕਰਸ਼ਾਹੀ ਦੇ ਦਬਦਬੇ ਅਤੇ ਨਾਗਰਿਕ-ਕੇਂਦ੍ਰਿਤ ਸ਼ਾਸਨ ਦੀ ਘਾਟ ਨੂੰ ਸਮਝਣ ਦੀ ਕੋਸ਼ਿਸ਼ ਕਰੀਏ, ਤਾਂ ਭਾਰਤ ਦੀ ਸ਼ਾਸਨ ਪ੍ਰਣਾਲੀ ਇਤਿਹਾਸਕ ਤੌਰ ’ਤੇ ਬਸਤੀਵਾਦੀ ਨੌਕਰਸ਼ਾਹੀ ਦੁਆਰਾ ਪ੍ਰਭਾਵਿਤ ਰਹੀ ਹੈ, ਜਿੱਥੇ ਪ੍ਰਸ਼ਾਸਨ ਸ਼ਾਸਕ-ਕੇਂਦ੍ਰਿਤ ਸੀ, ਨਾਗਰਿਕ-ਕੇਂਦ੍ਰਿਤ ਨਹੀਂ। ਆਜ਼ਾਦੀ ਤੋਂ ਦਹਾਕਿਆਂ ਬਾਅਦ ਵੀ, ਇਹ ਮਾਨਸਿਕਤਾ ਪੂਰੀ ਤਰ੍ਹਾਂ ਨਹੀਂ ਬਦਲੀ ਹੈ। ਬਹੁਤ ਸਾਰੇ ਸਰਕਾਰੀ ਦਫਤਰਾਂ ਵਿੱਚ, ਨਾਗਰਿਕਾਂ ਨੂੰ ਪਟੀਸ਼ਨਕਰਤਾ ਵਜੋਂ ਮੰਨਿਆ ਜਾਂਦਾ ਹੈ, ਜਦੋਂ ਕਿ ਅਸਲੀਅਤ ਵਿੱਚ, ਉਹ ਟੈਕਸਦਾਤਾ ਅਤੇ ਅਧਿਕਾਰ ਧਾਰਕ ਹੁੰਦੇ ਹਨ। ਇੱਕ ਵਿਕਸਤ ਭਾਰਤ ਦਾ ਦ੍ਰਿਸ਼ਟੀਕੋਣ ਉਦੋਂ ਹੀ ਸਾਕਾਰ ਹੋਵੇਗਾ ਜਦੋਂ ਪ੍ਰਸ਼ਾਸਨ ਆਪਣੇ ਆਪ ਨੂੰ ਇੱਕ ਸੇਵਾ ਪ੍ਰਦਾਤਾ ਵਜੋਂ ਅਤੇ ਨਾਗਰਿਕਾਂ ਨੂੰ ਭਾਈਵਾਲ ਵਜੋਂ ਦੇਖਦਾ ਹੈ, ਗਾਹਕ ਨਹੀਂ। ਦੋਸਤੋ, ਜੇਕਰ ਅਸੀਂ ਰਾਜਨੀਤਿਕ ਦਖਲਅੰਦਾਜ਼ੀ ਅਤੇ ਜਵਾਬਦੇਹੀ ਦੇ ਸੰਕਟ ਨੂੰ ਸਮਝਣ ਦੀ ਕੋਸ਼ਿਸ਼ ਕਰੀਏ, ਤਾਂ ਰਾਜਨੀਤਿਕ ਦਖਲਅੰਦਾਜ਼ੀ ਚੰਗੇ ਸ਼ਾਸਨ ਲਈ ਇੱਕ ਹੋਰ ਵੱਡੀ ਰੁਕਾਵਟ ਹੈ। ਜਦੋਂ ਰਾਜਨੀਤਿਕ ਦਬਾਅ ਹੇਠ ਅਨੁਸ਼ਾਸਨੀ ਕਾਰਵਾਈ ਕਮਜ਼ੋਰ ਹੋ ਜਾਂਦੀ ਹੈ, ਤਾਂ ਸੁਨੇਹਾ ਸਪੱਸ਼ਟ ਹੁੰਦਾ ਹੈ: ਨਿਯਮ ਸਾਰਿਆਂ ’ਤੇ ਬਰਾਬਰ ਲਾਗੂ ਨਹੀਂ ਹੁੰਦੇ। ਇਹ ਸਥਿਤੀ ਪ੍ਰਸ਼ਾਸਨਿਕ ਮਨੋਬਲ ਨੂੰ ਵੀ ਕਮਜ਼ੋਰ ਕਰਦੀ ਹੈ ਅਤੇ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕਰਦੀ ਹੈ। ਅੰਤਰਰਾਸ਼ਟਰੀ ਪੱਧਰ ’ਤੇ, ਮਜ਼ਬੂਤ ? ?ਲੋਕਤੰਤਰ ਉਹ ਹਨ ਜਿੱਥੇ ਪ੍ਰਬੰਧਕੀ ਫੈਸਲੇ ਕਾਨੂੰਨਾਂ ਅਤੇ ਨਿਯਮਾਂ ’ਤੇ ਅਧਾਰਤ ਹੁੰਦੇ ਹਨ, ਰਾਜਨੀਤਿਕ ਸਰਪ੍ਰਸਤੀ ’ਤੇ ਨਹੀਂ। ਦੋਸਤੋ, ਜੇਕਰ ਅਸੀਂ ਇੱਕ ਵਿਕਸਤ ਭਾਰਤ ਲਈ ਲੋੜੀਂਦੇ ਢਾਂਚਾਗਤ ਸੁਧਾਰਾਂ ’ਤੇ ਵਿਚਾਰ ਕਰੀਏ, ਤਾਂ ਵਿਕਸਤ ਭਾਰਤ 2047 ਸਿਰਫ਼ ਆਰਥਿਕ ਅੰਕੜਿਆਂ ਦਾ ਟੀਚਾ ਨਹੀਂ ਹੈ, ਸਗੋਂ ਪ੍ਰਸ਼ਾਸਕੀ ਸੱਭਿਆਚਾਰ ਨੂੰ ਬਦਲਣ ਦਾ ਮਿਸ਼ਨ ਹੈ। ਇਸ ਲਈ, ਸਭ ਤੋਂ ਪਹਿਲਾਂ, ਬਿਹਤਰ ਕੁਸ਼ਲਤਾ ਦੀ ਲੋੜ ਹੈ। ਸਰਕਾਰੀ ਅਤੇ ਨਿਆਂਇਕ ਪ੍ਰਕਿਰਿਆਵਾਂ ਦਾ ਵਿਆਪਕ ਡਿਜੀਟਾਈਜ਼ੇਸ਼ਨ, ਸਮੇਂ ਸਿਰ ਸੇਵਾਵਾਂ, ਅਤੇ ਪ੍ਰਦਰਸ਼ਨ-ਅਧਾਰਤ ਮੁਲਾਂਕਣ ਲਾਜ਼ਮੀ ਹੋਣਾ ਚਾਹੀਦਾ ਹੈ। ਡਿਜੀਟਲ ਸ਼ਾਸਨ ਸਿਰਫ਼ ਇੱਕ ਤਕਨਾਲੋਜੀ ਨਹੀਂ ਹੈ, ਸਗੋਂ ਪਾਰਦਰਸ਼ਤਾ ਅਤੇ ਜਵਾਬਦੇਹੀ ਦਾ ਇੱਕ ਸਾਧਨ ਹੈ। ਜਦੋਂ ਹਰ ਪ੍ਰਕਿਰਿਆ ਨੂੰ ਟਰੈਕ ਕੀਤਾ ਜਾਂਦਾ ਹੈ, ਤਾਂ ਅਨੁਸ਼ਾਸਨ ਆਪਣੇ ਆਪ ਮਜ਼ਬੂਤ ? ?ਹੋ ਜਾਂਦਾ ਹੈ। ਦੋਸਤੋ, ਜੇਕਰ ਅਸੀਂ ਅਨੁਸ਼ਾਸਨ ਨੂੰ ਲਾਗੂ ਕਰਨ ਲਈ ਸਖ਼ਤ ਅਤੇ ਨਿਰਪੱਖ ਕਾਰਵਾਈ ’ਤੇ ਵਿਚਾਰ ਕਰਦੇ ਹਾਂ,ਤਾਂਅਨੁਸ਼ਾਸਨ ਬਣਾਈ ਰੱਖਣ ਲਈ ਨਿਯਮਾਂ ਦੀ ਸਖ਼ਤ ਪਾਲਣਾ ਅਤੇ ਉਲੰਘਣਾਵਾਂ ਲਈ ਤੁਰੰਤ ਕਾਰਵਾਈ ਜ਼ਰੂਰੀ ਹੈ। ਪਹਿਰਾਵੇ ਦਾ ਕੋਡ, ਪਛਾਣ ਪੱਤਰ ਅਤੇ ਨਾਗਰਿਕ ਆਚਰਣ ਵਰਗੇ ਬੁਨਿਆਦੀ ਨਿਯਮਾਂ ਦੀ ਉਲੰਘਣਾ ਨੂੰ ਸਿਰਫ਼ ਕਰਮਚਾਰੀਆਂ ਨੂੰ ਹੀ ਨਹੀਂ, ਸਗੋਂ ਸਬੰਧਤ ਸੁਪਰਡੈਂਟ ਅਤੇ ਸੀਨੀਅਰ ਅਧਿਕਾਰੀ ਨੂੰ ਵੀ ਜਵਾਬਦੇਹ ਬਣਾਉਣਾ ਚਾਹੀਦਾ ਹੈ। ਨਿਯਮਾਂ ਦੀ ਪਾਲਣਾ ਲਾਜ਼ਮੀ ਹੋਣੀ ਚਾਹੀਦੀ ਹੈ, ਸੁਝਾਅ ਨਹੀਂ। ਇਹ ਇੱਕ ਵਿਕਸਤ ਸ਼ਾਸਨ ਪ੍ਰਣਾਲੀ ਦੀ ਪਛਾਣ ਹੈ। ਸਿਖਲਾਈ, ਨੈਤਿਕਤਾ, ਅਤੇ ਇੱਕ ਨਵਾਂ ਕਾਰਜ ਸੱਭਿਆਚਾਰ: ਪ੍ਰਸ਼ਾਸਕੀ ਸੁਧਾਰ ਸਿਰਫ਼ ਸਜ਼ਾ ਤੋਂ ਹੀ ਨਹੀਂ, ਸਗੋਂ ਸਿਖਲਾਈ ਤੋਂ ਵੀ ਆਉਂਦਾ ਹੈ। ਨੈਤਿਕ, ਵਿਵਹਾਰਕ ਅਤੇ ਕਾਰਜ-ਅਧਾਰਤ ਸਿਖਲਾਈ ਪ੍ਰੋਗਰਾਮਾਂ ਨੂੰ ਕਰਮਚਾਰੀਆਂ ਲਈ ਲਾਜ਼ਮੀ ਬਣਾਇਆ ਜਾਣਾ ਚਾਹੀਦਾ ਹੈ।

**ਸਭ ਤੋਂ ਫਾਸਟ ਆਹਮੋ-ਸਾਹਮਣੇ**

**RNI NO -PUNHIN0/2013/54688**

Printed by Surinder Kumar , Published by Surinder Kumar, Owned by Surinder Kumar & Printed at Dashmash Printers 178-179 Ranjit Nagar, Jalnadhar City, Published 87 Ranjit Nagar Near Bus Stand, Jalandhar, Punjab

**Editor Surinder Kumar (SK Saxena)**

Responsible for selection of News under the PRB ACT.
All Rights Reserved Reproduction in whole or in Part without Permission in Prohibited, All disputes shall be settled at Jalandhar Jurisdiction only
Faxt No. : 0181-5024001, Conact No : 0181-5077100

**ਜ਼ਰੂਰੀ ਸੂਚਨਾ**

ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਪ੍ਰਦਰਸ਼ਿਤ/ਵਰਗੀਕ੍ਰਿਤ) ਦੇ ਤੱਥਾਂ ਲਈ ਸਭ ਤੋਂ ਫਾਸਟ ਆਹਮੋ ਸਾਹਮਣੇ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਸਾਡਾ ਅਖ਼ਬਾਰ ਇਨ੍ਹਾਂ ਦੀ ਪੁਸ਼ਟੀ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਇਸ਼ਤਿਹਾਰਾਂ ’ਤੇ ਕਾਰਵਾਈ ਕਰਨ ਤੋਂ ਪਹਿਲਾਂ ਸਾਰੇ ਤੱਥਾਂ ਦੀ ਖੁਦ ਪੁਸ਼ਟੀ ਕਰਨ। - ਮੁੱਖ ਸੰਪਾਦਕ

# ਸ੍ਰੀ ਅਨੰਦਪੁਰ ਸਾਹਿਬ ਹੋਲੇ ਮੁਹੱਲੇ ਲਈ ਪੂਰੀ ਤਰ੍ਹਾਂ ਤਿਆਰ; ਹਰਜੋਤ ਸਿੰਘ ਬੈਂਸ ਨੇ ਵਿਆਪਕ ਪ੍ਰਬੰਧਾਂ ਲਈ ਦਿੱਤੇ ਆਦੇਸ਼

## ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਗਤ ਲਈ ਸਾਜ਼ਗਾਰ ਤੇ ਅਧਿਆਤਮਿਕ ਅਨੁਭਵ ਯਕੀਨੀ ਬਣਾਉਣ ਲਈ ਵਚਨਬੱਧਤਾ ਦੁਹਰਾਈ

ਐਸ. ਕੇ. ਸਕਸੈਨਾ

ਚੰਡੀਗੜ੍ਹ/ਸ੍ਰੀ ਅਨੰਦਪੁਰ ਸਾਹਿਬ, 13 ਫਰਵਰੀ: ਹੋਲੇ ਮਹੱਲੇ ਦੇ ਪਵਿੱਤਰ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਦੇ ਮੱਦੇਨਜ਼ਰ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਰੂਪਨਗਰ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਟੈਂਟ ਸਿਟੀ, ਟਰਾਲੀ ਸਿਟੀ, ਸਮਰਪਿਤ ਪਾਰਕਿੰਗ ਜ਼ੋਨ ਬਣਾਉਣ ਤੋਂ ਇਲਾਵਾ ਸੰਗਤ ਦੀ ਸੌਖਾਲੀ ਯਾਤਰਾ ਲਈ ਸ਼ਟਲ ਬੱਸ ਅਤੇ ਆਟੋਰਿਕਸ਼ਾ ਸੇਵਾ ਸ਼ੁਰੂ ਕਰਨ ਅਤੇ ਹੋਰ ਲੋੜੀਂਦੇ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਆਉਣ ਵਾਲੀ ਸਾਰੀ ਸੰਗਤ ਲਈ ਅਧਿਆਤਮਿਕ ਮਾਹੌਲ ਨੂੰ ਯਕੀਨੀ ਬਣਾਇਆ ਜਾ ਸਕੇ। ਸਿੱਖ ਪਰੰਪਰਾਵਾਂ ਦੇ ਸ਼ਾਨਦਾਰ ਜਸ਼ਨਾਂ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਸ. ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪਵਿੱਤਰ ਨਗਰੀ ਵਿਖੇ ਲੱਖਾਂ ਦੀ ਗਿਣਤੀ ਵਿੱਚ ਆਉਣ ਵਾਲੀ ਸੰਗਤ ਦੀ ਸਹੂਲਤ ਪ੍ਰਤੀ ਵਚਨਬੱਧਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਬੁਨਿਆਦੀ ਢਾਂਚੇ ਅਤੇ ਭਾਰੀ ਇਕੱਠ ਦੇ ਪ੍ਰਬੰਧਨ ਲਈ ਰਣਨੀਤੀਆਂ ਦੀ ਵਿਸਤ੍ਰਿਤ ਸਮੀਖਿਆ ਕੀਤੀ। ਸਮੀਖਿਆ ਦੌਰਾਨ ਇਹ ਯਕੀਨੀ ਬਣਾਇਆ ਗਿਆ ਕਿ ਤਿੰਨ ਦਿਨਾਂ ਸਮਾਗਮ ਦੌਰਾਨ ਸਿੱਖ ਧਰਮ ਦੇ ਮੂਲ ਸਿਧਾਂਤਾਂ ਨੂੰ ਬਰਕਰਾਰ ਰੱਖਿਆ ਜਾਵੇ। ਸ. ਬੈਂਸ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਅੱਠ ਏਕੜ ਵਿੱਚ ਟੈਂਟ ਸਿਟੀ, ਇੱਕ ਸਮਰਪਿਤ ਟਰਾਲੀ ਸਿਟੀ, 60 ਸ਼ਟਲ ਬੱਸਾਂ, 100 ਈ-ਰਿਕਸ਼ਾ, ਪੈਦਲ ਚੱਲਣ ਵਾਲਿਆਂ ਲਈ ਰਸਤੇ ਵਾਲੀਆਂ ਅਤੇ 25 ਪਾਰਕਿੰਗ



ਜ਼ੋਨਾਂ ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਸ. ਹਰਜੋਤ ਸਿੰਘ ਬੈਂਸ ਨੇ ਸਬੰਧਤ ਸੀਨੀਅਰ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਗਏ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਵਾਲੀ ਸੰਗਤ ਲਈ ਸੁਚਾਰੂ ਆਵਾਜਾਈ ਯਕੀਨੀ ਜਾਵੇ, ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਿਆ ਜਾਵੇ ਅਤੇ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਣ ਦਿੱਤੀ ਜਾਵੇ। ਸ. ਬੈਂਸ ਨੇ ਕਿਹਾ, ÷ਅਸੀਂ ਮਿਲ ਕੇ ਇਕ ਅਜਿਹਾ ਮਾਹੌਲ ਸਿਰਜਣਾ ਚਾਹੁੰਦੇ ਹਾਂ ਜਿੱਥੇ ਸ਼ਰਧਾ ਭਾਵਨਾ ‘ਤੇ ਧਿਆਨ ਕੇਂਦਰਤ ਕੀਤਾ ਜਾਵੇ। ਅਸੀਂ ਆਪਣੀ ਯੋਜਨਾਬੰਦੀ ਵਿੱਚ ਕੋਈ ਕਸਰ ਨਹੀਂ ਛੱਡਾਂਗੇ। ਸੰਗਤ ਦੀ ਸਹੂਲਤ ਲਈ ਅੱਠ ਏਕੜ ਵਿੱਚ ਫੈਲੀ ਟੈਂਟ ਸਿਟੀ ਤੋਂ ਲੈ ਕੇ ਸ਼ਟਲ ਬੱਸਾਂ ਦੇ ਬੇੜੇ ਤੱਕ ਹਰ ਲੌਜਿਸਟਿਕਲ ਸਹਾਇਤਾ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਪ੍ਰਸ਼ਾਸਨ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਸੁਚਾਰੂ ਆਵਾਜਾਈ, ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਇਆ ਜਾਵੇ ਅਤੇ ਸੰਗਤ ਨੂੰ ਕਿਸੇ ਵੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।÷ ਸ. ਬੈਂਸ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਾਈ ਅਲਰਟ ’ਤੇ ਰੱਖਿਆ ਗਿਆ ਹੈ ਤਾਂ ਜੋ ਹੋਲੇ ਮੁਹੱਲੇ ਦੌਰਾਨ ਸਾਰਾ ਸਿਸਟਮ ਸੁਚੱਜੇ ਢੰਗ ਨਾਲ ਕੰਮ ਕਰੇ।

# ਗੈਂਗਸਟਰਾਂ ‘ਤੇ ਵਾਰ’ ਦਾ 24ਵਾਂ ਦਿਨ: ਪੰਜਾਬ ਪੁਲਿਸ ਨੇ 888 ਥਾਵਾਂ ’ਤੇ ਕੀਤੀ ਛਾਪੇਮਾਰੀ; 256 ਕਾਬੂ

## ਪੁਲਿਸ ਟੀਮਾਂ ਨੇ 129 ਵਿਅਕਤੀਆਂ ਵਿਰੁੱਧ ਕੀਤੀ ਰੋਕਥਾਮ ਕਾਰਵਾਈ, 239 ਨੂੰ ਤਸਦੀਕ ਉਪਰੰਤ ਕੀਤਾ ਰਿਹਾਅ

ਮਨਦੀਪ ਕੌਰ

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ’ਗੈਂਗਸਟਰਾਂ ‘ਤੇ ਵਾਰ’ ਮੁਹਿੰਮ ਦੇ 24ਵੇਂ ਦਿਨ, ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ ’ਤੇ 888 ਛਾਪੇਮਾਰੀਆਂ ਕੀਤੀਆਂ। ਜਾਣਕਾਰੀ ਅਨੁਸਾਰ, ÷ਗੈਂਗਸਟਰਾਂ ‘ਤੇ ਵਾਰ÷ - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ ਇੱਕ ਫੈਸਲਾਕੁੰਨ ਜੰਗ - 20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਇਸ ਤਹਿਤ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਵੱਲੋਂ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਇਸ ਮੁਹਿੰਮ ਦੇ 24ਵੇਂ ਦਿਨ, ਪੁਲਿਸ ਟੀਮਾਂ ਨੇ 256 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ। ਇਸ ਦੇ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਗਿਣਤੀ 9,012 ਹੋ ਗਈ ਹੈ। ਇਸ ਤੋਂ ਇਲਾਵਾ 129 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ, ਜਦੋਂ ਕਿ 239 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਉਨ੍ਹਾਂ ਨੂੰ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਵੱਲੋਂ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਲੋੜੀਂਦੇ ਅਪਰਾਧੀਆਂ/ ਗੈਂਗਸਟਰਾਂ ਬਾਰੇ ਜਾਣਕਾਰੀ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਇਤਲਾਹ ਦੇਣ ਲਈ ਲੋਕ ਗੁਪਤ ਰੂਪ ਵਿੱਚ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਸੰਪਰਕ ਕਰ ਸਕਦੇ ਹਨ। ਜ਼ਿਕਰਯੋਗ ਹੈ ਕਿ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ 349ਵੇਂ ਦਿਨ ਵੀ ਜਾਰੀ ਰੱਖੀ ਹੈ, ਜਿਸ ਵਿੱਚ 76 ਨਸ਼ਾ ਤਸਕਰਾਂ ਨੂੰ ਸ਼ੁੱਕਰਵਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.9 ਕਿਲੋ ਹੈਰੋਇਨ, 7 ਕਿਲੋ ਭੁੱਕੀ, 526 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 11,500 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 349 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 49,440 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 36 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਨੇਚਰ ਫੈਸਟ 2026 ਦੀ ਸ਼ਾਨਦਾਰ ਸ਼ੁਰੂਆਤ

## ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਨੇਚਰ ਫੈਸਟ ਦਾ ਕੀਤਾ ਰਸਮੀ ਉਦਘਾਟਨ

ਪੰਕਜ

ਹੁਸ਼ਿਆਰਪੁਰ, ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 17 ਫਰਵਰੀ ਤੱਕ ਸਥਾਨਕ ਲਾਜਵੰਤੀ ਸਪੋਰਟਸ ਸਟੇਡੀਅਮ ਵਿਖੇ ਆਯੋਜਿਤ ਕੀਤਾ ਜਾ ਰਿਹਾ ਪੰਜ ਰੋਜ਼ਾ ÷ਨੇਚਰ ਫੈਸਟ÷ ਅੱਜ ਪੂਰੇ ਉਤਸ਼ਾਹ ਨਾਲ ਸ਼ੁਰੂ ਹੋਇਆ। ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ



ਸ਼ਮਾ ਰੌਸ਼ਨ ਕਰਕੇ ਫੈਸਟ ਦਾ ਰਸਮੀ ਉਦਘਾਟਨ ਕਰਦੇ ਹੋਏ ਇਸਨੂੰ ਜ਼ਿਲ੍ਹੇ ਦੀ ਕੁਦਰਤੀ, ਸੱਭਿਆਚਾਰਕ ਅਤੇ ਸੈਰ-ਸਪਾਟਾ ਸੰਭਾਵਨਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਦੱਸਿਆ। ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਮੇਅਰ ਸੁਰਿੰਦਰ ਕੁਮਾਰ ਵੀ ਸਨ। ਸੰਸਦ ਮੈਂਬਰ ਡਾ. ਰਾਜ ਕੁਮਾਰ ਨੇ ਦੱਸਿਆ ਕਿ ਇਸ ਫੈਸਟੀਵਲ ਦਾ ਮੁੱਖ ਉਦੇਸ਼ ਜ਼ਿਲ੍ਹੇ ਦੇ ਅਮੀਰ ਕੁਦਰਤੀ ਵਿਰਸੇ, ਪ੍ਰਮੁੱਖ ਸੈਰ-ਸਪਾਟਾ ਸਥਾਨਾਂ, ਸੱਭਿਆਚਾਰਕ ਵਿਰਾਸਤ ਅਤੇ ਵਾਤਾਵਰਣ ਸੰਭਾਲ ਬਾਰੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਨੇਚਰ ਫੈਸਟ ਜਨਤਾ, ਖਾਸ ਕਰਕੇ ਨੌਜਵਾਨਾਂ ਨੂੰ ਜ਼ਿਲ੍ਹੇ ਦੇ ਕੁਦਰਤੀ ਸਰੋਤਾਂ ਤੋਂ ਜਾਣੂ ਕਰਵਾਏਗਾ ਅਤੇ ਸੈਰ-ਸਪਾਟਾ ਗਤੀਵਿਧੀਆਂ ਲਈ ਇੱਕ ਨਵੀਂ ਦਿਸ਼ਾ ਪ੍ਰਦਾਨ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਫੈਸਟੀਵਲ ਵਿੱਚ ਕਈ ਤਰ੍ਹਾਂ ਦੀਆਂ ਦਿਲਚਸਪ ਗਤੀਵਿਧੀਆਂ ਪੇਸ਼ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਪੰਜਾਬ ਦਾ ਲੋਕ ਸੱਭਿਆਚਾਰ, ਰਵਾਇਤੀ ਨਾਚ, ਵਿਦਿਆਰਥੀਆਂ ਦਾ ਰੰਗਾ ਰੰਗ ਪ੍ਰੋਗਰਾਮ , ਦਸਤਕਾਰੀ ਪ੍ਰਦਰਸ਼ਨੀਆਂ, ਸਵੈ-ਸਹਾਇਤਾ ਸਮੂਹਾਂ ਦੁਆਰਾ ਤਿਆਰ ਕੀਤੇ ਗਏ ਉਤਪਾਦਾਂ ਦੀ ਪ੍ਰਦਰਸ਼ਨੀ, ਇੱਕ ਭੋਜਨ ਬਾਜ਼ਾਰ, ਇੱਕ ਕਿਸਾਨ ਬਾਜ਼ਾਰ, ਪਤੰਗ ਉਡਾਉਣ ਅਤੇ ਸੰਗੀਤਕ ਸ਼ਾਮ ਸ਼ਾਮਲ ਹਨ। ਪ੍ਰੋਗਰਾਮ ਦੇ ਸ਼ਡਿਊਲ ਬਾਰੇ ਵਿਸਥਾਰ ਵਿੱਚ ਦੱਸਦੇ ਹੋਏ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 14 ਫਰਵਰੀ ਨੂੰ ਜੰਗਲ ਸਫਾਰੀ (ਚੌਹਾਲ), ਸੋਲਿਸ ਵਿੱਚ ਨਾਈਟ ਕੈਂਪਿੰਗ ਅਤੇ ਸਟਾਰਗੇਜ਼ਿੰਗ, ਇੱਕ ਓਪਨ ਮਾਈਕ, ਇੱਕ ਫੈਸ਼ਨ ਸ਼ੋਅ ਅਤੇ ਸੱਭਿਆਚਾਰਕ ਪ੍ਰਦਰਸ਼ਨ ਹੋਣਗੇ। 15 ਫਰਵਰੀ ਨੂੰ ਸਾਈਕਲੋਥੋਨ, ਤਲਵਾੜਾ ਵਿੱਚ ਬਰਡ ਵਾਚਿੰਗ, ਇੱਕ ਜੰਗਲ ਖੋਜ ਟ ?ਰੇਲ (ਆਫ-ਰੋਡਿੰਗ ਅਤੇ ਟ ?ਰੈਕਿੰਗ), ਬੋਟਿੰਗ ਅਤੇ ਟ ?ਰੇਨਿੰਗ ਹੰਟ ਹੋਵੇਗੀ। ਇਸੇ ਦਿਨ ਪ੍ਰਸਿੱਧ ਗਾਇਕ ਪ੍ਰਭ ਗਿੱਲ ਦੀ ਸਿੰਗਰ ਨਾਈਟ ਮੁੱਖ ਆਕਰਸ਼ਣ ਹੋਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 16 ਫਰਵਰੀ ਨੂੰ ਉੱਨਤੀ, ਫੈਪਰੋ ਅਤੇ ਸਿਟਰਸ ਦੇ ਉਦਯੋਗਿਕ ਦੌਰੇ, ਮੀਆਵਾਕੀ ਸਾਈਟ ਵਿਜ਼ਿਟ, ਵਨ ਚੇਤਨਾ ਪਾਰਕ ਵਿਖੇ ਕਿਡਜ਼ ਕਾਰਨੀਵਲ, ਸੱਭਿਆਚਾਰਕ ਗਤੀਵਿਧੀਆਂ ਅਤੇ ਲਾਜਵੰਤੀ ਸਟੇਡੀਅਮ ਵਿਖੇ ਸਟਾਰ ਨਾਈਟ ਹੋਵੇਗੀ। ਉਨ੍ਹਾਂ ਦੱਸਿਆ ਕਿ 17 ਫਰਵਰੀ ਨੂੰ ਵੱਖ-ਵੱਖ ਪ੍ਰਦਰਸ਼ਨ, ਮੁਕਾਬਲਿਆਂ ਦੇ ਨਤੀਜੇ ਅਤੇ ਇਨਾਮ ਵੰਡ ਸਮਾਰੋਹ ਹੋਵੇਗਾ। ਸਮਾਪਤੀ ਸਮਾਰੋਹ ਵਿੱਚ ਵਿਸ਼ੇਸ਼ ਆਕਰਸ਼ਣ ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਦੁਆਰਾ ਸਿੰਗਰ ਨਾਈਟ ਹੋਵੇਗਾ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਦੀ ਰੱਖਿਆ ਅਤੇ ਸਥਾਨਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਇਸ ਯਤਨ ਨੂੰ ਸਫਲ ਬਣਾਉਣ ਲਈ ਆਪਣੇ ਪਰਿਵਾਰਾਂ ਨਾਲ ਇਸ ਵਿਲੱਖਣ ਸਮਾਗਮ ਵਿੱਚ ਹਿੱਸਾ ਲੈਣ। ਇਸ ਮੌਕੇ ਚੇਅਰਮੈਨ ਬੈਕਫਿੰਕੋ ਸੰਦੀਪ ਸੈਣੀ, ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਕਰਮਜੀਤ ਕੌਰ, ਚੇਅਰਮੈਨ ਮਾਰਕੀਟ ਕਮੇਟੀ ਹੁਸ਼ਿਆਰਪੁਰ ਜਸਪਾਲ ਸਿੰਘ ਚੇਚੀ, ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਵਿੰਦਰ ਸਿੰਘ ਪਾਬਲਾ, ਚੇਅਰਮੈਨ ਹੁਸ਼ਿਆਰਪੁਰ ਸਹਿਕਾਰੀ ਬੈਂਕ ਵਿਕਰਮ ਸ਼ਰਮਾ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ ਮੁਕੇਰੀਆਂ ਓਸ਼ੀ ਮੰਡਲ, ਕਮਿਸ਼ਨਰ ਨਗਰ ਨਿਗਮ ਜੋਤੀ ਬਾਲਾ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਪੀ.ਸੀ.ਐਸ ਗੁਰਪ੍ਰੀਤ ਕੌਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਪੰਜਾਬ ਮਾਰਚ-2026 ਦੀਆਂ ਬੋਰਡ ਪ੍ਰੀਖਿਆਵਾਂ ਲਈ ਐਂਡ-ਟੂ-ਐਂਡ ਡਿਜੀਟਲ ਮੁਲਾਂਕਣ ਪ੍ਰਣਾਲੀ ਲਾਗੂ ਕਰੇਗਾ : ਹਰਜੋਤ ਸਿੰਘ ਬੈਂਸ

## 23,000 ਉੱਤਰ ਪੱਤਰੀਆਂ ਦਾ ਸਫ਼ਲ ਮੁਲਾਂਕਣ, ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਇਸੇ ਸਾਲ ਮੈਟ੍ਰਿਕ ਪ੍ਰੀਖਿਆਵਾਂ ਵਿੱਚ ਲਾਗੂ ਹੋਵੇਗੀ

ਰਮਨ ਕੁਮਾਰ

ਚੰਡੀਗੜ੍ਹ, ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਸਰਕਾਰ ਮਾਰਚ-2026 ਦੀਆਂ ਬੋਰਡ ਪ੍ਰੀਖਿਆਵਾਂ ਲਈ ਮੁਲਾਂਕਣ ਪ੍ਰਕਿਰਿਆ ਵਿੱਚ ਵੱਡਾ ਬਦਲਾਅ ਲਿਆਉਣ ਜਾ ਰਹੀ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਲਾਗੂ ਕਰਨ ਦੀ ਤਿਆਰੀ ਮੁਕੰਮਲ ਕਰ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਕਦਮ ਨਾਲ ਪੰਜਾਬ ਦੇਸ਼ ਦੇ ਉਨ੍ਹਾਂ ਮੋਹਰੀ ਸੂਬਿਆਂ ਵਿੱਚ ਸ਼ੁਮਾਰ ਹੋ ਜਾਵੇਗਾ, ਜਿੱਥੇ ਪੂਰੀ ਤਰ੍ਹਾਂ ਡਿਜੀਟਲ ਮੁਲਾਂਕਣ ਪ੍ਰਣਾਲੀ ਅਪਣਾਈ ਜਾ ਰਹੀ ਹੈ। ਇਸ ਪ੍ਰਾਜੈਕਟ ਬਾਰੇ ਜਾਣਕਾਰੀ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਪ੍ਰਣਾਲੀ ਨਾਲ ਅਧਿਆਪਕ ਸਕੈਨ ਕੀਤੀਆਂ ਉੱਤਰ ਪੱਤਰੀਆਂ ਦਾ ਕੰਪਿਊਟਰ ‘ਤੇ ਮੁਲਾਂਕਣ ਕਰ ਸਕਣਗੇ ਅਤੇ ਸਾਫ਼ਟਵੇਅਰ ਰਾਹੀਂ ਅੰਕਾਂ ਦੀ ਗਿਣਤੀ ਆਪਣੇ ਆਪ ਹੋਵੇਗੀ ਜਿਸ ਨਾਲ ਨਤੀਜੇ



ਤੇਜ਼ ਅਤੇ ਸਹੀ ਤਰੀਕੇ ਨਾਲ ਜਾਰੀ ਹੋਣਗੇ। ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਪ੍ਰਣਾਲੀ ਨੇ ਤੁਰੰਤ ਅਤੇ ਸਟੀਕ ਮੁਲਾਂਕਣ ਕਰਕੇ ਆਪਣੀ ਯੋਗਤਾ ਪਹਿਲਾਂ ਹੀ ਸਾਬਤ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸਤੰਬਰ 2025 ਦੀ ਸਪਲੀਮੈਂਟਰੀ ਪ੍ਰੀਖਿਆ ਦੌਰਾਨ 23,000 ਉੱਤਰ ਪੱਤਰੀਆਂ ਦਾ ਡਿਜੀਟਲ ਮੁਲਾਂਕਣ ਸਫ਼ਲਤਾਪੂਰਵਕ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਫ਼ਲ ਪ੍ਰਯੋਗ ਤੋਂ ਉਤਸ਼ਾਹਿਤ ਹੋ ਕੇ ਪੰਜਾਬ ਸਕੂਲ ਸਿੱਖਿਆ ਬੋਰਡ ਇਸ ਸਾਲ ਮੈਟ੍ਰਿਕ ਪ੍ਰੀਖਿਆ ਦੇ ਇੱਕ ਵਿਸ਼ੇ ਵਿੱਚ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਲਾਗੂ ਕਰੇਗਾ ਅਤੇ ਆਉਣ ਵਾਲੇ ਸੈਸ਼ਨਾਂ ਵਿੱਚ ਇਸ ਦਾ ਵਿਸਥਾਰ ਕੀਤਾ ਜਾਵੇਗਾ। ਤਕਨੀਕੀ ਪੱਖਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਨਵੀਂ ਡਿਜ਼ਾਈਨ ਕੀਤੀ ਗਈ ਉੱਤਰ ਪੱਤਰੀ ਦੇ ਹਰੇਕ ਪੰਨੇ ਵਿੱਚ ਇੱਕ ਵਿਲੱਖਣ ਕਿਊ.ਆਰ. ਕੋਡ ਹੈ ਜਿਸ ਨਾਲ ਸੁਰੱਖਿਅਤ ਸਕੈਨਿੰਗ ਅਤੇ ਨਿਰਵਿਘਨ ਡਿਜੀਟਲ ਪ੍ਰੋਸੈਸਿੰਗ ਸੰਭਵ ਹੋਵੇਗੀ। ਸਿੱਖਿਆ ਮੰਤਰੀ ਨੇ ਕਿਹਾ ਕਿ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਤਹਿਤ ਉੱਤਰ ਪੱਤਰੀਆਂ ਨੂੰ ਇੱਕ ਸੁਰੱਖਿਅਤ ਮਾਹੌਲ ਵਿੱਚ ਸਕੈਨ ਕੀਤਾ ਜਾਂਦਾ ਹੈ ਅਤੇ ਇੱਕ ਕੇਂਦਰੀਕ੍ਰਿਤ ਡੈਸ਼ਬੋਰਡ ’ਤੇ ਅਪਲੋਡ ਕੀਤਾ ਜਾਂਦਾ ਹੈ, ਜਿੱਥੇ ਪ੍ਰੀਖਿਆਰਥੀ ਜੋੜ, ਢਾਂਚਾਗਤ ਮਾਰਕਿੰਗ ਸਕੀਮਾਂ ਅਤੇ ਅਸਲ-ਸਮੇਂ ਦੀ ਨਿਗਰਾਨੀ ਨਾਲ ਉਨ੍ਹਾਂ ਦਾ ਆਨਲਾਈਨ ਮੁਲਾਂਕਣ ਕਰਦੇ ਹਨ। ਉਨ੍ਹਾਂ ਕਿਹਾ, ÷ਇਹ ਸਿਰਫ਼ ਇੱਕ ਅਪਗ੍ਰੇਡ ਨਹੀਂ ਹੈ, ਇਹ ਸਾਡੇ ਬੱਚਿਆਂ ਦੇ ਭਵਿੱਖ ਦੇ ਮੁਲਾਂਕਣ ਦਾ ਮੁਕੰਮਲ ਬਦਲਾਅ ਹੈ।÷ ਸ. ਬੈਂਸ ਨੇ ਕਿਹਾ ਕਿ ਕਿਊ.ਆਰ ਕੋਡ ਵਾਲੀਆਂ ਸ਼ੀਟਾਂ ਅਤੇ ਡਿਜੀਟਲ ਮੁਲਾਂਕਣ ਨਾਲ ਨਿਰਪੱਖਤਾ, ਤੇਜ਼ੀ ਅਤੇ ਸਟੀਕਤਾ ਯਕੀਨੀ ਬਣੇਗੀ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਇਸ ਪਹਿਲ ਪਿੱਛੇ ਵਿਦਿਆਰਥੀਆਂ ਨੂੰ ਤਰਜੀਹ ਦੇਣ ਸਬੰਧੀ ਦ੍ਰਿਸ਼ਟੀਕੋਣ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, ÷ਇਹ ਪਹਿਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਮਾਨਦਾਰੀ ਅਤੇ ਕੁਸ਼ਲਤਾ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰੇਗੀ। ਵਿਦਿਆਰਥੀਆਂ ਨੂੰ ਨਤੀਜੇ ਵਿੱਚ ਲੱਗਣ ਵਾਲੇ ਸਮੇਂ ਵਿੱਚ ਕਮੀ, ਮਿਆਰੀ ਮਾਰਕਿੰਗ ਅਤੇ ਮੁਲਾਂਕਣ ਵਿੱਚ ਪਾਰਦਰਸ਼ਤਾ ਦਾ ਲਾਭ ਮਿਲੇਗਾ। ਸਾਡੇ ਅਧਿਆਪਕ ਵੀ ਡਿਜੀਟਲ ਇੰਟਰਫੇਸ ਨਾਲ ਕੰਮ ਕਰਨਗੇ, ਜੋ ਇਕਸਾਰਤਾ ਅਤੇ ਯੋਜਨਾਬੱਧ ਢੰਗ ਨਾਲ ਰਿਕਾਰਡ ਰੱਖਣ ਨੂੰ ਯਕੀਨੀ ਬਣਾਉਂਦਾ ਹੈ।

# ਵਿਜੀਲੈਂਸ ਬਿਊਰੋ ਵੱਲੋਂ ਦੋ ਸੀਨੀਅਰ ਇੰਡਸਟਰੀਅਲ ਪ੍ਰਮੋਸ਼ਨਲ ਅਫ਼ਸਰ ਅਤੇ ਟਰੇਡ ਅਸਿਸਟੈਂਟ 30,000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਜ਼ਿਲ੍ਹਾ ਉਦਯੋਗ ਕੇਂਦਰ ਦਫ਼ਤਰ, ਲੁਧਿਆਣਾ ਵਿਖੇ ਤਾਇਨਾਤ ਸੀਨੀਅਰ ਇੰਡਸਟਰੀਅਲ ਪ੍ਰਮੋਸ਼ਨਲ ਅਫ਼ਸਰ ਜਸਪਾਲ ਸਿੰਘ ਅਤੇ ਰਿਸ਼ਵ ਗਰਗ ਅਤੇ ਜ਼ਿਲ੍ਹਾ ਉਦਯੋਗ ਕੇਂਦਰ ਦਫ਼ਤਰ, ਲੁਧਿਆਣਾ ਵਿਖੇ ਤਾਇਨਾਤ ਟਰੇਡ ਅਸਿਸਟੈਂਟ ਅੰਤਰਪ੍ਰੀਤ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਹੈ। ਅੱਜ ਇੱਥੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਫੋਕਲ ਪੁਆਇੰਟ, ਲੁਧਿਆਣਾ ਦੇ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਫੋਕਲ ਪੁਆਇੰਟ, ਲੁਧਿਆਣਾ ਵਿਖੇ ਇੱਕ ਪ੍ਰੋਡਕਸ਼ਨ ਯੂਨਿਟ ਚਲਾਉਂਦਾ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੇ ਯੂਨਿਟ ਦੇ ਸਬੰਧ ਵਿੱਚ ਉਤਪਾਦਨ ਸਰਟੀਫਿਕੇਟ ਦੀ ਸਹੀ ਮਿਤੀ ਲਈ ਅਰਜ਼ੀ ਦਿੱਤੀ ਅਤੇ ਇਹ ਸਰਟੀਫਿਕੇਟ ਜਾਰੀ ਕਰਨ ਬਦਲੇ ਉਕਤ ਮੁਲਜ਼ਮਾਂ ਨੇ ਸ਼ਿਕਾਇਤਕਰਤਾ ਤੋਂ 45000 ਰੁਪਏ ਦੀ ਰਿਸ਼ਵਤ ਮੰਗੀ। ਉਨ੍ਹਾਂ ਦੱਸਿਆ ਕਿ



ਸ਼ਿਕਾਇਤਕਰਤਾ ਨੇ ਉਕਤ ਮੁਲਜ਼ਮਾਂ ਵੱਲੋਂ ਰਿਸ਼ਵਤ ਮੰਗਣ ਸਬੰਧੀ ਹੋਈ ਸਾਰੀ ਗੱਲਬਾਤ ਰਿਕਾਰਡ ਕਰ ਲਈ। ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਤਿੰਨੋਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਉਕਤ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ADVERTISE YOUR BUSINESS HERE
+91-9878-55-2070

ਹਰਿਆਣਾ ਖਬਰਨਾਮਾ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599
8-14 February 2026
ਕੀਮਤ : 5 ਰੁਪਏ

ADVERTISE YOUR BUSINESS HERE
+91-9878-55-2070

ਸਾਲ 2026 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

## ਸੁਰੱਖਿਆ ਫੋਰਸਾਂ ਅਤੇ ਸ਼ਹੀਦਾਂ ਦੀ ਬਦੌਲਤ ਹੀ ਸਾਡਾ ਦੇਸ਼ ਸੁਰੱਖਿਅਤ ਹੈ-ਆਰਤੀ ਸਿੰਘ ਰਾਓ

ਐਸ. ਕੇ. ਸਕਸੈਨਾ



ਚੰਡੀਗੜ੍ਹ, ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਸੁਰੱਖਿਆ ਫੋਰਸਾਂ ਅਤੇ ਸ਼ਹੀਦਾਂ ਦੀ ਬਦੌਲਤ ਹੀ ਸਾਡਾ ਦੇਸ਼ ਸੁਰੱਖਿਅਤ ਹੈ, ਇੰਨ੍ਹਾਂ ਦੇ ਬਲਿਦਾਨ ਨੂੰ ਕਦੀ ਭੁਲਾਇਆ ਨਹੀਂ ਜਾ ਸਕਦਾ ਹੈ। ਸਿਹਤ ਮੰਤਰੀ ਨੇ ਇਹ ਗੱਲ ਪੁਲਵਾਮਾ ਅੱਤਵਾਦੀ ਹਮਲੇ ਵਿੱਚ ਆਪਣੀ ਜਾਨ ਗਵਾਉਣ ਵਾਲੇ ਬਹਾਦੁਰ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਅਰਪਿਤ ਕਰਦੇ ਹੋਏ ਅੱਜ ਇੱਥੇ ਕਹੀ। ਉਨ੍ਹਾਂ ਨੇ ਕਿਹਾ ਕਿ ਪਿਛਲੀ 14 ਫਰਵਰੀ, 2019 ਨੂੰ ਜੰਮੂ-ਸ਼ ?ਰੀਨਗਰ ਕੌਮੀ ਰਾਜਮਾਰਗ 'ਤੇ ਸੀਆਰਪੀਐਫ ਦੇ ਜਵਾਨਾ ਦੇ ਕਾਫਿਲੇ 'ਤੇ ਦੁਪਹਿਰ ਕਰੀਬ 3 ਵਜੇ ਆਤਮਘਾਤੀ ਹਮਲਾ ਹੋਇਆ ਸੀ। ਇਸ ਦਰਦਨਾਕ ਘਟਨਾ ਨੂੰ ਯਾਦ ਕਰਦੇ ਹੋਏ ਹਰ ਸਾਲ 14 ਫਰਵਰੀ ਨੂੰ ਪੂਰੇ ਦੇਸ਼ ਵਿੱਚ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਹੈ ਅਤੇ ਇਸ ਦਿਨ ਨੂੰ ਬਲੈਕ ਡੇ ਵਜੋਂ ਯਾਦ ਕੀਤਾ ਜਾਂਦਾ ਹੈ। ਆਰਤੀ ਸਿੰਘ ਰਾਓ ਨੇ ਕਿਹਾ ਕਿ ਉਨ੍ਹਾਂ 40 ਸੁਰੱਖਿਆ ਕਰਮਚਾਰੀਆਂ ਦਾ ਸਰਵੋਚ ਬਲਿਦਾਨ ਦੇਸ਼ ਦੀ ਸਮ੍ਰਿਤੀ ਵਿੱਚ ਸਦਾ ਦਰਜ ਰਹੇਗਾ ਅਤੇ ਉਨ੍ਹਾਂ ਦਾ ਤਿਆਗ ਹਰੇਕ ਨਾਗਰਿਕ ਨੂੰ ਮਜਬੂਤ ਤੇ ਸੁਰੱਖਿਅਤ ਭਾਰਤ ਦੇ ਨਿਰਮਾਣ ਲਹੀ ਪੇ ?ਰਰਿਤ ਕਰਦਾ ਰਹੇਗਾ। ਉਨ੍ਹਾਂ ਨੇ ਕਿਹਾ ਕਿ ਉਹ ਖੁਦ ਇੱਕ ਸ਼ਹੀਦ ਪਰਿਵਾਰ ਤੋਂ ਤਾਲੁਕ ਰੱਖਦੀ ਹੈ, ਇਸ ਲਈ ਉਹ ਜਾਣਦੀ ਹੈ ਕਿ ਭਾਰਤ ਮਾਤਾ ਦੀ ਰੱਖਿਆ ਵਿੱਚ ਦਿੱਤੇ ਗਏ ਸਰਵੋਚ ਬਲਿਦਾਨ ਲਈ ਸਿਰਫ ਫੌਜੀ ਦਾ ਪਰਿਵਾਰ ਹੀ ਨਈਂ ਪੂਰੇ ਦੇਸ਼ ਨੂੰ ਫਕਰ ਹੁੰਦਾ ਹੈ। ਸਿਹਤ ਮੰਤਰੀ ਨੇ ਕਿਹਾ ਕਿ ਪੁਲਵਾਮਾ ਵਿੱਚ ਸ਼ਹੀਦ ਹੋਏ ਮਾਂ ਭਾਰਤੀ ਦੇ ਇੰਨ੍ਹਾਂ ਵੀਰ ਸਪੂਤਾਂ ਦੀ ਹਿੰਮਤ, ਜਿਵੇਮਾਰੀ ਅਤੇ ਦੇਸ਼ਭਗਤੀ ਆਉਣ ਵਾਲੀ ਪੀੜੀਆਂ ਲਈ ਪੇ ?ਰਰਣਾ ਦਾ ਸਰੋਤ ਹਨ। ਉਨ੍ਹਾਂ ਦਾ ਹੌਂਸਲਾ ਸਾਨੂੰ ਇਹ ਸੰਕਲਪ ਦਿਵਾਉਂਦਾ ਹੈ ਕਿ ਸਾਨੂੰ ਅੱਤਵਾਦ ਅਤੇ ਹਿੰਸਾ ਦੇ ਵਿਰੁੱਧ ਇੱਕਜੁੱਅ ਹੋ ਕੇ ਦ੍ਰਿੜਤਾ ਨਾਲ ਖੜੇ ਰਹਹਿਣ ਅਤੇ ਰਾਸ਼ਟਰ ਦੀ ਸੁਰੱਖਿਆ ਨੂੰ ਸੱਭ ਤੋਂ ਉੱਪਰ ਰੱਖਣ। ਉਨ੍ਹਾਂ ਨੇ ਅੱਗੇ ਕਿਹਾ ਕਿ ਪੁਲਵਾਮਾ ਦਾ ਇਹ ਹਮਲਾ ਸਿਰਫ ਸੁਰੱਖਿਆ ਫੌਰਸਾਂ 'ਤੇ ਨਈਂ, ਸਗੋ ਪੂਰੇ ਦੇਸ਼ ਦੀ ਆਤਮਾ 'ਤੇ ਵਾਰ ਸੀ। ਪਰ ਸਾਡੇ ਜਵਾਨਾ ਦੀ ਸ਼ਹਾਦਤ ਨੇ ਭਾਰਤ ਨੂੰ ਹੋਰ ਵੱਧ ਮਜਬੂਤ, ਸੰਗਠਤ ਅਤੇ ਸੰਕਲਪਿਤ ਬਣਾਇਆ ਹੈ। ਦੇਸ਼ਵਾਸੀਆਂ ਦੀ ਏਕਤਾ ਹੀ ਅੱਤਵਾਦ ਦੇ ਵਿਰੁੱਧ ਸਾਡੀ ਸੱਭ ਤੋਂ ਵੱਡੀ ਤਾਕਤ ਹੈ। ਆਰਤੀ ਰਾਓ ਨੇ ਸ਼ਹੀਦਾਂ ਦੇ ਪਰਿਜਨਾਂ ਦੇ ਪ੍ਰਤੀ ਡੂੰਘੀ ਸੰਵੇਦਨਾ ਵਿਅਕਤ ਕਰਦੇ ਹੋਏ ਕਿਹਾ ਕਿ ਪੂਰਾ ਰਾਸ਼ਟਰ ਉਨ੍ਹਾਂ ਦੇ ਨਾਲ ਖੜਾ ਹੈ। ਸ਼ਹੀਦਾਂ ਦਾ ਬਲਿਦਾਨ ਸਦਾ ਯਾਦਗਾਰ ਰਹੇਗਾ ਅਤੇ ਰਾਸ਼ਟਰ ਉਨ੍ਹਾਂ ਦਾ ਕਰਜਈ ਰਹੇਗਾ।

## ਏਕੀਕ੍ਰਿਤ ਬਾਗਵਾਨੀ ਮਿਸ਼ਨ ਤਹਿਤ ਜ਼ਿਲ੍ਹਾ ਪੱਧਰੀ ਬਾਗਵਾਨੀ ਸੈਮਿਨਾਰ ਦਾ ਆਯੋਜਨ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਬਾਗਵਾਨੀ ਫਸਲਾਂ ਨੂੰ ਵਧਾਉਣ ਲਈ ਸਰਕਾਰ ਨੇ ਕਈ ਯੋਜਨਾਵਾਂ ਚਲਾਈ ਹੈ, ਜਿਨ੍ਹਾਂ ਦਾ ਲਾਭ ਕਿਸਾਨਾ ਨਾਲ ਜੁੜੀ ਯੋਜਨਾਵਾਂ ਨੂੰ ਬਹੁਤ ਗੰਭੀਰਤਾ ਨਾਲ ਲਾਗੂ ਕਰਦੀ ਹੈ। ਫਲਾਂ ਅਤੇ ਸੱਬਿਜਆਂ ਦੇ ਬਾਜਾਰ ਮੁੱਲ ਘੱਟ ਹੋਣ 'ਤੇ ਕਿਸਾਨਾਂ ਨੂੰ ਭਾਵਾਂਤਰ ਭਰਪਾਈ ਯੋਜਨਾ ਤਹਿਤ ਪ੍ਰਤੱਖ ਰੂਪ ਨਾਲ ਮੁਆਵਜਾ ਮੁਹੱਈਆ ਕਰਵਾਇਆ ਜਾਂਦਾ ਹੈ ਤਾਂ ਜੋ ਉਤਪਾਦਕਤਾ ਅਤੇ ਲਾਗਤ ਵਿੱਚ ਸੰਤੁਲਨ ਬਣਿਆ ਰਵੇ। ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਯਮੁਨਾਨਗਰ ਵਿੱਚ ਬਾਗਵਾਨੀ ਵਿਭਾਗ ਵੱਲ ਖੰਡ ਰਾਦੌਰ ਦੇ ਤ੍ਰਿਵੇਣੀ ਗਾਰਡਨ ਵਿੱਚ ਏਕੀਕ੍ਰਿਤ ਬਾਗਵਾਨੀ ਮਿਸ਼ਨ ਤਹਿਤ ਆਯੋਜਿਤ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਬੋਲ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਰਾਜ ਸਰਕਾਰ ਨੇ ਬਾਗਵਾਨੀ, ਮਧੁਮੱਖੀ ਪਾਲਨ ਅਤੇ ਟਿਕਾਓ ਖੇਤੀਬਾੜੀ ਦੇ ਖੇਤਰ ਵਿੱਚ ਨਵੀਂ ਮਿਸਾਲ ਕਾਇਮ ਕੀਤੀ ਹੈ। ਰਾਜ ਸਰਕਾਰ ਸੂਬੇ ਵਿੱਚ ਕਿਸਾਨਾਂ ਦੀ ਆਮਦਣ ਨੂੰ ਵਧਾਉਣ ਲਈ ਯਤਨਸ਼ੀਲ ਹੈ। ਕਿਸਾਨ ਭਲਾਈ ਵਿੱਚ ਯੋਜਨਾਵਾਂ ਬਣਾਈ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਵਿੱਚ ਹਜ਼ਾਰਾਂ ਏਕੜ ਖੇਤਰ ਵਿੱਚ ਉੱਨਤ ਤਕਨੀਕਾਂ ਰਾਹੀਂ ਸਬਜੀ ਉਤਪਾਦਨ ਨੂੰ ਵਾਧਾ ਦਿੱਤਾ ਗਿਆ ਹੈ।

## ਨਿਵੇਸ਼ਕਾਂ ਦਾ ਵਿਸ਼ਵਾਸ, ਨੀਤੀਆਂ ਵਿੱਚ ਪਾਰਦਰਸ਼ਤਾ ਬਣਾਉਣ ਦੇ ਟੀਚੇ ਨਾਲ ਕੰਮ ਕਰ ਰਿਹਾ ਹਰਿਆਣਾ- ਮੁੱਖ ਮੰਤਰੀ ਨਾਇਬ ਸਿੰਘ ਸੈਣੀ

### ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਨਵੀਂ ਦਿੱਲੀ ਵਿੱਚ ਵੱਖ-ਵੱਖ ਕੰਪਨੀਆਂ ਦੇ ਪ੍ਰਤੀਨਿਧੀਆਂ ਨਾਲ ਕੀਤੀ ਮੁਲਾਕਾਤ

ਮਨਦੀਪ ਕੌਰ



ਚੰਡੀਗੜ੍ਹ, - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਨਿਵੇਸ਼ਕਾਂ ਦਾ ਵਿਸ਼ਵਾਸ ਅਤੇ ਨੀਤੀਆਂ ਵਿੱਚ ਪਾਰਦਰਸ਼ਤਾ ਬਣਾਉਣ ਦੇ ਟੀਚੇ ਨਾਲ ਕੰਮ ਕਰ ਰਹੀ ਹੈ। ਹਰਿਆਣਾ ਉਦਯੋਗਿਕ ਨਿਵੇਸ਼ ਲਈ ਸਭ ਤੋਂ ਵਧੀਆ ਰਾਜਾਂ ਵਿੱਚੋਂ ਇੱਕ ਹੈ, ਜਿਸ ਵਿੱਚ ਅਨੁਕੂਲ ਮਾਹੌਲ ਹੈ। ਮੁੱਖ ਮੰਤਰੀ ਸ਼ਨੀਵਾਰ ਨੂੰ ਨਵੀਂ ਦਿੱਲੀ ਵਿੱਚ ਨਿਵੇਸ਼ਕਾਂ ਨਾਲ ਮੁਲਾਕਾਤ ਕਰ ਰਹੇ ਸਨ। ਮੀਟਿੰਗ ਦੌਰਾਨ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਰਾਜ ਵਿੱਚ ਨਿਵੇਸ਼ ਸੰਬੰਧੀ ਵੱਖ-ਵੱਖ ਅੰਤਰਰਾਸ਼ਟਰੀ ਕੰਪਨੀਆਂ ਦੇ ਪ੍ਰਤੀਨਿਧੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਆਉਣ ਵਾਲੀਆਂ ਯੋਜਨਾਵਾਂ ਬਾਰੇ ਜਾਣਿਆ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਅਜਿਹੀਆਂ ਨੀਤੀਆਂ ਬਣਾ ਰਹੀ ਹੈ ਜੋ ਨਿਵੇਸ਼ਕਾਂ ਦੇ ਵਿਸ਼ਵਾਸ ਨੂੰ ਵੱਧ ਤੋਂ ਵੱਧ ਕਰਨ। ਇਸ ਦੇ ਨਾਲ ਹੀ, ਆਪਣੀਆਂ ਨੀਤੀਆਂ ਵਿੱਚ ਪਾਰਦਰਸ਼ਤਾ ਹੈ। ਇਹ ਕੰਮ ਸਰਕਾਰੀ ਪ੍ਰਵਾਨਗੀਆਂ ਲਈ ਲੋੜੀਂਦੇ ਸਮੇਂ ਨੂੰ ਘੱਟ ਤੋਂ ਘੱਟ ਕਰਨ ਅਤੇ ਤੇਜ਼ੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੇ ਟੀਚੇ ਨਾਲ ਕੀਤਾ ਜਾ ਰਿਹਾ ਹੈ। ਯੂਰਪੀਅਨ ਯੂਨੀਅਨ ਦੇ ਐਮਐਸਐਮਈ ਅਤੇ ਹਰਿਆਣਾ ਦੇ ਐਮਐਸਐਮਈ ਵਿਚਕਾਰ ਮੈਚਮੇਕਿੰਗ ਕੀਤੀ ਜਾਵੇਗੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤ ਅਤੇ ਯੂਰਪੀ ਸੰਘ ਵਿਚਕਾਰ ਹੋਏ ਸਮਝੌਤੇ ਨਾਲ ਹਰਿਆਣਾ ਦੇ ਉਦਯੋਗਾਂ ਨੂੰ ਫਾਇਦਾ ਹੋਵੇਗਾ। ਉਨ੍ਹਾਂ ਨੇ ਹਰਿਆਣਾ-ਯੂਰਪੀਅਨ ਵਰਕਿੰਗ ਗਰੁੱਪ ਦੇ ਗਠਨ ਦਾ ਐਲਾਨ ਕੀਤਾ। ਇਸਦਾ ਮੁੱਖ ਉਦੇਸ਼ ਯੂਰਪੀਅਨ ਯੂਨੀਅਨ ਦੇ ਐਮਐਸਐਮਈਜ਼ ਨੂੰ ਹਰਿਆਣਾ ਦੇ ਐਮਐਸਐਮਈਜ਼ ਨਾਲ ਮੇਲਣਾ ਹੋਵੇਗਾ ਤਾਂ ਜੋ ਸਾਡੇ ਉਦਯੋਗ ਆਪਣੇ ਉਦਯੋਗਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰ ਸਕਣ। ਇਸ ਨਾਲ ਹਰਿਆਣਾ ਦੇ ਉਦਯੋਗਾਂ ਨੂੰ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਵਿਦੇਸ਼ੀ ਕੰਪਨੀਆਂ ਦੀ ਪਛਾਣ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਹਰਿਆਣਾ ਵਿੱਚ ਨਿਰਮਾਣ ਕੰਪਨੀਆਂ ਨਾਲ ਜੋੜਿਆ ਜਾਵੇਗਾ।

**ਉਦਯੋਗਾਂ ਨੂੰ ਲਗਾਤਾਰ ਜ਼ਮੀਨ ਪ੍ਰਦਾਨ ਕਰਨਾ**- ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਐਚਐਸਵਾਈਆਈਡੀਸੀ ਉਦਯੋਗ ਸਥਾਪਤ ਕਰਨ ਲਈ ਲਗਾਤਾਰ ਜ਼ਮੀਨ ਪ੍ਰਦਾਨ ਕਰ ਰਿਹਾ ਹੈ। ਵੱਖ-ਵੱਖ ਉਦਯੋਗਿਕ ਜ਼ੋਨ ਬਣਾਏ ਜਾ ਰਹੇ ਹਨ। ਰਾਜ ਸਰਕਾਰ 10 ਨਵੇਂ ਆਈਐਮਟੀ ਵਿਕਸਤ ਕਰ ਰਹੀ ਹੈ। ਉਨ੍ਹਾਂ ਨੇ ਹਰਿਆਣਾ ਵਿੱਚ ਉਦਯੋਗਾਂ ਲਈ ਜ਼ਮੀਨ ਦੀ ਮੰਗ ਕਰਨ ਵਾਲੀਆਂ ਕੰਪਨੀਆਂ ਦੇ ਪ੍ਰਤੀਨਿਧੀਆਂ ਨਾਲ ਵੀ ਮੁਲਾਕਾਤ ਕੀਤੀ।

**ਜਲਦੀ ਹੀ ਜੀਸੀਸੀਜ਼ ਬਾਰੇ ਇੱਕ ਨੀਤੀ ਪੇਸ਼ ਕਰੇਗਾ ਹਰਿਆਣਾ**-ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਦੁਨੀਆ ਭਰ ਦੀਆਂ ਕੰਪਨੀਆਂ ਵੱਖ-ਵੱਖ ਦੇਸ਼ਾਂ ਵਿੱਚ ਕੰਮ ਕਰ ਰਹੀਆਂ ਹਨ। ਨਤੀਜੇ ਵਜੋਂ, ਗਲੋਬਲ ਸਮਰੱਥਾ ਕੇਂਦਰਾਂ (ਜੀਸੀਸੀਜ਼) ਦਾ ਰੁਝਾਨ ਤੇਜ਼ੀ ਨਾਲ ਵਧਿਆ ਹੈ। ਰਾਜ ਸਰਕਾਰ ਜਲਦੀ ਹੀ ਗਲੋਬਲ ਸਮਰੱਥਾ ਕੇਂਦਰਾਂ (ਜੀਸੀਸੀਜ਼) ਲਈ ਇੱਕ ਨਵੀਂ ਨੀਤੀ ਪੇਸ਼ ਕਰੇਗੀ। ਇਹ ਹਰਿਆਣਾ ਵਿੱਚ ਜੀਸੀਸੀਜ਼ ਸਥਾਪਤ ਕਰਨ ਦੀਆਂ ਇੱਛਾ ਰੱਖਣ ਵਾਲੀਆਂ ਕੰਪਨੀਆਂ ਨੂੰ ਸਹੂਲਤ ਦੇਵੇਗਾ। ਇਸ ਮੌਕੇ ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਐ ਚ ਐ ਸ ਆ ਈ ਆ ਈ ਡੀ ਸੀ ਸੀਸੀਆਈ ਦੇ ਡਾਇਰੈਕਟਰ ਜਨਰਲ ਸ੍ਰੀ ਯਸ਼ ਗਰਗ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## 39ਵੇਂ ਸੂਰਜਕੁੰਡ ਕੌਮਾਂਤਰੀ ਸਵੈ-ਨਿਰਭਰ ਮਹੋਤਵ ਦਾ 15 ਫਰਵਰੀ ਨੂੰ ਹੋਵੇਗਾ ਸ਼ਾਨਦਾਰ ਸਮਾਪਨ

ਰਮਨ ਕੁਮਾਰ

**39ਵੇਂ ਸੂਰਜਕੁੰਡ ਕੌਮਾਂਤਰੀ ਸ਼ਿਲਪ ਮੇਲੇ ਦੇ ਸਮਾਪਨ ਵਿੱਚ ਹਰਿਆਣਾ ਦੇ ਰਾਜਪਾਲ ਪ੍ਰੋਫੇਸਰ ਅਸੀਮ ਕੁਮਾਰ ਘੋਸ਼ ਹੋਣਗੇ ਮੁੱਖ ਮਹਿਮਾਨ**

ਚੰਡੀਗੜ੍ਹ, -ਫਰੀਦਾਬਾਦ ਵਿੱਚ 31 ਜਨਵਰੀ ਤੋਂ ਸ਼ੁਰੂ ਹੋਏ 39ਵੇਂ ਸੂਰਜਕੁੰਡ ਕੌਮਾਂਤਰੀ ਸਵੈ-ਨਿਰਭਰ ਮਹੋਤਵ 15 ਫਰਵਰੀ ( ਐਤਵਾਰ ) ਨੂੰ ਸ਼ਾਨਦਾਰ ਸਮਾਪਨ ਸਮਾਰੋਹ ਨਾਲ ਸਮਾਪਤ ਹੋਵੇਗਾ। ਵਿਸ਼ਵ ਪ੍ਰਸਿੱਧ ਸੂਰਜਕੁੰਡ ਕੌਮਾਂਤਰੀ ਸ਼ਿਲਪ ਮੇਲੇ ਦੇ ਸਮਾਪਨ 'ਤੇ ਹਰਿਆਣਾ ਦੇ ਮਾਣਯੋਗ ਰਾਜਪਾਲ ਪ੍ਰੋਫੇਸਰ ਅਸੀਮ ਕੁਮਾਰ ਘੋਸ਼ ਮੁੱਖ ਮਹਿਮਾਨ ਵੱਜੋਂ ਮੌਜੂਦ ਰਹਿ ਕੇ ਪ੍ਰੋਗਰਾਮ ਦੀ ਸ਼ੋਭਾ ਵਧਾਉਂਗੇ।

ਸੈਰ-ਸਪਾਟਾ ਨਿਗਮ ਹਰਿਆਣਾ ਅਤੇ ਮੇਲਾ ਪ੍ਰਸ਼ਾਸਨ ਵੱਲੋਂ ਸਮਾਪਨ ਸਮਾਰੋਹ ਦੇ ਸਫਲ ਆਯੋਜਨ ਲਈ ਸਾਰੀ ਲੋੜਵੰਦ ਤਿਆਰਿਆਂ ਪੂਰੀ ਕਰ ਲਈ ਗਈਆਂ ਹਨ। ਆਯੋਜਨ ਸਥਲ ਸੂਰਜਕੁੰਡ 'ਤੇ ਸੁਰੱਖਿਆ, ਟ ?ਰਾਂਸਪੋਰਟ ਪ੍ਰਬੰਧਨ, ਮਹਿਮਾਨ ਨਵਾਜੀ, ਮੰਚ ਸੰਚਾਲਨ ਅਤੇ ਸਾਂਸਕ੍ਰਿਤਿਕ ਪ੍ਰੋਗਰਾਮਾਂ ਦੇ ਸੰਚਾਲਨ ਲਈ ਵਿਆਪਕ ਪੱਧਰ 'ਤੇ ਵਿਵਸਥਾਵਾਂ ਯਕੀਨੀ ਕੀਤੀ ਗਈਆਂ ਹਨ। 15 ਫਰਵਰੀ ਨੂੰ ਦੁਪਹਿਰ 3 ਵਜੇ ਆਯੋਜਿਤ ਹੋਣ ਵਾਲੇ ਇਸ ਸ਼ਾਨਦਾਰ ਸਮਾਪਨ ਸਮਾਰੋਹ ਵਿੱਚ ਦੇਸ਼-ਵਿਦੇਸ਼ ਤੋਂ ਆਏ ਸ਼ਿਲਪਕਾਰਾਂ, ਦਸਤਕਾਰੀ ਮਾਹਿਰਾਂ ਅਤੇ ਸਾਂਸਕ੍ਰਿਤਿਕ ਪ੍ਰੋਗਰਾਮਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਕਲਾਕਾਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਹ ਸਨਮਾਨ ਪਾਰੰਪਰਿਕ ਸ਼ਿਲਪ, ਲੋਕ ਕਲਾਵਾਂ ਦੇ ਸਰੰਖਣ ਅਤੇ ਸਵੈ-ਨਿਰਭਰ ਭਾਰਤ ਦੀ ਅਵਧਾਰਣਾ ਨੂੰ ਸਸ਼ਕਤ ਬਨਾਉਣ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਪ੍ਰਤੀ ਸਵਰੂਪ ਪ੍ਰਦਾਨ ਕੀਤਾ ਜਾਵੇਗਾ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਉਦਯੋਗ-ਪੱਖੀ ਨੀਤੀਆਂ ਨਾਲ ਅੱਗੇ ਵਧ ਰਿਹਾ ਹਰਿਆਣਾ- ਡਾ. ਅਮਿਤ ਅਗਰਵਾਲ

### ਉਦਯੋਗਾਂ ਲਈ ਹਰਿਆਣਾ ਸ਼ਾਨਦਾਰ ਸੰਪਰਕ ਅਤੇ ਆਸਾਨ ਬਾਜ਼ਾਰ ਪਹੁੰਚ ਕਰ ਰਿਹਾ ਪ੍ਰਦਾਨ

ਪੰਕਜ

ਚੰਡੀਗੜ੍ਹ, - ਹਰਿਆਣਾ ਦੇ ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ ਨੇ ਮਜ਼ਬੂਤ ਆਰਥਿਕ ਅਧਾਰ ਅਤੇ ਉਦਯੋਗ-ਪੱਖੀ ਨੀਤੀਆਂ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਹਰਿਆਣਾ ਦੇਸ਼ ਦੇ ਪ੍ਰਧਾਨ ਮੰਤਰੀ ਦੇ 'ਵਿਕਸਤ ਭਾਰਤ' ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਤਿਆਰ ਹੈ। ਹਰਿਆਣਾ ਆਪਣੇ ਨਿਵੇਸ਼ਕਾਂ ਲਈ ਲਗਾਤਾਰ ਬਿਹਤਰ ਨੀਤੀਆਂ ਬਣਾ ਰਿਹਾ ਹੈ ਅਤੇ ਲਾਗੂ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਉਦਯੋਗਾਂ ਲਈ ਸ਼ਾਨਦਾਰ ਸੰਪਰਕ ਅਤੇ ਆਸਾਨ ਬਾਜ਼ਾਰ ਪਹੁੰਚ ਪ੍ਰਦਾਨ ਕਰਦਾ ਹੈ।

ਡਾ. ਅਗਰਵਾਲ ਸ਼ਨੀਵਾਰ ਨੂੰ ਨਵੀਂ ਦਿੱਲੀ ਵਿੱਚ ਆਯੋਜਿਤ ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਦਯੋਗ ਦੇ ਨੇਤਾਵਾਂ ਅਤੇ ਹਿੱਸੇਦਾਰਾਂ ਦਾ ਸਵਾਗਤ ਕਰਦੇ ਹੋਏ, ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ, ਹਰਿਆਣਾ ਨਿਵੇਸ਼ ਅਤੇ ਉੱਦਮ ਲਈ ਦੇਸ਼ ਦੇ ਸਭ ਤੋਂ ਆਕਰਸ਼ਕ ਸਥਾਨਾਂ ਵਿੱਚੋਂ ਇੱਕ ਵਜੋਂ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਸਪੱਸ਼ਟ ਰੋਡਮੈਪ ਨਾਲ ਅੱਗੇ ਵਧ ਰਿਹਾ ਹੈ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ, ਉਦਯੋਗ-ਪੱਖੀ ਨੀਤੀਆਂ ਤਿਆਰ ਕੀਤੀਆਂ ਜਾ ਰਹੀਆਂ ਹਨ, ਅਤੇ ਰਾਜ ਵਿਕਾਸ ਦੇ ਰਾਹ 'ਤੇ ਲਗਾਤਾਰ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਵਿਕਾਸ ਦਰ ਲਗਾਤਾਰ ਰਾਸ਼ਟਰੀ ਔਸਤ ਤੋਂ ਵੱਧ ਗਈ ਹੈ, ਜਿਸ ਵਿੱਚ ਜੀਡੀਪੀ ਵਿੱਚ ਸੁਧਾਰ ਹੋਇਆ ਹੈ। ਦੇਸ਼ ਦੇ ਕੁੱਲ ਭੂਗੋਲਿਕ ਖੇਤਰ ਦਾ ਸਿਰਫ਼ 1.3 ਫੀਸਦੀ ਅਤੇ ਆਬਾਦੀ ਦਾ 2.1 ਫੀਸਦੀ ਹੋਣ ਦੇ ਬਾਵਜੂਦ, ਰਾਜ ਦੇਸ਼ ਦੇ ਕੁੱਲ ਜੀਐਸਟੀ ਸੰਗ੍ਰਹਿ ਵਿੱਚ ਲਗਭਗ 7.1 ਫੀਸਦੀ ਦਾ ਯੋਗਦਾਨ ਪਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਹਰਿਆਣਾ ਦੀ ਮਜ਼ਬੂਤ ਆਰਥਿਕ ਨੀਂਹ ਅਤੇ ਉੱਚ ਮੁੱਲ ਵਾਧਾ ਸੰਭਾਵਨਾ ਦਾ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਹਾਕੇ ਦੌਰਾਨ ਅਸਲ ਪ੍ਰਤੀ ਵਿਅਕਤੀ ਆਮਦਨ ਵਾਧਾ ਵੀ ਲਗਾਤਾਰ ਰਾਸ਼ਟਰੀ ਔਸਤ ਤੋਂ ਵੱਧ ਗਿਆ ਹੈ। ਰਾਜ ਦੀ ਪ੍ਰਤੀ ਵਿਅਕਤੀ ਆਮਦਨ ਰਾਸ਼ਟਰੀ ਔਸਤ ਦੇ 70 ਫੀਸਦੀ ਤੋਂ ਵੱਧ ਹੈ। ਡਾ. ਅਗਰਵਾਲ ਨੇ ਅੱਗੇ ਕਿਹਾ ਕਿ ਹਰਿਆਣਾ ਦੀ ਭੂਗੋਲਿਕ ਸਥਿਤੀ ਇਸਦੀਆਂ ਸਭ ਤੋਂ ਵੱਡੀਆਂ ਢਾਂਚਾਗਤ ਤਾਕਤਾਂ ਵਿੱਚੋਂ ਇੱਕ ਹੈ। ਦੇਸ਼ ਦੇ ਰਾਸ਼ਟਰੀ ਰਾਜਧਾਨੀ ਖੇਤਰ ਦੇ ਨੇੜੇ ਸਥਿਤ, ਹਰਿਆਣਾ ਸ਼ਾਨਦਾਰ ਸੰਪਰਕ ਅਤੇ ਬਾਜ਼ਾਰਾਂ ਤੱਕ ਆਸਾਨ ਪਹੁੰਚ ਪ੍ਰਦਾਨ ਕਰਦਾ ਹੈ। ਰਾਜ ਦੇ ਸਾਰੇ ਜ਼ਿਲ੍ਹੇ ਰਾਸ਼ਟਰੀ ਰਾਜਮਾਰਗਾਂ ਜਾਂ ਚਾਰ-ਮਾਰਗੀ ਐਕਸਪ੍ਰੈਸਵੇਅ ਨਾਲ ਜੁੜੇ ਹੋਏ ਹਨ, ਅਤੇ ਕੋਈ ਵੀ ਜ਼ਿਲ੍ਹਾ ਗੁਰੂਗ੍ਰਾਮ ਜਾਂ ਦਿੱਲੀ ਤੋਂ ਤਿੰਨ ਤੋਂ ਚਾਰ ਘੰਟਿਆਂ ਤੋਂ ਵੱਧ ਦੂਰ ਨਹੀਂ ਹੈ। ਇਸ ਤੋਂ ਇਲਾਵਾ, ਪੂਰਾ ਰਾਜ ਤਿੰਨ ਪ੍ਰਮੁੱਖ ਅੰਤਰਰਾਸ਼ਟਰੀ ਹਵਾਈ ਅੱਡਿਆਂ - ਨਵੀਂ ਦਿੱਲੀ ਅੰਤਰਰਾਸ਼ਟਰੀ ਹਵਾਈ ਅੱਡਾ, ਜੇਵਰ ਅੰਤਰਰਾਸ਼ਟਰੀ ਹਵਾਈ ਅੱਡਾ ਅਤੇ ਚੰਡੀਗੜ੍ਹ ਅੰਤਰਰਾਸ਼ਟਰੀ ਹਵਾਈ ਅੱਡਾ - ਦੇ 300 ਕਿਲੋਮੀਟਰ ਦੇ ਘੇਰੇ ਵਿੱਚ ਸਥਿਤ ਹੈ ਜੋ ਵਿਸ਼ਵ ਬਾਜ਼ਾਰਾਂ ਤੱਕ ਤੇਜ਼ੀ ਨਾਲ ਪਹੁੰਚ ਨੂੰ ਯਕੀਨੀ ਬਣਾਉਂਦਾ ਹੈ। ਹਰਿਆਣਾ ਨੇ ਵੱਖ-ਵੱਖ ਖੇਤਰਾਂ ਵਿੱਚ ਮਜ਼ਬੂਤ ਉਦਯੋਗਿਕ ਵਾਤਾਵਰਣ ਪ੍ਰਣਾਲੀ ਵਿਕਸਤ ਕੀਤੀ ਹੈ, ਜਿਸ ਵਿੱਚ ਐਨਸੀਆਰ ਖੇਤਰ ਵਿੱਚ ਆਟੋਮੋਬਾਈਲ ਅਤੇ ਇਲੈਕਟ੍ਰਿਕ ਵਾਹਨ ਕਲੱਸਟਰ, ਅੰਬਾਲਾ ਵਿੱਚ ਮੈਡੀਕਲ ਉਪਕਰਣ, ਪਾਣੀਪਤ ਵਿੱਚ ਟੈਕਸਟਾਈਲ, ਬਹਾਦਰਗੜ੍ਹ ਵਿੱਚ ਚਮੜਾ ਅਤੇ ਜੁੱਤੇ, ਕਈ ਜ਼ਿਲ੍ਹਿਆਂ ਵਿੱਚ ਫੂਡ ਪਾਰਕ ਅਤੇ ਉੱਭਰ ਰਹੇ ਉਦਯੋਗਾਂ ਦਾ ਸਮਰਥਨ ਕਰਨ ਲਈ ਆਈਐਮਟੀ ਸੋਹਨਾ ਵਿਖੇ ਇੱਕ ਨਵੀਂ ਪੀੜ੍ਹੀ ਦੇ ਇਲੈਕਟ ?ਰਾਨਿਕਸ ਕਲੱਸਟਰ ਸ਼ਾਮਲ ਹਨ। ਡਾ. ਅਮਿਤ ਕੁਮਾਰ ਅਗਰਵਾਲ ਨੇ ਕਿਹਾ ਕਿ ਰਾਜ ਸਰਕਾਰ ਸਰਲ ਨਿਯਮਾਂ, ਬਿਹਤਰ ਬੁਨਿਆਦੀ ਢਾਂਚੇ ਅਤੇ ਨਿਵੇਸ਼ਕ-ਕੇਂਦ੍ਰਿਤ ਸ਼ਾਸਨ ਰਾਹੀਂ ਕਾਰੋਬਾਰ ਕਰਨ ਦੀ ਸੌਖ ਨੂੰ ਹੋਰ ਬਿਹਤਰ ਬਣਾਉਣ ਲਈ ਵਚਨਬੱਧ ਹੈ।

## ਕਾਂਗਰਸ ਦੇ 55 ਸਾਲ ਦੇ ਸ਼ਾਸਨ ਕਾਲ ਦੀ ਥਾਂ ਪ੍ਰਧਾਨ ਮੰਤਰੀ ਮੋਦੀ ਨੇ 11 ਸਾਲ ਵਿੱਚ ਦੇਸ਼ ਨੂੰ ਬਦਲਣ ਦਾ ਕੰਮ ਕੀਤਾ-ਨਾਇਬ ਸਿੰਘ ਸੈਣੀ

### ਕਾਂਗ੍ਰਸ ਧੋਖਾ ਤਾਂ ਆਮ ਆਦਮੀ ਪਾਰਟੀ ਮਹਾਧੋਖਾ- ਮੁੱਖ ਮੰਤਰੀ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਚੰਡੀਗੜ੍ਹ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਂਗ੍ਰਸ ਪਾਰਟੀ ਨੇ 55 ਸਾਲ ਦੇਸ਼ 'ਤੇ ਸ਼ਾਸਨ ਕੀਤਾ ਜਦੋਂ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਸਿਰਫ 11 ਸਾਲਾਂ ਦੇ ਸ਼ਾਸਨ ਵਿੱਚ ਦੇਸ਼ ਦਪ ਤਸਵੀਰ ਬਦਲਣ ਦਾ ਕੰਮ ਕੀਤਾ। ਉਨ੍ਹਾਂ ਨੇ ਕਿਹਾ ਕਿ ਕਾਂਗ੍ਰਸ ਵਿਪੱਖ ਦੀ ਭੂਮਿਕਾ ਵੀ ਨਹੀਂ ਨਿਭਾ ਰਹੀ, ਉਨ੍ਹਾਂ ਨੂੰ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਵਾਜਪੇਈ ਦੇ ਜੀਵਨ ਤੋਂ ਸੀਖ ਲੈਣੀ ਚਾਹੀਦੀ ਹੈ ਤਾਂ ਜੋ ਉਨ੍ਹਾਂ ਨੂੰ ਪਤਾ ਲੱਗੇ ਕਿ ਵਿਪੱਖ ਦੀ ਕੀ ਭੂਮਿਕਾ ਹੁੰਦੀ ਹੈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ੁੱਕਰਵਾਰ ਨੂੰ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਮੀਡੀਆ ਨੂੰ ਸੰਬੋਧਿਤ ਕਰ ਰਹੇ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਂਗ੍ਰਸ ਦੇ ਰਾਜ ਵਿੱਚ ਦੇਸ਼ ਲਗਾਤਾਰ ਭ੍ਰਿਸ਼ਟਾਚਾਰ ਦੇ ਦਲ-ਦਲ ਵਿੱਚ ਫੰਸਦਾ ਚਲਾ ਗਿਆ। ਦੇਸ਼ ਦਾ ਵਿਕਾਸ ਜਿਸ ਗਤੀ ਨਾਲ ਹੋਣਾ ਚਾਹੀਦਾ ਸੀ, ਉਹ ਨਹੀਂ ਹੋਇਆ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ 11 ਸਾਲਾਂ ਵਿੱਚ ਭਾਰਤ ਦਾ ਨਾਮ ਦੁਨਿਆ ਭਰ ਵਿੱਚ ਰੋਸ਼ਨ ਕਰਨ ਦਾ ਕੰਮ ਕੀਤਾ। ਕਾਂਗ੍ਰਸ ਸ਼ਾਸਨਕਾਲ ਵਿੱਚ ਸਿਰਫ ਭ੍ਰਿਸ਼ਟਾਚਾਰ ਹੀ ਹੋਇਆ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਵਿਧਾਇਕ ਵੱਲੋਂ ਲਗਾਏ ਗਏ ਸਾਰੇ ਆਰੋਪ ਮਨਗਢੰਤ ਹੈ। ਆਮ ਆਦਮੀ ਪਾਰਟੀ ਆਪਣੇ ਆਪ ਨੂੰ ਛਿਪਾਉਣ ਲਈ ਅਜਿਹਾ ਕਰ ਰਹੀ ਹੈ। ਆਮ ਆਦਮੀ ਪਾਰਟੀ ਨੇ ਪਹਿਲਾਂ ਦਿੱਲੀ ਦੀ ਜਨਤਾ ਨੂੰ ਸੁਪਨੇ ਵਿਖਾਏ ਅਤੇ ਦਿੱਲੀ ਦੀ ਜਨਤਾ ਨੂੰ ਧੋਖਾ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਨੇ ਪੰਜਾਬ ਵਿੱਚ ਅਜਿਹੇ ਵਾਅਦੇ ਕੀਤੇ ਜੋ ਅੱਜ ਤੱਕ ਪੂਰੇ ਨਹੀਂ ਕੀਤੇ ਗਏ। ਇਸ ਦੇ ਲਈ ਪੰਜਾਬ ਦੇ ਲੋਕਾਂ ਵਿੱਚ ਦਰਦ ਹੈ। ਪੰਜਾਬ ਦੀ ਜਨਤਾ ਨੇ ਪਹਿਲੇ ਕਾਂਗ੍ਰਸ ਪਾਰਟੀ ਨੂੰ ਵੋਟ ਦਿੱਤਾ ਪਰ ਕਾਂਗ੍ਰਸ ਨੇ ਵੀ ਉਨ੍ਹਾਂ ਨੂੰ ਧੋਖਾ ਦਿੱਤਾ। ਇਸ ਤੋਂ ਬਾਅਦ ਆਪ ਨੂੰ ਵੋਟ ਦਿੱਤਾ ਪਰ ਆਪ ਨੇ ਉਨ੍ਹਾਂ ਨਾਲ ਮਹਾਧੋਖਾ ਕੀਤਾ। ਅੱਜ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਖਰਾਬ ਹੈ, ਕਿਸਾਨਾਂ ਦੀ ਹਾਲਤ ਬਹੁਤ ਬੁਰੀ ਹੈ। ਪੰਜਾਬ ਵਿੱਚ ਹੜ੍ਹ ਆਈ ਤਾਂ ਕੇਜਰੀਵਾਲ ਪੰਜਾਬ ਵਿੱਚ ਕਿਸਾਨਾ ਨੂੰ 20 ਹਜ਼ਾਰ ਰੁਪਏ ਮੁਆਵਜਾ ਦੇਣ ਦੀ ਗੱਲ ਕਰ ਰਹੇ ਸਨ ਪਰ ਗੁਜਰਾਤ ਗਏ ਤਾਂ ਉੱਥੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ 50 ਹਜ਼ਾਰ ਰੁਪਏ ਦਾ ਮੁਆਵਜਾ ਦਿੱਤਾ। ਉਨ੍ਹਾਂ ਨੇ ਕਿਸਾਨਾਂ ਨਾਲ ਧੋਖਾ ਕੀਤਾ। ਆਮ ਆਦਮੀ ਪਾਰਟੀ ਪੰਜਾਬ ਵਿੱਚ ਦਬਾਵ ਦੀ ਰਾਜਨੀਤੀ ਕਰ ਰਹੀ ਹੈ। ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਜਨਤਾ ਨਾਲ ਕੀਤੇ ਵਾਅਦੇ ਪੂਰੇ ਕਰਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਨਾਲ ਜੁੜੇ ਇੱਕ ਸੁਆਲ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਪੰਜਾਬ ਸਾਡਾ ਘਰ ਹੈ। ਪੰਜਾਬ ਵਿੱਚ ਜਦੋਂ ਕੋਈ ਉਨ੍ਹਾਂ ਨੂੰ ਬੁਲਾਉਂਦਾ ਹੈ ਤਾਂ ਉੱਥੇ ਜਰੂਰ ਜਾਂਦੇ ਹਨ। ਪੰਜਾਬ ਗੁਰੂਆਂ ਦੀ ਧਰਤੀ ਹੈ ਅਤੇ ਸਾਡੇ ਲਈ ਇਹ ਮਾਣ ਦੀ ਗੱਲ ਹੈ ਕਿ ਗੁਰੂਆਂ ਨੇ ਆਪਣੇ ਚਰਣਾਂ ਦੀ ਛੋਹ ਨਾਲ ਹਰਿਆਣਾ ਦੀ ਧਰਤੀ ਨੂੰ ਵੀ ਪਵਿਤਰ ਕੀਤਾ ਹੈ। ਪ੍ਰਧਾਨ ਮੰਤਰੀ ਦਫ਼ਤਰ ਦੇ ਨਵੇਂ ਦਫ਼ਤਰ ਸੇਵਾ ਤੀਰਥ ਦੇ ਉਦਘਾਟਨ ਨਾਲ ਜੁੜੇ ਸੁਆਲ ਦਾ ਜਵਾਬ ਦਿੰਦੇ ਹੋਏ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਇੱਕ ਚੰਗਾ ਕੰਮ ਹੈ। ਕਾਂਗ੍ਰਸੀ ਤਾਂ ਰਾਜ ਕਰਦੇ ਸਨ ਪਰ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਸਰਕਾਰ ਦਾ ਭਾਵ ਸੇਵਾ ਕਰਨਾ ਹੈ। ਉਨ੍ਹਾਂ ਨੇ ਨਗਰ ਨਿਗਮ ਚੋਣਾਂ ਨੂੰ ਲੈਅ ਕੇ ਪੁੱਛੇ ਗਏ ਸੁਆਲ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਇਲੈਕਸ਼ਨ ਨੂੰ ਲੈਅ ਕੇ ਉਨ੍ਹਾਂ ਦੀ ਪੂਰੀ ਤਿਆਰੀ ਹੈ। ਹਰਿਆਣਾ ਦੇ ਆਮਜਨ ਦਾ ਉਨ੍ਹਾਂ ਨੂੰ ਪੂਰਾ ਆਸ਼ੀਰਵਾਦ ਹੈ।

## ਵਿਕਸਿਤ ਭਾਰਤ ਵਿੱਚ ਰਵੇਗੀ ਹਰਿਆਣਾ ਦੀ ਮਹੱਤਵਪੂਰਨ ਭੂਮਿਕਾ-ਮੁੱਖ ਮੰਤਰੀ ਨਾਇਬ ਸਿੰਘ ਸੈਣੀ

### ਨਵੀਂ ਦਿੱਲੀ ਵਿੱਚ ਇੱਕ ਨਿਜੀ ਪ੍ਰੋਗਰਾਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕੀਤੀ ਸ਼ਿਰਕਤ

ਐਸ. ਕੇ. ਸਕਸੈਨਾ

ਚੰਡੀਗੜ੍ਹ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ 2047 ਵਿੱਚ ਵਿਕਸਿਤ ਭਾਰਤ ਬਨਾਉਣ ਦਾ ਟੀਚਾ ਰੱਖਿਆ ਹੈ ਇਸ ਨੂੰ ਪੂਰਾ ਕਰਨ ਵਿੱਚ ਹਰਿਆਣਾ ਦੀ ਮਹੱਤਵਪੂਰਨ ਭੂਮਿਕਾ ਰਵੇਗੀ। ਇਸ ਟੀਚੇ ਨੂੰ ਪੂਰਾ ਕਰਨ ਲਈ ਸੂਬਾ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ। ਨਵੀ-ਨਵੀ ਯੋਜਨਾਵਾਂ ਬਣਾਈ ਜਾ ਰਹੀਆਂ ਹਨ। ਮੁੱਖ ਮੰਤਰੀ ਸ਼ਨਿਵਾਰ ਨੂੰ ਨਵੀਂ ਦਿੱਲੀ ਵਿੱਚ ਇੱਕ ਪ੍ਰੋਗਰਾਮ ਵਿੱਚ ਸੰਬੋਧਿਤ ਕਰ ਰਹੇ ਸਨ।

ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਹਰਿਆਣਾ ਨਿਵੇਸ਼ਕਾਂ ਦੀ ਪਹਿਲੀ ਪਸੰਦ ਬਣਿਆ ਹੋਇਆ ਹੈ। ਹਰਿਆਣਾ ਸਰਕਾਰ ਨੇ ਪਿਛਲੇ ਬਜਟ ਵਿੱਚ 10 ਨਵੀਂ ਆਈਐਮਟੀ ਬਣਾਉਣ ਦਾ ਐਲਾਨ ਕੀਤਾ ਸੀ। ਇਨ੍ਹਾਂ ਵਿੱਚੋਂ 3 ਆਈਐਮਟੀ 'ਤੇ ਤੇਜੀ ਨਾਲ ਕੰਮ ਚਲ ਰਿਹਾ ਹੈ ਬਾਕਿ 4 ਆਈਐਮਟੀ ਦਾ ਕੰਮ ਵੀ ਜਲਦ ਪੂਰਾ ਕੀਤਾ ਜਾਵੇਗਾ। ਜੀਐਸਟੀ ਵਿੱਚ ਸੂਬਾ ਪਹਿਲੇ ਸਥਾਨ 'ਤੇ ਹੈ। ਹਰਿਆਣਾ ਵਿੱਚ ਰੋੜ ਇੰਫ ?ਰਾਸਟ ?ਰਕਚਰ ਇਨ੍ਹਾਂ ਬੇਹਤਰ ਹੈ ਕਿ ਸਾਡੇ ਤਿੰਨ ਤੋਂ ਚਾਰ ਘੰਟੇ ਵਿੱਚ ਇੱਕ ਕੌਨੇ ਤੋਂ ਦੂਜੇ ਕੌਨੇ ਵਿੱਚ ਜਾਇਆ ਜਾ ਸਕਦਾ ਹੈ। ਦਿੱਲੀ ਏਅਰਪੋਰਟ, ਚੰਡੀਗੜ੍ਹ ਏਅਰਪੋਰਟ ਅਤੇ ਹਿਸਾਰ ਏਅਰਪੋਰਟ ਦੀ ਸਿੱਧੇ ਕਨੇਕਟੀਵਿਟੀ ਹੈ। ਇਨ੍ਹਾਂ ਸਾਰਿਆਂ ਨੂੰ ਧਿਆਨ ਵਿੱਚ ਰੱਖ ਕੇ ਨਿਵੇਸ਼ਕ ਲਗਾਤਾਰ ਹਰਿਆਣਾ ਵਿੱਚ ਆ ਰਹੇ ਹਨ, ਇਸ ਨਾਲ ਵਿਕਸਿਤ ਭਾਰਤ ਵਿੱਚ ਹਰਿਆਣਾ ਦੀ ਮਹੱਤਵਪੂਰਨ ਭੂਮਿਕਾ ਰਹਿਣ ਵਾਲੀ ਹੈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 1966 ਵਿੱਚ ਜਦੋਂ ਹਰਿਆਣਾ-ਪੰਜਾਬ ਤੋਂ ਵੱਖ ਹੋ ਕੇ ਇੱਕ ਨਵਾਂ ਸੂਬਾ ਬਣਿਆ ਤਾਂ ਹਰ ਕਿਸੇ ਨੂੰ ਸੂਬੇ ਦੀ ਤਰੱਕੀ 'ਤੇ ਸ਼ੱਕ ਸੀ ਪਰ ਹਰਿਆਣਾ ਨੇ ਤੇਜੀ ਨਾਲ ਤਰੱਕੀ ਕੀਤੀ ਅਤੇ ਆਪਣੀ ਵੱਖ ਪਛਾਣ ਬਣਾਈ। ਅੱਜ ਭਾਰਤ ਦੀ ਸੇਨਾ ਵਿੱਚ ਹਰ ਦੂਜਾ ਜਵਾਨ ਹਰਿਆਣਾ ਤੋਂ ਹੈ। ਖੇਡਾਂ ਵਿੱਚ ਜੇਕਰ ਭਾਰਤ ਦੇ ਮੇਡਲ ਆਉਂਦੇ ਹਨ ਤਾਂ ਉਨ੍ਹਾਂ ਵਿੱਚ ਸਭ ਤੋਂ ਜਿਆਦਾ ਯੋਗਦਾਨ ਹਰਿਆਣਾ ਦੇ ਖਿਡਾਰਿਆਂ ਦਾ ਹੁੰਦਾ ਹੈ। ਫਾਰਚੂਨ 500 ਕੰਪਨਿਆਂ ਵਿੱਚੋਂ 250 ਹਰਿਆਣਾ ਵਿੱਚ ਕੰਮ ਕਰ ਰਹੀਆਂ ਹਨ। ਆਟੋਮੋਬਾਇਲ ਮੈਨਯੂਫੈਕਚਰਿੰਗ ਵਿੱਚ ਹਰਿਆਣਾ ਦੇਸ਼ ਵਿੱਚ ਪਹਿਲੇ ਸਥਾਨ 'ਤੇ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿੱਚ ਇੰਡਸਟ੍ਰਿਅਲ ਇੰਫ ?ਰਾਸਟ ?ਰਕਚਰ ਅਜਿਹੀ ਪਲਾਨਿੰਗ ਨਾਲ ਸਥਾਪਿਤ ਕੀਤਾ ਜਾ ਰਿਹਾ ਹੈ ਕਿ ਆਉਣ ਵਾਲੇ 50 ਸਾਲਾਂ ਤੱਕ ਕੋਈ ਦਿੱਕਤ ਨਾ ਆਵੇ। ਗੱਨੌਰ ਵਿੱਚ ਫ ?ਰੂਟ ਮੰਡੀ ਬਣ ਕੇ ਲਗਭਗ ਤਿਆਰ ਹੈ। ਬਾਕੀ ਖਾਰੀ ਬਾਵਲੀ ਦੀ ਡ ?ਰਾਈ ਫ ?ਰੂਟ ਮਾਰਕਿਟ, ਮਾਰਬਲ ਮਾਰਕਿਟ ਅਤੇ ਅਮ੍ਰਿਤਸਰ ਦੀ ਮਜੀਦ ਮਾਰਕਿਟ ਨੂੰ ਵੀ ਹਰਿਆਣਾ ਵਿੱਚ ਸਥਾਪਿਤ ਕਰਨ ਦੀ ਯੋਜਨਾ ਹੈ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਹੁਣ ਕੁਦਰਤੀ ਖੇਤੀ ਵਿੱਚ ਵੀ ਪਛਾਣ ਬਣਾਵੇਗਾ। ਉੱਥੇ ਹੀ ਵਾਤਾਵਰਨ ਦਾ ਵਿਸ਼ੇਸ਼ ਧਿਆਨ ਰੱਖਦੇ ਹੋਏ ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਨਾ ਜਲਾਉਣ ਦੀ ਅਪੀਲ ਕੀਤੀ। ਇਸ ਤੋਂ ਬਾਅਦ 95 ਫੀਸਦੀ ਤੱਕ ਪਰਾਲੀ ਜਲਾਉਣ ਦੀ ਘਟਨਾਵਾਂ ਵਿੱਚ ਕਮੀ ਆਈ ਹੈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ 55 ਸਾਲ ਦੇਸ਼ 'ਤੇ ਸ਼ਾਸਨ ਕੀਤਾ ਜਦੋਂ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਸਿਰਫ 11 ਸਾਲ ਦੇ ਸ਼ਾਸਨ ਵਿੱਚ ਦੇਸ਼ ਦੀ ਤਸਵੀਰ ਬਦਲਣ ਦਾ ਕੰਮ ਕੀਤਾ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੂੰ 5 ਗੁਣਾ ਘੱਟ ਸਮਾਂ ਮਿਲਿਆ ਪਰ ਉਨ੍ਹਾਂ ਨੇ ਭਾਰਤ ਨੂੰ ਵਿਕਸਿਤ ਭਾਰਤ ਵੱਲ ਲੈਅ ਜਾਉਣ ਦਾ ਕੰਮ ਕੀਤਾ। ਉਨ੍ਹਾਂ ਨੇ ਕਿਹਾ ਕਿ ਵਿਪੱਖ ਆਪਣੀ ਭੂਮਿਕਾ ਨਹੀਂ ਨਿਭਾ ਰਹੀ। ਪ੍ਰਧਾਨ ਮੰਤਰੀ ਨੇ ਭਾਰਤ ਨੂੰ 5ਵੀਂ ਆਰਥਿਕ ਸ਼ਕਤੀ ਬਨਾਉਣ ਦਾ ਟੀਚਾ ਰੱਖਿਆ ਸੀ, ਉਨ੍ਹਾਂ ਨੇ ਇਹ ਕਰ ਵਿਖਾਇਆ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤ ਅਤੇ ਯੂਰੋਪਿਅਨ ਸੰਗਠਨ ਨਾਲ ਹੋਏ ਭਾਰਤ-ਯੂਰੋਪਿਅਨ ਮੁਕਤ ਵਿਆਪਾਰ ਸਮਝੌਤੇ ਤੋਂ ਬਾਅਦ ਉਨ੍ਹਾਂ ਨੇ ਹਰਿਆਣਾ ਯੂਰੋਪਿਅਨ ਵਿਆਪਾਰ ਸੰਗਠਨ ਦੀ ਮੀਟਿੰਗ ਕੀਤੀ। ਇਸ ਵਿੱਚ ਉਨ੍ਹਾਂ ਨੇ ਭਾਰਤ ਸਰਕਾਰ ਦੇ ਇਸ ਫੈਸਲੇ ਦਾ ਸੁਆਗਤ ਕੀਤਾ ਅਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਸਲਾਂਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਕਾਫ਼ੀ ਲਾਭ ਮਿਲੇਗਾ। ਉਨ੍ਹਾਂ ਨੇ ਕੁੱਝ ਸੁਝਾਅ ਵੀ ਦਿੱਤੇ, ਜਿਨ੍ਹਾਂ ਨੂੰ ਹਰਿਆਣਾ ਦੇ ਆਗਾਮੀ ਬਜਟ ਵਿੱਚ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਗੁਰੂਗ੍ਰਾਮ ਦੇ ਇੰਫ ?ਰਾਸਟ ?ਰਕਚਰ ਨੂੰ ਹੋਰ ਮਜਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਗੁਰੂਗ੍ਰਾਮ ਦੇ ਨਿਚਲੇ ਇਲਾਕਿਆਂ ਲਈ ਇੱਕ ਡ ?ਰੇਨ ਦੀ ਪਲਾਇੰਗ ਕੀਤੀ ਗਈ। ਉੱਥੇ ਹੀ ਪੀਣ ਦੇ ਪਾਣੀ ਦੀ ਸਮੱਸਿਆ ਲਈ ਅਜਿਹੀ ਯੋਜਨਾ ਤਿਆਰ ਕੀਤੀ ਗਈ ਹੈ ਕਿ ਗੁਰੂਗ੍ਰਾਮ ਨੂੰ ਆਉਣ ਵਾਲੇ 50 ਸਾਲਾਂ ਤੱਕ ਕੋਈ ਸਮੱਸਿਆ ਨਹੀਂ ਹੋਵੇਗੀ। ਇਸ ਮੌਕੇ 'ਤੇ ਉਦਯੋਗ ਅਤੇ ਵਣਜ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਡਾਇਰੈਟਰ ਜਨਰਲ ਸ੍ਰੀ ਯਸ਼ ਗਰਗ, ਐਚਐਸਆਈਆਈਡੀਸੀ ਦੇ ਸੀਸੀਆਈ ਸੁਨੀਲ ਸ਼ਰਮਾ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

# 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਿਹਤ ਕੈਂਪਾਂ ਵਿੱਚ ਲਗਭਗ 9,000 ਸੀਨੀਅਰ ਨਾਗਰਿਕ ਹੋਏ ਰਜਿਸਟਰਡ : ਡਾ. ਬਲਜੀਤ ਕੌਰ

## ਭਗਵੰਤ ਮਾਨ ਸਰਕਾਰ ਨੇ ਰਾਜ ਕਾਰਜ ਯੋਜਨਾ ਤਹਿਤ ਸੀਨੀਅਰ ਨਾਗਰਿਕਾਂ ਦੀ ਸਿਹਤ ਲਈ 7.86 ਕਰੋੜ ਰੁਪਏ ਕੀਤੇ ਅਲਾਟ

ਮਨਦੀਪ ਕੌਰ

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੀਨੀਅਰ ਨਾਗਰਿਕਾਂ ਦੀ ਸਿਹਤ, ਸੁਰੱਖਿਆ ਅਤੇ ਮਾਣ-ਸਨਮਾਨ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਉਪਰਾਲਿਆਂ ਰਾਹੀਂ ਉਨ੍ਹਾਂ ਦੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਲਗਾਤਾਰ ਹੋਰ ਮਜ਼ਬੂਤ ਕਰ ਰਹੀ ਹੈ। 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਸੂਬਾ ਪੱਧਰੀ ਪਹੁੰਚ ਦੇ ਵੇਰਵੇ ਸਾਂਝੇ ਕਰਦਿਆਂ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੀ ਬਜ਼ੁਰਗ ਆਬਾਦੀ ਦਾ ਸਨਮਾਨ ਅਤੇ ਸਹਾਇਤਾ ਕਰਨ ਪ੍ਰਤੀ ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ ਨੂੰ ਦਰਸਾਉਂਦੀ ਹੈ। ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੀਨੀਅਰ ਨਾਗਰਿਕਾਂ ਨੂੰ ਸਮਾਜ ਦੀ ਕੀਮਤੀ ਸੰਪਤੀ ਮੰਨਦੀ ਹੈ ਅਤੇ ਉਨ੍ਹਾਂ ਦੀ ਸਿਹਤ, ਸੁਰੱਖਿਆ ਅਤੇ ਮਾਣ-ਸਨਮਾਨ ਨੂੰ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਪ੍ਰਭਾਵੀ ਅਤੇ ਲੋਕ-ਕੇਂਦ੍ਰਿਤ ਕਦਮ ਚੁੱਕ ਰਹੀ ਹੈ। 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ, ਹੁਣ ਤੱਕ ਲਗਭਗ 9,000 ਸੀਨੀਅਰ ਨਾਗਰਿਕ ਰਜਿਸਟਰਡ ਹੋਏ ਹਨ ਅਤੇ ਉਨ੍ਹਾਂ ਨੂੰ ਸੂਬੇ ਭਰ ਵਿੱਚ ਲਗਾਏ ਗਏ ਜ਼ਿਲ੍ਹਾ-ਵਾਰ ਸਿਹਤ ਕੈਂਪਾਂ ਤੋਂ ਸਿੱਧੇ ਤੌਰ 'ਤੇ ਲਾਭ ਮਿਲਿਆ ਹੈ। ਪੰਜਾਬ ਦੇ ਸਮਾਜਿਕ ਸੁਰੱਖਿਆ ਅਤੇ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਨੇ ਮੁਹਿੰਮ ਦੇ ਪ੍ਰਭਾਵੀ ਨਤੀਜਿਆਂ ਨੂੰ ਉਜਾਗਰ ਕਰਦਿਆਂ ਵਿਸਥਾਰਤ ਅੰਕੜੇ ਸਾਂਝੇ



ਕੀਤੇ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਰਜਿਸਟਰਡ ਲਾਭਪਾਤਰੀਆਂ ਵਿੱਚੋਂ 2,268 ਸੀਨੀਅਰ ਨਾਗਰਿਕਾਂ ਨੇ ਆਮ ਸਿਹਤ ਜਾਂਚ, 1,241 ਨੇ ਆਰਥੋਪੀਡਿਕ ਅਤੇ 2,607 ਸੀਨੀਅਰ ਨਾਗਰਿਕਾਂ ਨੇ ਅੱਖਾਂ ਦੀ ਜਾਂਚ ਕਰਵਾਈ। ਇਸ ਤੋਂ ਇਲਾਵਾ 631 ਸੀਨੀਅਰ ਨਾਗਰਿਕਾਂ ਨੇ ਯੋਗਾ ਸੈਸ਼ਨਾਂ ਵਿੱਚ ਹਿੱਸਾ ਲਿਆ, 551 ਨੇ ਹੋਮਿਓਪੈਥਿਕ ਇਲਾਜ ਕਰਵਾਇਆ ਅਤੇ 791 ਨੇ ਆਯੁਰਵੈਦਿਕ ਸਿਹਤ ਸੇਵਾਵਾਂ ਤੋਂ ਲਾਭ ਉਠਾਇਆ। ਇਹ ਅੰਕੜੇ ਪੰਜਾਬ ਭਰ ਵਿੱਚ ਮੁਹਿੰਮ ਦੀ ਵਿਆਪਕ ਪਹੁੰਚ ਅਤੇ ਪ੍ਰਭਾਵੀ ਲਾਗੂਕਰਨ ਨੂੰ ਦਰਸਾਉਂਦੇ ਹਨ।

ਹੋਰਨਾਂ ਭਲਾਈ ਸੇਵਾਵਾਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਏ.ਐਲ.ਆਈ.ਐਮ.ਸੀ.ਓ. ਸਕੀਮ ਤਹਿਤ, 243 ਸੀਨੀਅਰ ਨਾਗਰਿਕ ਰਜਿਸਟਰ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 89 ਨੂੰ ਵ?ੀਲਚੇਅਰ, ਐਨਕਾਂ ਅਤੇ ਸੁਣਨ ਵਾਲੀਆਂ ਮਸ਼ੀਨਾਂ ਵਰਗੇ ਸਹਾਇਕ ਉਪਕਰਣ ਪ੍ਰਦਾਨ ਕੀਤੇ ਗਏ ਸਨ। ਇਸ ਤੋਂ ਇਲਾਵਾ ਕੈਂਪਾਂ ਦੌਰਾਨ 233 ਸੀਨੀਅਰ ਨਾਗਰਿਕਾਂ ਦੇ ਬੁਢਾਪਾ ਪੈਨਸ਼ਨ ਫਾਰਮ ਭਰਨ ਸਬੰਧੀ ਪ੍ਰਕਿਰਿਆ ਕੀਤੀ ਗਈ ਅਤੇ 306 ਲਾਭਪਾਤਰੀਆਂ ਨੂੰ ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕੀਤੇ ਗਏ। ਜ਼ਿਲ੍ਹਾਵਾਰ ਵੇਰਵੇ ਦਿੰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸ੍ਰੀ ਅੰਮ੍ਰਿਤਸਰ ਸਾਹਿਬ, ਬਰਨਾਲਾ, ਬਠਿੰਡਾ, ਫਤਿਹਗੜ੍ਹ ਸਾਹਿਬ, ਫਿਰੋਜ਼ਪੁਰ, ਫਾਜ਼ਿਲਕਾ, ਹੁਸ਼ਿਆਰਪੁਰ, ਲੁਧਿਆਣਾ, ਸ੍ਰੀ ਮੁਕਤਸਰ ਸਾਹਿਬ, ਮੋਗਾ, ਮਾਨਸਾ, ਪਟਿਆਲਾ, ਰੂਪਨਗਰ ਅਤੇ ਐਸ.ਏ.ਐਸ. ਨਗਰ ਜ਼ਿਲ੍ਹਿਆਂ ਵਿੱਚ ਪਹਿਲਾਂ ਹੀ ਸੀਨੀਅਰ ਨਾਗਰਿਕਾਂ ਲਈ ਸਿਹਤ ਜਾਂਚ ਕੈਂਪ ਸਫਲਤਾਪੂਰਵਕ ਲਗਾਏ ਜਾ ਚੁੱਕੇ ਹਨ। ਜ਼ਿਲ੍ਹਾਵਾਰ ਸਿਹਤ ਜਾਂਚ ਕੈਂਪ ਪੜਾਅਵਾਰ ਢੰਗ ਨਾਲ ਲਗਾਏ ਜਾ ਰਹੇ ਹਨ ਅਤੇ ਫਰਵਰੀ ਮਹੀਨੇ ਦੌਰਾਨ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਹ ਕੈਂਪ ਲਗਾਏ ਜਾਣਗੇ।

ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਸਿਹਤ ਕੈਂਪਾਂ ਵਿੱਚ ਬਜ਼ੁਰਗ ਨਾਗਰਿਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਫਰੀਦਕੋਟ, ਗੁਰਦਾਸਪੁਰ, ਪਠਾਨਕੋਟ, ਜਲੰਧਰ, ਕਪੂਰਥਲਾ, ਮਲੇਰਕੋਟਲਾ, ਸ਼ਹੀਦ ਭਗਤ ਸਿੰਘ ਨਗਰ, ਸੰਗਰੂਰ ਅਤੇ ਤਰਨਤਾਰਨ ਜ਼ਿਲ੍ਹਿਆਂ ਵਿੱਚ ਵੀ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਨੂੰ ਜਲਦ ਤੋਂ ਜਲਦ ਲਗਾਉਣ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਪਹਿਲਕਦਮੀ ਦੀ ਵਿੱਤੀ ਫੰਡਾਂ 'ਤੇ ਚਾਨਣਾ ਪਾਉਂਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ, ਸੀਨੀਅਰ ਸਿਟੀਜ਼ਨਜ਼ ਲਈ ਰਾਜ ਕਾਰਜ ਯੋਜਨਾ ਤਹਿਤ ਜ਼ਿਲ੍ਹਾ ਪੱਧਰੀ ਸਿਹਤ ਕੈਂਪਾਂ ਅਤੇ ਸਬੰਧਿਤ ਗਤੀਵਿਧੀਆਂ ਲਈ 7.86 ਕਰੋੜ ਰੁਪਏ ਦੇ ਬਜਟ ਦਾ ਉਪਬੰਧ ਕੀਤਾ ਗਿਆ ਹੈ। ਇਹ ਕੈਂਪ ਨਾ ਸਿਰਫ਼ ਡਾਕਟਰੀ ਜਾਂਚ ਪ੍ਰਦਾਨ ਕਰਦੇ ਹਨ ਬਲਕਿ ਮੋਤੀਆਬਿੰਦ ਸਰਜਰੀ, ਸਹਾਇਕ ਉਪਕਰਨਾਂ ਦੀ ਮੁਫਤ ਵੰਡ, ਬੁਢਾਪਾ ਪੈਨਸ਼ਨ ਫਾਰਮ ਭਰਨ, ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕਰਨ ਅਤੇ ਸੀਨੀਅਰ ਨਾਗਰਿਕਾਂ ਦੇ ਕਾਨੂੰਨੀ ਅਤੇ ਸਮਾਜਿਕ ਅਧਿਕਾਰਾਂ ਬਾਰੇ ਜਾਗਰੂਕਤਾ ਦੀ ਸਹੂਲਤ ਵੀ ਪ੍ਰਦਾਨ ਕਰਦੇ ਹਨ। ਬਜ਼ੁਰਗਾਂ ਦੀ ਦੇਖਭਾਲ ਦੇ ਭਾਵਨਾਤਮਕ ਅਤੇ ਸਮਾਜਿਕ ਮਹੱਤਵ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਬਜ਼ੁਰਗ ਨਾਗਰਿਕ ਸਮਾਜ ਦੀ ਜੀਵੰਤ ਵਿਰਾਸਤ ਹਨ, ਜਿਨ੍ਹਾਂ ਦੇ ਤਜਰਬੇ, ਸੇਧ ਅਤੇ ਕੁਰਬਾਨੀਆਂ ਨੇ ਨੌਜਵਾਨ ਪੀੜ੍ਹੀਆਂ ਨੂੰ ਆਕਾਰ ਦਿੱਤਾ ਹੈ। ਮਾਨ ਸਰਕਾਰ ਦਾ ਮੰਨਣਾ ਹੈ ਕਿ ਬਜ਼ੁਰਗਾਂ ਦੀ ਦੇਖਭਾਲ ਕਰਨਾ ਸਿਰਫ਼ ਇੱਕ ਜ਼ਿੰਮੇਵਾਰੀ ਨਹੀਂ ਹੈ, ਸਗੋਂ ਇੱਕ ਨੈਤਿਕ ਫਰਜ਼ ਹੈ ਅਤੇ 'ਸਾਡੇ ਬਜ਼ੁਰਗ, ਸਾਡਾ ਮਾਣ' ਵਰਗੀਆਂ ਪਹਿਲਕਦਮੀਆਂ ਸਰਕਾਰ ਦੇ ਇਸ ਸੰਕਲਪ ਨੂੰ ਦਰਸਾਉਂਦੀਆਂ ਹਨ ਕਿ ਹਰ ਸੀਨੀਅਰ ਨਾਗਰਿਕ ਦੇਖਭਾਲ ਅਤੇ ਸਨਮਾਨ ਨਾਲ ਆਪਣਾ ਜੀਵਨ ਜੀਵੇ। ਸੂਬੇ ਭਰ ਦੇ ਪਰਿਵਾਰਾਂ ਨੂੰ ਅਪੀਲ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੈਂ ਪਰਿਵਾਰਾਂ ਨੂੰ ਅਪੀਲ ਕਰਦੀ ਹਾਂ ਕਿ ਉਹ ਆਪਣੇ ਬਜ਼ੁਰਗਾਂ ਨੂੰ ਇਨ੍ਹਾਂ ਸਿਹਤ ਕੈਂਪਾਂ ਵਿੱਚ ਲਿਆਉਣ ਤਾਂ ਜੋ ਵੱਧ ਤੋਂ ਵੱਧ ਸੀਨੀਅਰ ਨਾਗਰਿਕ ਪੰਜਾਬ ਸਰਕਾਰ ਦੀਆਂ ਭਲਾਈ ਪਹਿਲਕਦਮੀਆਂ ਦਾ ਲਾਭ ਉਠਾ ਸਕਣ। ਦੱਸਣਯੋਗ ਹੈ ਕਿ ਸੀਨੀਅਰ ਨਾਗਰਿਕਾਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣਾ ਭਗਵੰਤ ਮਾਨ ਸਰਕਾਰ ਦੀ ਜਨਤਕ ਸੇਵਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਜਾਰੀ ਕਰਨ ਲਈ ਲਗਾਏ ਗਏ ਵਿਸ਼ੇਸ਼ ਕੈਂਪਾਂ ਦਾ ਕੀਤਾ ਦੌਰਾ

## ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭਾਂ ਬਾਰੇ ਕੀਤਾ ਜਾਗਰੂਕ

ਐਸ. ਕੇ. ਸਕਸੈਨਾ

ਹੁਸ਼ਿਆਰਪੁਰ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਵਿੱਚ ÷ਮੁੱਖ ਮੰਤਰੀ ਸਿਹਤ ਯੋਜਨਾ÷ ਕਾਰਡ ਜਾਰੀ ਕਰਨ ਲਈ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਦਾ ਦੌਰਾ ਕੀਤਾ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਕੈਂਪਾਂ ਦੌਰਾਨ ਉਨ੍ਹਾਂ ਨੇ ਰਜਿਸਟ?ੇਸ਼ਨ ਪ੍ਰਕਿਰਿਆ, ਲਾਭਪਾਤਰੀਆਂ ਲਈ ਸਹੂਲਤਾਂ ਅਤੇ ਸਟਾਫ ਦੁਆਰਾ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਮੌਜੂਦ ਨਾਗਰਿਕਾਂ ਨਾਲ ਵੀ ਗੱਲਬਾਤ ਕੀਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੁਆਰਾ ਲਾਗੂ ਕੀਤੀ ਜਾ ਰਹੀ ÷ਮੁੱਖ ਮੰਤਰੀ ਸਿਹਤ ਯੋਜਨਾ÷ ਦਾ ਉਦੇਸ਼ ਹਰੇਕ ਨਾਗਰਿਕ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਹੈ। ਇਸ ਯੋਜਨਾ ਦੇ ਤਹਿਤ ਹਰੇਕ ਯੋਗ ਪਰਿਵਾਰ ਨੂੰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਕੈਸ਼ਲੈਸ ਇਲਾਜ ਪ੍ਰਦਾਨ



ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਭਰ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਲਗਾਏ ਗਏ ਕੈਂਪਾਂ ਰਾਹੀਂ ਲਾਭਪਾਤਰੀ ਕਾਰਡ ਬਣਾਏ ਜਾ ਰਹੇ ਹਨ ਅਤੇ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗੀ ਤਾਂ ਜੋ ਕੋਈ ਵੀ ਯੋਗ ਵਿਅਕਤੀ ਇਸ ਯੋਜਨਾ ਦੇ ਲਾਭਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਵੇਲੇ 343 ਕੈਂਪ ਚੱਲ ਰਹੇ ਹਨ। ਨਾਗਰਿਕਾਂ ਨੂੰ ਇਸ ਯੋਜਨਾ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਕਾਰੀ ਹਸਪਤਾਲਾਂ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਦੋਵਾਂ ਵਿੱਚ ਲਾਭ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਰਡ ਬਣਾਉਣ ਲਈ ਆਧਾਰ ਅਤੇ ਵੋਟਰ ਆਈ.ਡੀ ਕਾਰਡ ਜ਼ਰੂਰੀ ਹਨ, ਜਦੋਂ ਕਿ ਨਾਬਾਲਗ ਬੱਚਿਆਂ ਦੀ ਰਜਿਸਟ?ੇਸ਼ਨ ਲਈ ਜਨਮ ਸਰਟੀਫਿਕੇਟ ਜ਼ਰੂਰੀ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਿਹਤ ਕਾਰਡ ਬਣਾਉਣ ਲਈ ਇਨ੍ਹਾਂ ਕੈਂਪਾਂ ਵਿੱਚ ਜਾਣ ਅਤੇ ਰਾਜ ਸਰਕਾਰ ਦੀ ਇਸ ਲੋਕ ਭਲਾਈ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ।



# ਮੀਨਾਰ-ਏ-ਬੇਗਮਪੁਰਾ ਤੇ ਸ੍ਰੀ ਗੁਰੂ ਰਵਿਦਾਸ ਮੈਮੋਰੀਅਲ ਦੇ ਅਧੂਰੇ ਕੰਮ ਜਲਦ ਹੋਣਗੇ ਪੂਰੇ : ਜਸਵੀਰ ਸਿੰਘ ਗੜ੍ਹੀ

ਪੰਕਜ

**ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਨੇ ਮੀਨਾਰ-ਏ-ਬੇਗਮਪੁਰਾ ਦਾ ਕੀਤਾ ਦੌਰਾ**

ਗੜ੍ਹਸ਼ੰਕਰ/ਹੁਸ਼ਿਆਰਪੁਰ, ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਸੰਤ ਸਮਾਜ ਨਾਲ ਮੀਨਾਰ-ਏ-ਬੇਗਮਪੁਰਾ, ਸ੍ਰੀ ਖੁਰਾਲਗੜ੍ਹ ਸਾਹਿਬ ਦਾ ਦੌਰਾ ਕਰਕੇ ਵਿਕਾਸ ਕੰਮਾਂ ਦੀ ਸਮੀਖਿਆ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਮੌਕੇ ਇਥੇ ਸੂਬਾ ਪੱਧਰੀ ਤਿੰਨ ਰੋਜ਼ਾ ਸਮਾਗਮ ਕਰਵਾਏ ਗਏ, ਜਿਸ ਵਿਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਮੇਤ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਭਾਰੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਚਰਨਾਂ ਵਿਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਉਨ੍ਹਾਂ ਦਾ ਇਹ ਦੌਰਾ ਵਿਸ਼ੇਸ਼ ਰੂਪ ਵਿਚ ਸ੍ਰੀ ਗੁਰੂ ਰਵਿਦਾਸ ਜੀ ਮੈਮੋਰੀਅਲ ਵਿਚ ਚੱਲ ਰਹੇ ਅਤੇ ਰਹਿੰਦੇ ਕੰਮਾਂ ਦਾ ਜਾਇਜ਼ਾ ਲੈਣ ਦੇ ਉਦੇਸ਼ ਨਾਲ ਕੀਤਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਮਾਰਕ ਨਾਲ ਜੁੜੇ ਅਧੂਰੇ ਵਿਕਾਸ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਜਲਦ ਪੂਰਾ ਕਰਵਾਉਣ ਲਈ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨਾਲ ਵਿਸਥਾਰ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਰੂਰੀ ਪ੍ਰਸਤਾਵ ਰਾਜ ਸਰਕਾਰ ਅੱਗੇ ਰੱਖੇ ਜਾਣਗੇ, ਤਾਂ ਜੋ ਪਵਿੱਤਰ ਸਥਾਨ ਦਾ ਵਿਕਾਸ ਯਕੀਨੀ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਖੁਰਾਲਗੜ੍ਹ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨ ਛੋਹ ਧਰਤੀ ਹੈ, ਜੋ ਕਿ ਦੇਸ਼-ਵਿਦੇਸ਼ ਦੀ ਸੰਗਤ ਲਈ ਅਟੁੱਟ ਸ਼ਰਧਾ ਦਾ ਕੇਂਦਰ ਹੈ। ਇਸ ਇਤਿਹਾਸਕ ਅਤੇ ਧਾਰਮਿਕ ਸਥਾਨ ਦੇ ਰੱਖ-ਰਖਾਵ, ਸੁੰਦਰੀਕਰਨ ਅਤੇ ਮੁਢਲੀਆਂ ਸਹੂਲਤਾਂ ਦੇ ਵਿਸਥਾਰ ਲਈ ਕਮਿਸ਼ਨ ਹਰ ਸੰਭਵ ਯਤਨ ਕਰੇਗਾ। ਇਸ ਮੌਕੇ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਪ੍ਰਧਾਨ ਭਾਈ ਕੇਵਲ ਸਿੰਘ, ਸ੍ਰੀ ਚਰਨ ਛੋਹ ਗੰਗਾ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ, ਗੁਰਲਾਲ ਸੈਲਾ, ਚੇਅਰਮੈਨ ਡਾ. ਕੁਲਵਰਨ ਸਿੰਘ, ਜੀਤ ਸਿੰਘ ਬਗਵਾਈਂ, ਕਰਮ ਚੰਦ, ਨਰੇਸ਼ ਸਿੰਘ, ਚਰਨ ਭਾਰਤੀ, ਸੁਖਦੇਵ ਸਿੰਘ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।



# ਐਸਡੀਐਮ ਨੇ ਪੀਸੀਐਸ ਮੇਨਜ਼ ਪ੍ਰੀਖਿਆ ਲਈ ਵਿਦਿਆਰਥੀਆਂ ਨੂੰ ਦਿੱਤਾ ਮਾਰਗਦਰਸ਼ਨ

ਕੈਪਟਨ ਸੁਭਾਸ਼ ਚੰਦਰ ਸ਼ਰਮਾ

**ਡਿਜੀਟਲ ਲਾਇਬ੍ਰੇਰੀ, ਹੁਸ਼ਿਆਪਰੁਰ 'ਚ ਵਿਸ਼ੇਸ਼ ਸੈਸ਼ਨ ਆਯੋਜਿਤ**

ਹੁਸ਼ਿਆਰਪਰ, ਐਸਡੀਐਮ ਗੁਰਸਿਮਰਨਜੀਤ ਕੌਰ (ਪੀਸੀਐਸ), ਹੁਸ਼ਿਆਰਪੁਰ ਨੇ ਅੱਜ ਡਿਜੀਟਲ ਲਾਇਬ੍ਰੇਰੀ, ਹੁਸ਼ਿਆਰਪੁਰ ਵਿਖੇ ਪੰਜਾਬ ਪੀਸੀਐਸ ਮੇਨਜ਼ ਪ੍ਰੀਖਿਆ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਮਾਰਗਦਰਸ਼ਨ ਸੈਸ਼ਨ ਦਾ ਆਯੋਜਨ ਕੀਤਾ। ਇਸ ਮੌਕੇ ਉਨ੍ਹਾਂ ਆਪਣੇ ਪ੍ਰਸ਼ਾਸਕੀ ਤਜਰਬੇ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਪ੍ਰਭਾਵਸ਼ਾਲੀ ਪ੍ਰੀਖਿਆ ਰਣਨੀਤੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੀ ਯੋਗ ਅਗਵਾਈ ਹੇਠ ਡਿਜੀਟਲ ਲਾਇਬ੍ਰੇਰੀ ਸੁਚਾਰੂ ਢੰਗ ਨਾਲ ਚੱਲ ਰਹੀ ਹੈ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਵਾਲੇ ਨੌਜਵਾਨਾਂ ਲਈ ਇੱਕ ਪ੍ਰੇਰਨਾਦਾਇਕ ਕੇਂਦਰ ਬਣ ਗਈ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ 7 ਦਸੰਬਰ ਨੂੰ ਹੋਈ ਪੰਜਾਬ ਪੀਸੀਐਸ ਮੁੱਢਲੀ ਪ੍ਰੀਖਿਆ ਵਿੱਚ ਇਸ ਲਾਇਬ੍ਰੇਰੀ ਤੋਂ ਤਿਆਰੀ ਕਰ ਰਹੇ 14 ਵਿਦਿਆਰਥੀਆਂ ਨੇ ਸਫਲਤਾ ਪ੍ਰਾਪਤ ਕੀਤੀ ਸੀ। ਪੰਜਾਬ ਪੀਸੀਐਸ ਮੇਨਜ਼ ਪ੍ਰੀਖਿਆ 1 ਅਪ੍ਰੈਲ ਤੋਂ 10 ਅਪ੍ਰੈਲ ਤੱਕ ਹੋ ਰਹੀ ਹੈ। ਆਪਣੇ ਸੰਬੋਧਨ ਵਿੱਚ ਐਸਡੀਐਮ ਗੁਰਸਿਮਰਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਮੇਨਜ਼ ਪ੍ਰੀਖਿਆ ਦੀ ਤਿਆਰੀ ਦੌਰਾਨ ਆਉਣ ਵਾਲੀਆਂ ਚੁਣੌਤੀਆਂ ਨਾਲ ਨਜਿੱਠਣ ਦੇ ਵਿਹਾਰਕ ਤਰੀਕੇ ਦੱਸੇ। ਉਨ੍ਹਾਂ ਨੇ ਸਮਾਂ ਪ੍ਰਬੰਧਨ, ਉੱਤਰ ਲਿਖਣ ਦੀ ਸ਼ੈਲੀ, ਵਿਸ਼ਿਆਂ ਨੂੰ ਤਰਜੀਹ ਦੇਣ ਅਤੇ ਘੱਟ ਸਮੇਂ ਵਿੱਚ ਵਧੇਰੇ ਅੰਕ ਪ੍ਰਾਪਤ ਕਰਨ ਲਈ ਪ੍ਰਭਾਵਸ਼ਾਲੀ ਤਕਨੀਕਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸਵਾਲ ਪੁੱਛੇ, ਜਿਨ੍ਹਾਂ ਦਾ ਉਨ੍ਹਾਂ ਨੇ ਵਿਸਥਾਰ ਨਾਲ ਜਵਾਬ ਦਿੱਤਾ। ਸਲਾਹ ਸੈਸ਼ਨਾਂ ਦਾ ਵਿਦਿਆਰਥੀਆਂ ਨੂੰ ਕਾਫ਼ੀ ਲਾਭ ਹੋਇਆ ਅਤੇ ਉਨ੍ਹਾਂ ਦੇ ਆਤਮਵਿਸ਼ਵਾਸ ਅਤੇ ਉਤਸ਼ਾਹ ਵਿੱਚ ਕਾਫ਼ੀ ਵਾਧਾ ਹੋਇਆ।

# ਐਸ.ਬੀ.ਐਸ. ਸਟੇਟ ਯੂਨੀਵਰਸਿਟੀ ਵਲੋਂ ਸਕੂਲਾਂ ਦੇ ਮੈਡੀਕਲ ਅਤੇ ਨੋਨ ਮੈਡੀਕਲ ਦੇ ਵਿਦਿਆਰਥੀਆਂ ਲਈ ਕਰਵਾਇਆ ਜੇ.ਈ.ਈ. ਮੇਨਸ ਅਤੇ ਨੀਟ ਮੌਕ ਟੈਸਟ

ਰਮਨ ਕੁਮਾਰ

ਫ਼ਿਰੋਜ਼ਪੁਰ, ਸਥਾਨਕ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼?ਰੋਜ਼ਪੁਰ ਵਿੱਚ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਸੁਰੇਸ਼ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲੇ ਦੇ ਲਗਪਗ 15 ਸਕੂਲਾਂ ਦੇ ਵਿਗਿਆਨ ਅਤੇ ਮੈਡੀਕਲ ਵਿਸ਼ੇ ਦੇ ਵਿਦਿਆਰਥੀਆਂ ਲਈ ਯੂਨੀਵਰਸਿਟੀ ਵਲੋਂ ਜੇ.ਈ.ਈ. ਮੇਨਸ ਅਤੇ ਨੀਟ ਦੇ ਵੱਕਾਰੀ ਟੈਸਟਾਂ ਲਈ ਇਕ ਮੌਕ ਟੈਸਟ ਕਰਵਾਇਆ ਗਿਆ। ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਲਗਪਗ 400 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਟੈਸਟ ਦਾ ਮੁੱਖ ਮਕਸਦ ਜ਼ਿਲੇ ਦੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਜੇ.ਈ.ਈ. ਮੇਨਸ ਅਤੇ ਨੀਟ ਦੀ ਪ੍ਰੀਖਿਆ ਵਿੱਚ ਪੁੱਛੇ ਜਾਂਦੇ ਸਵਾਲਾਂ ਨੂੰ ਹਲ? ਕਰਨ ਲਈ ਵਿਦਿਆਰਥੀਆਂ ਦੀ ਤਿਆਰੀ ਕਰਵਾਉਣਾ ਸੀ। ਜ਼ਿਕਰਯੋਗ ਹੈ ਕਿ ਜਿਥੇ ਪੰਜਾਬ ਸਰਕਾਰ ਵਲੋਂ ਸਕੂਲਾਂ ਦੀ ਪੜ੍ਹਾਈ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਉਥੇ ਯੂਨੀਵਰਸਿਟੀ ਦੀ ਇਹ ਕੋਸ਼ਿਸ਼ ਇਹਨਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਕੌਮੀ ਲੈਵਲ ਦੇ ਇਹਨਾਂ ਵੱਕਾਰੀ ਟੈਸਟਾਂ ਚ ਚੰਗੇ




ਨੰਬਰਾਂ ਚ ਪਾਸ ਹੋਣ ਲਈ ਮਦਦਗਾਰ ਸਾਬਿਤ ਹੋਵੇਗੀ। ਮੌਕ ਟੈਸਟ ਦੇਣ ਲਈ ਪਹੁੰਚੇ ਵਿਦਿਆਰਥੀਆਂ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਯੂਨੀਵਰਸਿਟੀ ਦੇ ਫੈਕਲਟੀ/ ਸਟਾਫ਼ ਅਕਸਰ ਉਨ੍ਹਾਂ ਦੇ ਸਕੂਲਾਂ ਚ ਯੂਨੀਵਰਸਿਟੀਆਂ/ਕਾਲਜਾਂ 'ਚ ਟੈਸਟਾਂ ਵਾਰੇ ਜਾਣਕਾਰੀ ਮੁੱਹਈਆ ਕਰਵਾਉਣ ਆਉਂਦੇ ਰਹਿੰਦੇ ਹਨ ਤੇ ਉਹਨਾਂ ਨੂੰ ਸਰਕਾਰ ਵਲੋਂ ਜਨਰਲ /ਗਰੀਬ ਤੇ ਐਸ ਸੀ/ ਐਸ ਟੀ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਸਰਕਾਰੀ ਸਕੀਮਾਂ ਤੇ ਯੂਨੀਵਰਸਿਟੀਆਂ/ਕਾਲਜਾਂ ਵਿੱਚ ਚਲਦੇ ਵੱਖ ਵੱਖ ਕੋਰਸਾਂ ਵਾਰੇ ਵਿਸਥਾਰ ਸਹਿਤ ਦਸਦੇ ਰਹੇ ਹਨ। ਯੂਨੀਵਰਸਿਟੀ ਰਜਿਸਟ?ਰਾਰ ਡਾ ਗਜ਼ਲਪ੍ਰੀਤ ਸਿੰਘ ਦੱਸਿਆ ਕਿ ਇਹ ਮੌਕ ਟੈਸਟ ਦਾ ਮਕਸਦ ਸਕੂਲਾਂ 'ਚ ਸਿੱਖਿਆ ਪ੍ਰਾਪਤ ਕਰਦੇ ਵਿਦਿਆਰਥੀਆਂ ਨੂੰ ਕੌਮੀ ਪੱਧਰ ਦੇ ਹੁੰਦੇ ਟੈਸਟਾਂ ਦੀ ਤਿਆਰੀ ਲਈ ਜਾਣਕਾਰੀ ਮੁੱਹਈਆ ਕਰਵਾਉਣਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਹ ਮੌਕ ਟੈਸਟ ਪੰਜਾਬ ਸਰਕਾਰ ਵਲੋਂ ਸਕੂਲ?ਾਂ ਦੇ ਪੜ੍ਹਾਈ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਇਕ ਕੜੀ ਵਜੋਂ ਇਕ ਕਦਮ ਹੈ। ਇਸ ਟੈਸਟ ਨੂੰ ਕਰਵਾਉਣ ਵਿੱਚ ਡੀਨ ਅਕਾਦਮਿਕ ਡਾ ਰਾਜੀਵ ਗਰਗ, ਕੰਟਰੋਲਰ ਐਗਜ਼ਾਮੀਨੇਸ਼ਨ ਡਾ. ਰਜਨੀ, ਕੋਆਰਡੀਨੇਟਰ ਡਾ ਬੋਹੜ ਸਿੰਘ, ਡਾ ਵਿਸ਼ਾਲ ਅਰੋੜਾ, ਪ੍ਰੋ. ਗੁਰਜੀਵਨ ਸਿੰਘ, ਡਾ ਕਮਲ ਖੰਨਾ, ਡਾ ਕਰਮਜੀਤ ਸਿੰਘ ਅਤੇ ਪ੍ਰੋ. ਬਿੰਦੂ ਬਾਲਾ ਤੋਂ ਇਲਾਵਾ ਡਾ ਸੰਜੀਵ ਦੇਵੜਾ, ਲੈਕ. ਰਾਹੁਲ ਸ਼ਰਮਾ ਅਤੇ ਕੈਂਪਸ ਪੀ ਆਰ ਓ ਯਸ਼ਪਾਲ ਫੈਕਲਟੀ ਤੇ ਸਟਾਫ਼ ਦੀ ਵਿਸ਼ੇਸ ਭੂਮਿਕਾ ਰਹੀ।

# ਹਰਜੋਤ ਸਿੰਘ ਬੈਂਸ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਚੱਲ ਰਹੇ 100 ਕਰੋੜ ਰੁਪਏ ਦੇ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਹੁਕਮ

## ਹਰਜੋਤ ਸਿੰਘ ਬੈਂਸ ਨੇ ਸਵਾਂ ਨਦੀ ਅਤੇ ਸਤਲੁਜ ਦਰਿਆ ਉੱਤੇ ਬਣਾਏ ਜਾ ਰਹੇ ਪੁਲਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ

ਪੰਕਜ

ਚੰਡੀਗੜ੍ਹ, ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ 100 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਨ੍ਹਾਂ ਪ੍ਰੋਜੈਕਟਾਂ ਵਿੱਚ ਸਵਾਂ ਨਦੀ ਅਤੇ ਸਤਲੁਜ ਦਰਿਆ ਉੱਤੇ ਬਣਾਏ ਜਾ ਰਹੇ ਚਾਰ ਪੁਲ ਸ਼ਾਮਲ ਹਨ, ਜੋ 100 ਤੋਂ ਵੱਧ ਪਿੰਡਾਂ ਅਤੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਨਾਲ ਸੰਪਰਕ ਨੂੰ ਬਿਹਤਰ ਬਣਾਉਣਗੇ। ਰੋਪੜ ਜ਼ਿਲ੍ਹੇ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਆਪਣੇ ਦਫ਼ਤਰ ਵਿਖੇ ਮੀਟਿੰਗ ਦੌਰਾਨ ਸਵਾਂ ਨਦੀ ਅਤੇ ਸਤਲੁਜ ਦਰਿਆ ਉੱਤੇ ਬਣਾਏ ਜਾ ਰਹੇ ਚਾਰ ਪੁਲਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਸ.



ਬੈਂਸ ਨੇ ਕਿਹਾ ਕਿ ਭੱਲੜੀ-ਖੇੜਾ ਕਲਮੋਟ, ਐਲਗਰਾਂ, ਕਲਿੱਤਰਾਂ-ਬੇਲਾ ਧਿਆਨੀ ਅਤੇ ਬੇਲਾ ਧਿਆਨੀ-ਪਲਾਸੀ ਵਿਖੇ ਪੁਲਾਂ ਦੀ ਉਸਾਰੀ ਨਾਲ ਆਉਣ-ਜਾਣ ਦੇ ਸਮੇਂ ਵਿੱਚ ਕਮੀ ਆਵੇਗੀ, ਅੰਤਰ-ਰਾਜੀ ਵਪਾਰ ਨੂੰ ਹੁਲਾਰਾ ਮਿਲੇਗਾ ਅਤੇ ਖੇਤਰ ਵਿੱਚ ਆਰਥਿਕ ਵਿਕਾਸ ਵਧੇਗਾ ਅਤੇ ਸਥਾਨਕ ਨਿਵਾਸੀਆਂ ਨੂੰ ਬਹੁਤ ਲਾਭ ਮਿਲੇਗਾ। ਸ. ਹਰਜੋਤ ਸਿੰਘ ਬੈਂਸ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਪ੍ਰੋਜੈਕਟਾਂ 'ਤੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਗੁਣਵੱਤਾ ਦੇ ਉੱਚਤਮ ਮਿਆਰਾਂ ਨੂੰ ਕਾਇਮ ਰੱਖਿਆ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਜਾਂ ਦੇਰੀ ਦੀ ਸੂਰਤ ਵਿੱਚ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਿਕਾਸ ਅਤੇ ਪੰਜਾਬ ਦੇ ਲੋਕਾਂ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਪ੍ਰਤੀ ਵਚਨਬੱਧਤਾ ਨੂੰ ਦੁਹਰਾਇਆ।

# ਭਾਜਪਾ ਸਰਕਾਰ ਦੇ ਕਿਸਾਨ ਵਿਰੋਧੀ ਅਤੇ ਵਪਾਰ ਵਿਰੋਧੀ ਸਮਝੌਤਿਆਂ ਵਿਰੁੱਧ 'ਆਪ' ਦਾ ਵਿਰੋਧ ਮੁਜ਼ਾਹਰਾ

## ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਚੇਚੀ ਦੀ ਅਗਵਾਈ ਹੇਠ ਭਾਜਪਾ ਦਫ਼ਤਰ ਦੇ ਬਾਹਰ ਪ੍ਰਦਰਸ਼ਨ

ਮਨਦੀਪ ਕੌਰ

ਹੁਸ਼ਿਆਰਪੁਰ, ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਅਤੇ ਮਾਰਕੀਟ ਕਮੇਟੀ, ਹੁਸ਼ਿਆਰਪੁਰ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਹੁਸ਼ਿਆਰਪੁਰ ਵਿੱਚ ਭਾਜਪਾ ਦਫ਼ਤਰ ਦੇ ਬਾਹਰ ਜ਼ੋਰਦਾਰ ਪ੍ਰਦਰਸ਼ਨ ਕੀਤਾ। ਇਹ ਵਿਰੋਧ ਪ੍ਰਦਰਸ਼ਨ ਕੇਂਦਰੀ ਭਾਜਪਾ ਸਰਕਾਰ ਵੱਲੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਕੀਤੇ ਗਏ ਕਥਿਤ ਵਪਾਰ ਵਿਰੋਧੀ ਅਤੇ ਕਿਸਾਨ ਵਿਰੋਧੀ ਸਮਝੌਤਿਆਂ ਦੇ ਵਿਰੋਧ ਵਿੱਚ ਕੀਤਾ ਗਿਆ ਸੀ। ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਚੇਚੀ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਫੈਸਲੇ ਦੇਸ਼ ਦੇ ਵਪਾਰੀਆਂ ਅਤੇ ਕਿਸਾਨਾਂ ਦੇ ਹਿੱਤਾਂ ਦੇ ਵਿਰੁੱਧ ਹਨ। ਉਨ੍ਹਾਂ ਦੋਸ਼ ਲਾਇਆ ਕਿ ਅਜਿਹੇ ਸਮਝੌਤੇ ਭਾਰਤੀ ਬਾਜ਼ਾਰ, ਛੋਟੇ ਵਪਾਰੀਆਂ ਅਤੇ ਖੇਤੀਬਾੜੀ ਖੇਤਰ 'ਤੇ ਮਾੜਾ ਪ੍ਰਭਾਵ ਪਾ ਸਕਦੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਆਪਣੇ ਵਪਾਰੀ ਅਤੇ ਕਿਸਾਨ ਭਰਾਵਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਹਰ ਪੱਧਰ 'ਤੇ ਲੜੇਗੀ। ਉਨ੍ਹਾਂ ਕਿਹਾ ਕਿ 'ਆਪ' ਇਸ ਮੁੱਦੇ 'ਤੇ ਪੰਜਾਬ ਭਰ ਵਿੱਚ ਵਿਰੋਧ




ਪ੍ਰਦਰਸ਼ਨ ਕਰ ਰਹੀ ਹੈ ਤਾਂ ਜੋ ਜਨਤਾ ਦੀ ਆਵਾਜ਼ ਕੇਂਦਰ ਸਰਕਾਰ ਤੱਕ ਪਹੁੰਚਾਈ ਜਾ ਸਕੇ। ਪਾਰਟੀ ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਕਿਸਾਨਾਂ ਅਤੇ ਵਪਾਰੀਆਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕਰਨ ਵਾਲੇ ਕਿਸੇ ਵੀ ਸਮਝੌਤੇ 'ਤੇ ਮੁੜ ਵਿਚਾਰ ਕਰੇ। ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਕਿਸਾਨ ਵਿਰੋਧੀ ਅਤੇ ਵਪਾਰ ਵਿਰੋਧੀ ਨੀਤੀਆਂ ਵਾਪਸ ਨਾ ਲਈਆਂ ਗਈਆਂ ਤਾਂ ਅੰਦੋਲਨ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਅਮਿਤ ਨੇਗੀ, ਮੈਂਬਰ ਵਪਾਰ ਕਮਿਸ਼ਨ, ਦਰਿਪਨ ਸੈਣੀ, ਜ਼ਿਲ੍ਹਾ ਚੇਅਰਮੈਨ ਵਪਾਰ ਵਿੰਗ, ਸਤਵੰਤ ਸਿੰਘ ਸਿਆਨ, ਕੰਚਨ ਦਿਓਲ, ਸੁਖਦੇਵ ਸਿੰਘ, ਮਨਿੰਦਰ ਸਿੰਘ, ਅਮਰੀਕ ਸਿੰਘ, ਜਗਦੀਪ ਸਿੰਘ, ਅਤੇ ਹੋਰ ਅਧਿਕਾਰੀ ਅਤੇ ਵਰਕਰ ਮੌਜੂਦ ਸਨ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਕ ਮਹੀਨੇ ਵਿੱਚ ਦੂਜੀ ਵਾਰ ਜਲੰਧਰ ਪਹੁੰਚੇ, ਲੋਕ ਮਿਲਣੀ ਦੌਰਾਨ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ

## ਭਗਵੰਤ ਸਿੰਘ ਮਾਨ ਨੇ ਇਸ ਪਹਿਲ ਨੂੰ ਇੱਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਦਾ ਸਭ ਤੋਂ ਬਿਹਤਰੀਨ ਢੰਗ ਦੱਸਿਆ

ਮਨਦੀਪ ਕੌਰ

ਜਲੰਧਰ, ਆਮ ਲੋਕਾਂ ਨਾਲ ਸਿੱਧੇ ਰਾਬਤਾ ਕਾਇਮ ਕਰਨ ਸਬੰਧੀ ਆਪਣੀਆਂ ਸਰਗਰਮੀਆਂ ਨੂੰ ਜਾਰੀ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਆਪਣੇ ਆਪਣੇ ਨਿਵਾਸ ਸਥਾਨ 'ਤੇ ਲੋਕ ਮਿਲਣੀ ਪ੍ਰੋਗਰਾਮ ਰੱਖ ਕੇ ਇਥੋਂ ਦੇ ਨਾਗਰਿਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਪਹਿਲਕਦਮੀ ਨੂੰ ਇੱਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਹੱਲ ਕਰਨ ਲਈ ਸਭ ਤੋਂ ਪ੍ਰਭਾਵਸ਼ਾਲੀ ਜ਼ਰੀਆ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਕਲੌਤਾ ਸੂਬਾ ਹੈ ਜਿੱਥੇ ਸੂਬੇ ਦਾ ਮੁਖੀ ਲੋਕਾਂ ਨੂੰ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੇ ਮਸਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨਾ ਯਕੀਨੀ ਬਣਾਉਂਦਾ ਹੈ।

ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ 'ਆਪ' ਸਰਕਾਰ ਪੂਰੀ ਇਮਾਨਦਾਰੀ ਅਤੇ ਜਵਾਬਦੇਹੀ ਨਾਲ ਲੋਕਾਂ ਦੀ ਹਰ ਸਮੱਸਿਆ ਹੱਲ ਕਰਨ ਲਈ ਵਚਨਬੱਧ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਸਰਕਾਰ ਅਤੇ ਜਨਤਾ ਦਰਮਿਆਨ ਇੱਕ ਢਾਂਚਾਗਤ ਪੁਲ ਵਜੋਂ ਕੰਮ ਕਰਦਿਆਂ ਜਵਾਬਦੇਹ ਅਤੇ ਪਾਰਦਰਸ਼ੀ ਸ਼ਾਸਨ ਨੂੰ ਯਕੀਨੀ ਬਣਾਉਂਦਾ ਹੈ, ਜਿਸਨੂੰ ਅੱਗੇ ਵੀ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਮਿਲਣੀਆਂ ਇਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਅਤੇ ਸੁਚੱਜੇ ਸ਼ਾਸਨ ਸਬੰਧੀ ਜਨਤਾ ਤੋਂ ਫੀਡਬੈਕ ਲੈਣ ਲਈ ਸਭ ਤੋਂ ਬਿਹਤਰੀਨ ਢੰਗਾਂ ਵਿੱਚੋਂ ਇੱਕ ਹਨ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਸ਼ਾਇਦ ਹੀ ਕਿਤੇ ਅਜਿਹੀ ਨਾਗਰਿਕ ਕੇਂਦਰਿਤ ਪਹਿਲ ਦੇਖਣ ਨੂੰ ਮਿਲੇ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਅਜਿਹਾ ਕੋਈ ਹੋਰ ਰਾਜ ਨਹੀਂ ਹੈ ਜੋ ਆਮ ਜਨਤਾ ਦੀ ਭਲਾਈ ਲਈ ਅਜਿਹੀ ਲੋਕ-ਪੱਖੀ ਪਹਿਲਕਦਮੀ ਕਰ ਰਿਹਾ ਹੋਵੇ। ਉਨ੍ਹਾਂ ਕਿਹਾ ਕਿ ਇਹ ਰਿਕਾਰਡ 'ਤੇ ਹੈ ਕਿ ਲੋਕ ਮਿਲਣੀ ਪ੍ਰੋਗਰਾਮ ਸਮਾਜ ਦੇ ਹਰ ਵਰਗ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਵਧੇਰੇ ਲਾਹੇਵੰਦ ਸਿੱਧ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਲੋਕ ਮਿਲਣੀ ਸੱਚਮੁੱਚ ਇੱਕ ਵਿਲੱਖਣ ਪਹਿਲ ਹੈ ਜਿੱਥੇ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਯੋਜਨਾਬੱਧ ਹੱਲ ਲਈ ਉਨ੍ਹਾਂ ਨਾਲ ਨਿੱਜੀ ਤੌਰ 'ਤੇ ਰਾਬਤਾ ਕਾਇਮ ਕਰਦੀ ਹੈ।

ਇਸ ਪਹਿਲਕਦਮੀ ਨੂੰ ਪੰਜਾਬ ਲਈ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਪੰਜਾਬ ਇਕਲੌਤਾ ਸੂਬਾ ਹੈ ਜਿੱਥੇ ਰਾਜ ਦਾ ਮੁਖੀ ਜਨਤਾ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਅਜਿਹੀ ਮੁਹਿੰਮ ਵਿੱਚ ਨਿੱਜੀ ਤੌਰ 'ਤੇ ਸ਼ਾਮਲ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਲੋਕ ਮਿਲਣੀ ਇੱਕ ਪਾਸੇ ਰਾਜ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਂਦੀ ਹੈ ਉਥੇ ਇਹ ਦੂਜੇ ਪਾਸੇ ਸਰਕਾਰ ਨੂੰ ਆਪਣੇ ਅਧਿਕਾਰੀਆਂ ਦੀ ਕਾਰਗੁਜ਼ਾਰੀ ਬਾਰੇ ਚੰਗੀ ਤਰ੍ਹਾਂ ਜਾਣਨ ਦਾ ਮੌਕਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਪੂਰੇ ਦੇਸ਼ ਵਿੱਚ ਆਪਣੀ ਕਿਸਮ ਦਾ ਪਹਿਲਾ ਪ੍ਰੋਗਰਾਮ ਹੈ ਕਿਉਂਕਿ ਕਿਸੇ ਵੀ ਹੋਰ ਰਾਜ ਦਾ ਮੁੱਖ ਮੰਤਰੀ ਲੋਕਾਂ ਨਾਲ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਾਣਨ ਅਤੇ ਇਨ੍ਹਾਂ ਦੇ ਹੱਲ ਦੀ ਖੇਚਲ ਨਹੀਂ ਕਰਦਾ।

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਇਹ ਪਹਿਲ ਪੱਖਪਾਤੀ ਵਿਚਾਰਾਂ ਤੋਂ ਕਿਤੇ ਉੱਪਰ ਦੀ ਗੱਲ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਮਿਲਣੀਆਂ ਦਾ ਸਿਆਸਤ ਨਾਲ ਕੋਈ ਸਬੰਧ ਨਹੀਂ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਇੱਕੋ-ਇੱਕ ਉਦੇਸ਼ ਸੂਬੇ ਅਤੇ ਇਥੋਂ ਦੇ ਲੋਕਾਂ ਦੇ ਵਿਕਾਸ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਇੱਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦਾ ਸਭ ਤੋਂ ਵਧੀਆ ਜ਼ਰੀਆ ਹਨ, ਕਿਉਂਕਿ ਇਹ ਸਰਕਾਰ ਅਤੇ ਜਨਤਾ ਵਿਚਕਾਰ ਸੰਚਾਰ ਦੇ ਪਾੜੇ ਨੂੰ ਪੂਰਦਿਆਂ ਲੋਕਤੰਤਰੀ ਢਾਂਚੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਦਾ ਬਿਹਤਰੀਨ ਢੰਗ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ ਜਿਸ ਲਈ ਸੂਬੇ ਵਿੱਚ ਪਹਿਲਾਂ ਹੀ ਕਈ ਮੁੱਖ ਪਹਿਲਕਦਮੀਆਂ ਕੀਤੀਆਂ ਜਾ ਚੁੱਕੀਆਂ ਹਨ।

ਨੌਜਵਾਵਾਂ ਦੇ ਸਸ਼ਕਤੀਕਰਨ 'ਤੇ ਸਰਕਾਰ ਦੇ ਧਿਆਨ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਸਰਕਾਰ ਦਾ ਕੰਮ ਨੌਜਵਾਨਾਂ ਦੇ ਸੁਪਨਿਆਂ ਨੂੰ ਖੰਭ ਦੇਣਾ ਹੁੰਦਾ ਹੈ ਤਾਂ ਜੋ ਉਹ ਜ਼ਿੰਦਗੀ ਵਿੱਚ ਸਫ਼ਲਤਾ ਦੀਆਂ ਨਵੀਆਂ ਕਹਾਣੀਆਂ ਲਿਖ ਸਕਣ। ਉਨ੍ਹਾਂ ਕਿਹਾ ਕਿ ਮੇਰੇ ਦੁਆਰਾ ਦਸਤਖਤ ਕੀਤੀ ਜਾਂਦੀ ਹਰ ਫਾਈਲ ਆਮ ਆਦਮੀ ਅਤੇ ਰਾਜ ਦੇ ਲਾਭ ਲਈ ਹੁੰਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਭ੍ਰਿਸ਼ਟਾਚਾਰ ਜਾਂ ਸਿਫਾਰਸ਼ ਤੋਂ ਬਿਨਾਂ 63,000 ਤੋਂ ਵੱਧ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਹਰ ਫੈਸਲਾ ਸੂਬੇ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਵੱਲ ਸੇਧਿਤ ਹੁੰਦਾ ਹੈ।

ਸਿੱਖਿਆ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਖੇਤਰ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਗਏ ਹਨ। ਇਨ੍ਹਾਂ ਸਕੂਲਾਂ ਵਿੱਚ ਸਮਾਰਟ ਕਲਾਸਰੂਮ, ਪੂਰੀ ਤਰ੍ਹਾਂ ਲੈਸ ਲੈਬਾਟਰੀਆਂ ਅਤੇ ਵਿਗਿਆਨਕ ਸਿੱਖਿਆ ਲਈ ਪਲੇਅ-ਗਰਾਊਂਡ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਮੁਹਾਰਤ ਨੂੰ ਨਿਖਾਰਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜਿਆ ਜਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਆਧੁਨਿਕ ਸਿੱਖਿਆ ਅਭਿਆਸਾਂ ਤੋਂ ਜਾਣੂ ਹੋ ਕੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਭਵਿੱਖ ਦੇ ਮੁਕਾਬਲਿਆਂ ਲਈ ਤਿਆਰ ਕਰ ਸਕਣ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਨੇ ਭਾਰਤ ਸਰਕਾਰ ਦੁਆਰਾ ਕਰਵਾਏ ਗਏ ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਕੇਰਲਾ ਨੂੰ ਵੀ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਸੂਬੇ ਦੇ ਵਿਦਿਆਰਥੀਆਂ ਨੂੰ ਹਥਿਆਰਬੰਦ ਬਲਾਂ ਦੀ ਪ੍ਰੀਖਿਆ ਲਈ ਤਿਆਰੀਆਂ ਦੇ ਨਾਲ-ਨਾਲ ਨੀਟ, ਜੇਈਈ, ਕਲੈਟ ਅਤੇ ਐਨਆਈਐਫਟੀ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਵਿਸ਼ੇਸ਼ ਕੋਚਿੰਗ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਸਕੂਲ ਆਫ਼ ਐਮੀਨੈਂਸ ਅਤੇ ਹੋਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਜੇਈਈ ਮੇਨਜ਼, ਜੇਈਈ ਐਡਵਾਂਸਡ ਅਤੇ ਨੀਟ ਪ੍ਰੀਖਿਆਵਾਂ ਲਈ ਕੁਆਲੀਫਾਈ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਹੋਰ ਮਹੱਤਵਪੂਰਨ ਕਦਮ ਵਿੱਚ ਰਾਜ ਦੇ ਸਾਰੇ 65 ਲੱਖ ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੇ ਨਾਲ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ।

ਸਿਹਤ ਸੰਭਾਲ ਪਹਿਲਕਦਮੀਆਂ ਦਾ ਵੇਰਵਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਤਹਿਤ ਆਮਦਨੀ ਦੀ ਕੋਈ ਸ਼ਰਤ ਨਹੀਂ ਲਾਈ ਗਈ ਅਤੇ ਹੁਣ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਵੀ ਇਸ ਯੋਜਨਾ ਅਧੀਨ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਸਮੁੱਚੇ ਨਾਗਰਿਕਾਂ ਨੂੰ ਮੁਫਤ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਵਾਲਾ ਪਹਿਲਾ ਰਾਜ ਬਣ ਗਿਆ ਹੈ। ਉਨ੍ਹਾਂ ਕਿਹਾ ਕਿ 881 ਆਮ ਆਦਮੀ ਕਲੀਨਿਕ ਰੋਜ਼ਾਨਾ ਮੁਫ਼ਤ ਇਲਾਜ ਪ੍ਰਦਾਨ ਕਰ ਰਹੇ ਹਨ ਅਤੇ ਸਾਲ 2022 ਵਿੱਚ ਰਾਜ ਸਰਕਾਰ ਦੇ ਸੱਤਾ ਸੰਭਾਲਣ ਤੋਂ ਲੈ ਕੇ ਸੂਬੇ ਦੇ ਲਗਭਗ 90 ਫੀਸਦ ਪਰਿਵਾਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।

ਕਿਸਾਨਾਂ ਲਈ ਸਹੂਲਤ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਰਾਜ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਟਿਊਬਵੈੱਲਾਂ ਨੂੰ ਦਿਨ ਵੇਲੇ ਵੀ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਰਾਜ ਵਿੱਚ 6900 ਕਿਲੋਮੀਟਰ ਦੀ ਲੰਬਾਈ ਵਾਲੇ 18349 ਜਲ ਮਾਰਗਾਂ ਨੂੰ ਮੁੜ ਸੁਰਜੀਤ ਕਰਦਿਆਂ ਟੇਲਾਂ 'ਤੇ ਰਹਿੰਦੇ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਰਾਜ ਵਿੱਚ ਕਈ ਸਰਕਾਰੀ ਲਾਇਬ੍ਰੇਰੀਆਂ ਖੋਲ੍ਹੀਆਂ ਗਈਆਂ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਦਿਆਰਥੀ ਚੰਗੀ ਪੜ੍ਹਾਈ-ਲਿਖਾਈ ਕਰ ਕਰਕੇ ਜ਼ਿੰਦਗੀ ਵਿੱਚ ਉੱਚੇ ਮੁਕਾਮ ਹਾਸਲ ਕਰ ਸਕਣ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅੱਜ ਪੰਜਾਬ ਹਰ ਖੇਤਰ ਵਿੱਚ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ ਕਿਉਂਕਿ ਸੂਬਾ ਸਰਕਾਰ ਨੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਹਰ ਸੰਭਵ ਕਦਮ ਚੁੱਕਿਆ ਹੈ। ਸੂਬਾ ਸਰਕਾਰ ਨੇ ਸਿਹਤ, ਸਿੱਖਿਆ, ਬਿਜਲੀ ਅਤੇ ਹੋਰ ਖੇਤਰਾਂ ਵਿੱਚ ਲੀਹੋਂ ਹਟਵੀਆਂ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ 49,000 ਕਿਲੋਮੀਟਰ ਤੋਂ ਵੱਧ ਸੜਕਾਂ ਦੇ ਨਿਰਮਾਣ ਦਾ ਕੰਮ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ, ਜੋ ਜਲਦ ਹੀ ਮੁਕੰਮਲ ਹੋ ਜਾਵੇਗਾ। ਜਨਤਾ ਲਈ ਰਾਹਤ ਉਪਾਵਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਪੰਜਾਬ ਵਿੱਚ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ ਜਿਸ ਨਾਲ ਆਮ ਆਦਮੀ ਦੀ ਜੇਬ ਵਿੱਚੋਂ ਟੋਲ ਫੀਸ ਦੇ ਰੋਜ਼ਾਨਾ 64 ਲੱਖ ਰੁਪਏ ਦੀ ਬਚਤ ਹੋ ਰਹੀ ਹੈ। ਉਹਨਾਂ ਕਿਹਾ ਕਿ ਸੁਚੱਜੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਜੋ ਲੋਕਾਂ ਨੂੰ ਮੁਫਤ ਇਲਾਜ ਅਤੇ ਦਵਾਈਆਂ ਪ੍ਰਦਾਨ ਕਰ ਰਹੇ ਹਨ। ਉਹਾਂ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ ਰਾਜ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ। ਅਖੀਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਰਾਜ ਸਰਕਾਰ ਸੂਬੇ ਦੀ ਹਰ ਮਹਿਲਾ ਨੂੰ 1000 ਰੁਪਏ ਦੇਣ ਦੀ ਯੋਜਨਾ ਜਲਦ ਲਾਗੂ ਕਰੇਗੀ ਜਿਸ ਲਈ ਆਉਣ ਵਾਲੇ ਬਜਟ ਵਿੱਚ ਜ਼ਰੂਰੀ ਉਪਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਰਾਜ ਦੇ ਲੋਕਾਂ ਨਾਲ ਕੀਤਾ ਗਿਆ ਹਰ ਵਾਅਦਾ ਹਰ ਹੀਲੇ ਪੂਰਾ ਕੀਤਾ ਜਾਵੇਗਾ ਕਿਉਂਕਿ ਸਾਡੀ ਸਰਕਾਰ ਸਭਨਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਇੱਕੋ ਇੱਕ ਏਜੰਡਾ ਰਾਜ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਹੈ।











# ਸਪੀਕਰ ਨੇ ਆਪਣੀ ਰਿਹਾਇਸ਼ ਵਿਖੇ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗੋਧੇਵਾਲਾ (ਮੋਗਾ) ਦੇ ਵਿਦਿਆਰਥੀਆਂ ਨਾਲ ਕੀਤੀ ਗੱਲਬਾਤ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪੰਜਾਬ ਵਿਧਾਨ ਸਭਾ ਵਿਖੇ ਵਿਦਿਅਕ ਦੌਰੇ 'ਤੇ ਆਏ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗੋਧੇਵਾਲਾ (ਮੋਗਾ) ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਪੀਕਰ ਨੇ ਕਿਹਾ ਕਿ ਅਜਿਹੇ ਦੌਰਿਆਂ ਦਾ ਉਦੇਸ਼ ਨੌਜਵਾਨਾਂ ਨੂੰ ਲੋਕਤੰਤਰੀ ਅਦਾਰਿਆਂ ਅਤੇ ਸੰਵਿਧਾਨਕ ਪ੍ਰਕਿਰਿਆਵਾਂ ਬਾਰੇ ਜਾਗਰੂਕ ਕਰਨਾ ਅਤੇ ਦਿਲਚਸਪੀ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਵਿਦਿਆਰਥੀਆਂ ਨੂੰ ਵਿਧਾਨਕ ਕਾਰਵਾਈਆਂ ਨੂੰ ਸਮਝਣ ਲਈ ਉਤਸ਼ਾਹਿਤ ਕਰਨਾ ਜ਼ਰੂਰੀ ਹੈ। ਇਸ ਮੌਕੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਲਗਭਗ 170 ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦਾ ਦੌਰਾ ਕੀਤਾ। ਵਿਦਿਆਰਥੀਆਂ ਨੇ ਸਪੀਕਰ ਨਾਲ ਗੱਲਬਾਤ ਕਰਕੇ ਉਤਸ਼ਾਹ ਅਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਉਜਾਗਰ ਕਰਦਿਆਂ, ਸ. ਸੰਧਵਾਂ ਨੇ ਕਿਹਾ ਕਿ ਅੱਜ ਦੇ ਵਿਦਿਆਰਥੀ ਪੰਜਾਬ ਦੇ ਭਵਿੱਖ ਦੇ ਨੇਤਾ ਅਤੇ ਨੀਤੀ ਨਿਰਮਾਤਾ ਹਨ। ਇਸ ਉਪਰੰਤ ਉਨ੍ਹਾਂ ਨੇ ਆਪਣੀ ਰਿਹਾਇਸ਼ 'ਤੇ ਵਿਦਿਆਰਥੀਆਂ ਲਈ ਦੁਪਹਿਰ ਦੇ ਖਾਣੇ ਦੀ ਮੇਜ਼ਬਾਨੀ ਕੀਤੀ, ਜਿੱਥੇ ਉਨ੍ਹਾਂ ਗੈਰ-ਰਸਮੀ ਤੌਰ 'ਤੇ ਗੱਲਬਾਤ ਕੀਤੀ ਅਤੇ ਆਪਣੀਆਂ ਇੱਛਾਵਾਂ ਸਾਂਝੀਆਂ ਕੀਤੀਆਂ। ਪੰਜਾਬ ਵਿਧਾਨ ਸਭਾ ਦੇ ਕੰਮਕਾਜ ਬਾਰੇ ਦੱਸਦਿਆਂ, ਸਪੀਕਰ ਨੇ ਵਿਦਿਆਰਥੀਆਂ ਨੂੰ ਵਿਧਾਨਕ ਪ੍ਰਕਿਰਿਆਵਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ, ਜਿਸ ਵਿੱਚ ਸਦਨ 'ਚ ਕਾਨੂੰਨ ਬਣਾਉਣ, ਬਹਿਸ ਕਰਨ ਅਤੇ ਕਾਨੂੰਨ ਪਾਸ ਕਰਨ ਬਾਰੇ ਜਾਣਕਾਰੀ ਸ਼ਾਮਲ ਸੀ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਦੇ ਲੋਕਾਂ ਲਈ ਸ਼ਾਂਤੀ, ਨਿਆਂ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਸਮਾਜ ਦੀਆਂ ਜ਼ਰੂਰਤਾਂ ਅਤੇ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਕਾਨੂੰਨ ਬਣਾਏ ਜਾਂਦੇ ਹਨ। ਇਸ ਦੌਰੇ ਦੌਰਾਨ ਡਾ. ਮਨਦੀਪ ਕੌਰ (ਵਾਈਸ ਪ੍ਰਿੰਸੀਪਲ), ਤੇਜਵੰਤ ਸਿੰਘ ਸੰਧੂ (ਲੈਕਚਰਾਰ, ਰਾਜਨੀਤੀ ਸ਼ਾਸਤਰ), ਚਮਕੌਰ ਸਿੰਘ (ਲੈਕਚਰਾਰ, ਭੂਗੋਲ), ਜਸਵਿੰਦਰ ਕੌਰ (ਲੈਕਚਰਾਰ, ਅਰਥ ਸ਼ਾਸਤਰ), ਮਨਮੋਹਨ ਕੌਰ (ਐਸਐਸਟੀ ਅਧਿਆਪਕ), ਜਗਸੀਰ ਸਿੰਘ (ਵੋਕੇਸ਼ਨਲ ਅਧਿਆਪਕ), ਵੰਧਨਾ ਕਾਲੜਾ (ਕੰਪਿਊਟਰ ਅਧਿਆਪਕ), ਜਸਤਾਰ ਸਿੰਘ (ਕੈਂਪਸ ਮੈਨੇਜਰ) ਅਤੇ ਕੁਲਦੀਪ ਸਿੰਘ ਮੌਜੂਦ ਸਨ।



# ਵਿਜੀਲੈਂਸ ਬਿਊਰੋ ਵੱਲੋਂ 4000 ਰੁਪਏ ਰਿਸ਼ਵਤ ਲੈਂਦਾ ਨਾਇਬ ਕੋਰਟ ਰੰਗੇ ਹੱਥੀਂ ਕਾਬੂ

ਰਮਨ ਕਮਾਰ

ਚੰਡੀਗੜ੍ਹ, ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਹੋਮ ਗਾਰਡ (ਪੀਐਚਜੀ) ਦੇ ਪੀ.ਸੀ. ਨਾਇਬ ਕੋਰਟ ਸ਼ਰਨਦੀਪ ਸਿੰਘ, ਜੋ ਕਿ ਥਾਣਾ ਸ੍ਰੀ ਮੁਕਤਸਰ ਸਾਹਿਬ ਨਾਲ ਸਬੰਧਤ ਹੈ, ਨੂੰ 4000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਕਿਹਾ ਕਿ ਉਕਤ ਦੋਸ਼ੀ ਨੂੰ ਸ੍ਰੀ ਮੁਕਤਸਰ ਸਾਹਿਬ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਦੋਸ਼ੀ ਸ਼ਰਨਦੀਪ ਸਿੰਘ ਨੇ ਅਦਾਲਤੀ ਕੇਸ ਵਿੱਚ ਉਸਦੀ ਮਦਦ ਕਰਨ ਬਦਲੇ 4000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਇਸ ਸਬੰਧੀ ਦੋਸ਼ੀ ਨੇ ਵੱਖ-ਵੱਖ ਮੌਕਿਆਂ 'ਤੇ ਉਸਦੀ ਜ਼ਮਾਨਤ ਰੱਦ ਹੋ ਗਈ ਹੈ ਜਾਂ ਨਹੀਂ, ਬਾਰੇ ਜਾਣਕਾਰੀ ਦੇਣ ਲਈ ਰਿਸ਼ਵਤ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 4000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਹਰਜੋਤ ਸਿੰਘ ਬੈਂਸ ਵੱਲੋਂ ਮੋਹਾਲੀ ਦੇ ਸਰਕਾਰੀ ਸਕੂਲ ਦਾ ਅਚਨਚੇਤ ਦੌਰਾ; ਸਕੂਲ ਦੀ ਨੁਹਾਰ ਬਦਲਣ ਦੇ ਦਿੱਤੇ ਆਦੇਸ਼

## '15 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਨੂੰ ਕੀਤਾ ਜਾ ਰਿਹੈ ਅਪਗ੍ਰੇਡ

ਐਸ. ਕੇ. ਸਕਸੈਨਾ

ਚੰਡੀਗੜ੍ਹ/ਐਸ.ਏ.ਐਸ. ਨਗਰ, ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਦੀ ਮੁਹਿੰਮ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸਵੇਰੇ ਐਸ.ਏ.ਐਸ. ਨਗਰ (ਮੋਹਾਲੀ) ਜ਼ਿਲ੍ਹੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਦਾ ਅਚਨਚੇਤ ਦੌਰਾ ਕੀਤਾ। ਉਨ੍ਹਾਂ ਨੇ ਸਕੂਲ ਕੈਂਪਸ ਦੇ ਆਧੁਨਿਕੀਕਰਨ ਲਈ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਇੱਕ ਹਫ਼ਤੇ ਦੇ ਅੰਦਰ ਵਿਸਤ੍ਰਿਤ ਪ੍ਰਾਜੈਕਟ ਰਿਪੋਰਟ (ਡੀ.ਪੀ.ਆਰ.) ਜਮ ?ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਇਹ ਸਕੂਲ ਚੰਡੀਗੜ੍ਹ ਦੇ ਨੇੜੇ ਸਥਿਤ ਹੋਣ ਦੇ ਬਾਵਜੂਦ ਕਲਾਸਰੂਮਾਂ ਦੀ ਮਾੜੀ ਹਾਲਤ, ਜਿਨ੍ਹਾਂ ਨੂੰ ਤੁਰੰਤ ਪੇਂਟ ਦੀ ਲੋੜ ਹੈ, ਉਤੇ ਨਾਖੁਸ਼ੀ ਜ਼ਾਹਿਰ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਡਾਇਰੈਕਟਰ (ਸੈਕੰਡਰੀ ਸਿੱਖਿਆ) ਨੂੰ ਫੋਨ ਕਰਕੇ ਇਸ ਸਬੰਧੀ ਤੁਰੰਤ ਇੱਕ ਨਿਰੀਖਣ ਟੀਮ ਗਠਿਤ ਕਰਕੇ ਸਕੂਲ ਦੇ ਦੌਰੇ ਉਤੇ ਭੇਜਣ ਅਤੇ ਇੱਕ ਹਫ਼ਤੇ ਦੇ ਅੰਦਰ ਡੀ.ਪੀ.ਆਰ. ਪੇਸ਼ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਨੇ ਇਸ ਸਕੂਲ ਨੂੰ ਇੱਕ ਮਿਆਰੀ ਮਾਡਲ ਸਿੱਖਿਆ ਸੰਸਥਾ ਵਿੱਚ ਬਦਲਣ ਦੀ ਵਚਨਬੱਧਤਾ ਜ਼ਾਹਿਰ ਕੀਤੀ। ਉਨ੍ਹਾਂ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਸਕੂਲ ਦੀ ਮੁਰੰਮਤ, ਆਈਸੀਟੀ-ਸਮਰੱਥ ਕਮਰਿਆਂ ਦੀ ਉਸਾਰੀ ਅਤੇ ਵਿਦਿਆਰਥੀਆਂ ਦੀ ਨਵੀਂ ਵਰਦੀ ਸਬੰਧੀ ਨਿਰਦੇਸ਼ ਦਿੰਦਿਆਂ ਕਿਹਾ ਕਿ ਸੂਬੇ ਦੀ ਰਾਜਧਾਨੀ ਦੇ ਨੇੜੇ ਸਥਿਤ ਇਸ ਸਕੂਲ ਨੂੰ ਇੱਕ ਮਾਡਲ ਸੰਸਥਾ ਬਣਾਇਆ ਜਾਵੇਗਾ। ਉਨ੍ਹਾਂ ਨੇ ਸਕੂਲ ਪ੍ਰਿੰਸੀਪਲ ਨੂੰ ਸਕੂਲ ਦੇ ਗਲਿਆਰੇ ਵਿੱਚ ਵਿਦਿਆਰਥੀਆਂ ਦੇ ਆਰਟ ਵਰਕ ਨੂੰ ਪ੍ਰਦਰਸ਼ਿਤ ਕਰਨ ਲਈ ਵੀ ਕਿਹਾ। ਇਸ ਦੌਰਾਨ ਸ. ਹਰਜੋਤ ਸਿੰਘ ਬੈਂਸ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਸਿੱਖਿਆ ਦੀ ਗੁਣਵੱਤਾ ਬਾਰੇ ਫੀਡਬੈਕ ਲਿਆ। ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਵੱਡੇ ਤੇ ਉੱਚੇ ਟੀਚੇ ਮਿੱਥਣ ਅਤੇ ਸਖ਼ਤ ਮਿਹਨਤ ਕਰਨ ਲਈ ਉਤਸ਼ਾਹਿਤ ਕਰਦਿਆਂ ਆਪਣੇ ਜੀਵਨ ਵਿੱਚ ਬੁਲੰਦੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਿੰਸੀਪਲ ਨੇ ਸਿੱਖਿਆ ਮੰਤਰੀ ਨੂੰ ਦੱਸਿਆ ਕਿ 15 ਲੱਖ ਰੁਪਏ ਦੀ ਗ੍ਰਾਂਟ ਨਾਲ ਸਕੂਲ ਦੇ ਖੇਡ ਮੈਦਾਨ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ। ਸਿੱਖਿਆ ਮੰਤਰੀ ਨੇ ਪ੍ਰਿੰਸੀਪਲ ਨੂੰ ਨਾਲ ਹੀ ਕਿਹਾ ਕਿ ਇਸ ਖੇਡ ਮੈਦਾਨ ਨੂੰ ਸਥਾਨਕ ਬੱਚਿਆਂ ਲਈ ਸ਼ਾਮ ਨੂੰ ਖੁੱਲ੍ਹੇ ਰੱਖਣ ਲਈ ਕਿਹਾ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਜਵਾਬਦੇਹੀ ਅਤੇ ਤੁਰੰਤ ਅਮਲ ਰਾਹੀਂ ਸਿੱਖਿਆ ਵਿੱਚ ਸੁਧਾਰ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ. ਬੈਂਸ ਨੇ ਸਕੂਲ ਅਧਿਆਪਕਾਂ ਨੂੰ ਇੱਕ ਮੰਗ ਸੂਚੀ ਤਿਆਰ ਕਰਕੇ ਇਸਨੂੰ ਜਲਦ ਤੋਂ ਜਲਦ ਨਿਰੀਖਣ ਟੀਮ ਨੂੰ ਸੌਂਪਣ ਲਈ ਕਿਹਾ। ਉਨ੍ਹਾਂ ਕਿਹਾ ਕਿ ਉਹ ਸਕੂਲ ਦੇ ਬੁਨਿਆਦੀ ਢਾਂਚੇ ਦੀ ਅਪਗ੍ਰੇਡੇਸ਼ਨ ਨੂੰ ਯਕੀਨੀ ਬਣਾਉਣ ਲਈ ਇਸਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨਗੇ। ਉਨ੍ਹਾਂ ਨੇ ਸਰਕਾਰੀ ਸਕੂਲਾਂ ਨੂੰ ਚੋਟੀ ਦੇ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਖੜ੍ਹਾ ਕਰਨ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।





# ਯੁੱਧ ਨਸ਼ਿਆਂ ਵਿਰੁੱਧ': 348ਵੇਂ ਦਿਨ, ਪੰਜਾਬ ਪੁਲਿਸ ਨੇ 8 ਕਿਲੋ ਹੈਰੋਇਨ ਸਮੇਤ 171 ਨਸ਼ਾ ਤਸਕਰ ਕੀਤੇ ਕਾਬੂ


## ਡੀ-ਅਡਿਕਸ਼ਨ' ਹਿੱਸੇ ਵਜੋਂ, ਪੰਜਾਬ ਪੁਲਿਸ ਨੇ 46 ਵਿਅਕਤੀਆਂ ਨੂੰ ਨਸ਼ਾ ਛੁਡਾਊ ਇਲਾਜ ਕਰਵਾਉਣ ਲਈ ਕੀਤਾ ਰਾਜ਼ੀ

ਪੰਕਜ

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਨਸ਼ਾ ਵਿਰੁੱਧ ਜੰਗ ÷ਯੁੱਧ ਨਸ਼ਿਆਂ ਵਿਰੁੱਧ÷ ਨੂੰ ਲਗਾਤਾਰ 348ਵੇਂ ਦਿਨ ਵੀ ਜਾਰੀ ਰੱਖਦਿਆਂ, ਪੰਜਾਬ ਪੁਲਿਸ ਨੇ ਅੱਜ 388 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਭਰ ਵਿੱਚ 95 ਐਫਆਈਆਰਜ਼ ਦਰਜ ਕਰਕੇ 171 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 348 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 49,436 ਹੋ ਗਈ ਹੈ। ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 8.03 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 617 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1.27 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਗਿਆ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ। ਇਸ ਆਪਰੇਸ਼ਨ ਦੌਰਾਨ 73 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1100 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 388 ਛਾਪੇ ਮਾਰੇ ਹਨ। ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 382 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਹੈ। ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 46 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਰਾਇਜ਼ਾਦਾ ਹੰਸਰਾਜ ਸਟੇਡਿਯਮ ਨੂੰ ਸੋਲਰ ਪਾਵਰ ਪਲਾਂਟ ਲਈ 13.48 ਲੱਖ ਰੁਪਏ ਦੀ ਗ੍ਰਾਂਟ,ਸਾਂਸਦ ਹਰਭਜਨ ਸਿੰਘ ਵੱਲੋਂ ਐਮਪੀ ਫੰਡ ਤੋਂ ਮਨਜ਼ੂਰੀ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਜਲੰਧਰ: ਆਮ ਆਦਮੀ ਪਾਰਟੀ ਦੇ ਰਾਜ ਸਭਾ ਸਾਂਸਦ ਅਤੇ ਭਾਰਤ ਦੇ ਸਾਬਕਾ ਕ੍ਰਿਕਟਰ ਸ. ਹਰਭਜਨ ਸਿੰਘ ਨੇ ਜਲੰਧਰ ਦੇ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡਿਯਮ ਵਿੱਚ ਸੋਲਰ ਪਾਵਰ ਪਲਾਂਟ ਲਗਾਉਣ ਲਈ ਆਪਣੇ ਐਮਪੀ ਫੰਡ ਤੋਂ 13.48 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਹੈ। ਸੋਲਰ ਪਾਵਰ ਪ੍ਰੋਜੈਕਟ ਦਾ ਪ੍ਰਸਤਾਵ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਵੱਲੋਂ ਲੋਕ ਨਿਰਮਾਣ ਵਿਭਾਗ ਦੇ ਅਨੁਮਾਨ ਦੇ ਨਾਲ ਭੇਜਿਆ ਗਿਆ ਸੀ। ਪੰਜਾਬ ਵਿੱਚ ਖੇਡਾਂ ਦੇ ਵਿਕਾਸ ਲਈ ਲਗਾਤਾਰ ਸਹਿਯੋਗ ਦੇਣ ਵਾਲੇ ਸਾਂਸਦ ਸ. ਹਰਭਜਨ ਸਿੰਘ ਨੇ ਇਸ ਪ੍ਰੋਜੈਕਟ ਨੂੰ ਤੁਰੰਤ ਮਨਜ਼ੂਰੀ ਦੇ ਦਿੱਤੀ। ਇਹ ਪਹਿਲੀ ਵਾਰ ਨਹੀਂ ਹੈ ਕਿ ਸਾਂਸਦ ਵੱਲੋਂ ਐਸੋਸੀਏਸ਼ਨ ਨੂੰ ਆਰਥਿਕ ਮਦਦ ਦਿੱਤੀ ਗਈ ਹੋਵੇ। ਸਾਲ 2023 ਵਿੱਚ ਉਨ੍ਹਾਂ ਨੇ ਇਸੇ ਸਟੇਡਿਯਮ ਵਿੱਚ ਜਿਮ ਦੇ ਲਈ 16.50 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਸੀ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਕਿਹਾ ਕਿ ਸ. ਹਰਭਜਨ ਸਿੰਘ ਨਾਲ ਮੁਲਾਕਾਤ ਹਮੇਸ਼ਾ ਵਧੀਆ ਹੁੰਦੀ ਹੈ। ਉਨ੍ਹਾਂ ਦੱਸਿਆ ਕਿ 2023 ਵਿੱਚ ਸਾਂਸਦ ਨੇ ਸਟੇਡਿਯਮ ਦੇ ਜਿਮ ਲਈ ਸਹਿਯੋਗ ਦਿੱਤਾ ਸੀ ਅਤੇ ਉਸ ਵੇਲੇ ਵੀ ਉਨ੍ਹਾਂ ਨੇ ਕਿਹਾ ਸੀ ਕਿ ਜਦੋਂ ਵੀ ਲੋੜ ਹੋਵੇ, ਸੰਪਰਕ ਕਰ ਲੈਣਾ। ਖੰਨਾ ਨੇ ਕਿਹਾ ਕਿ ਸ. ਹਰਭਜਨ ਸਿੰਘ ਦਾ ਇਸ ਸਟੇਡਿਯਮ ਨਾਲ ਖਾਸ ਲਗਾਵ ਹੈ ਕਿਉਂਕਿ ਉਨ੍ਹਾਂ ਨੇ ਆਪਣੇ ਸ਼ੁਰੂਆਤੀ ਦਿਨਾਂ ਵਿੱਚ ਇੱਥੇ ਬੈਡਮਿੰਟਨ ਖੇਡੀ ਅਤੇ ਟ?ਰੇਨਿੰਗ ਕਿੱਤੀ ਸੀ। ਸਾਂਸਦ ਨੇ ਇਹ ਭਰੋਸਾ ਵੀ ਦਿੱਤਾ ਹੈ ਕਿ ਅਗਲੀ ਵਾਰ ਸ਼ਹਿਰ ਆਉਣ 'ਤੇ ਉਹ ਸਟੇਡਿਯਮ ਦਾ ਦੌਰਾ ਕਰਨਗੇ। ਰਿਤਿਨ ਖੰਨਾ ਨੇ ਗ੍ਰਾਂਟ ਮਨਜ਼ੂਰ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਸ. ਅਮਰਜੀਤ ਸਿੰਘ ਦਾ ਧੰਨਵਾਦ ਕੀਤਾ। ਖੰਨਾ ਨੇ ਕਿਹਾ, "ਸੋਲਰ ਪਾਵਰ ਪਲਾਂਟ ਲੱਗਣ ਨਾਲ ਬਿਜਲੀ ਦੇ ਖਰਚ ਵਿੱਚ ਕਮੀ ਆਵੇਗੀ। ਬਚਤ ਹੋਣ ਵਾਲੀ ਰਕਮ ਖਿਡਾਰੀਆਂ ਦੇ ਵਿਕਾਸ ਅਤੇ ਟ?ਰੇਨਿੰਗ 'ਤੇ ਖਰਚ ਕੀਤੀ ਜਾਵੇਗੀ, ਜਿਸ ਨਾਲ ਨਵੇਂ ਅਤੇ ਉਭਰਦੇ ਖਿਡਾਰੀਆਂ ਨੂੰ ਵਧੀਆ ਸੁਵਿਧਾਵਾਂ ਮਿਲਣਗੀਆਂ। ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡਿਯਮ ਦਾ ਪ੍ਰਬੰਧਨ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਵੱਲੋਂ ਕੀਤਾ ਜਾਂਦਾ ਹੈ, ਜਿਸ ਦੀ ਅਗਵਾਈ ਜਲੰਧਰ ਦੇ ਡਿਪਟੀ ਕਮਿਸ਼ਨਰ ਕਰਦੇ ਹਨ। ਸਾਲ 1963 ਵਿੱਚ ਸਥਾਪਤ ਅਤੇ ਸਵਰਗਵਾਸੀ ਰਾਇਜ਼ਾਦਾ ਹੰਸਰਾਜ ਸੋਂਧੀ ਦੇ ਨਾਮ 'ਤੇ ਬਣਿਆ ਇਹ ਸਟੇਡਿਯਮ ਉੱਤਰ ਭਾਰਤ ਦੇ ਸਭ ਤੋਂ ਪੁਰਾਣੇ ਅਤੇ ਪ੍ਰਸਿੱਧ ਬੈਡਮਿੰਟਨ ਸਟੇਡਿਯਮਾਂ ਵਿੱਚ ਸ਼ਾਮਲ ਹੈ। ਸਾਲ 2019 ਤੋਂ ਐਸੋਸੀਏਸ਼ਨ ਦੀ ਅੰਤਰਿਮ ਕਮੇਟੀ ਸਟੇਡਿਯਮ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। 1 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਨਾਲ ਸਟੇਡਿਯਮ ਵਿੱਚ ਵੱਡੇ ਬਦਲਾਅ ਕੀਤੇ ਗਏ ਹਨ ਅਤੇ ਹੁਣ ਇਹ ਉੱਚ ਪੱਧਰੀ ਬੈਡਮਿੰਟਨ ਮੁਕਾਬਲਿਆਂ ਦਾ ਕੇਂਦਰ ਬਣ ਚੁੱਕਾ ਹੈ।

# ਵੰਦਨਾ ਦੇਵੀ ਤੇ ਰਾਮ ਮੂਰਤੀ ਧਾਮੀ ਨੇ ਸਾਂਝੀ ਰਸੋਈ 'ਚ ਪਾਇਆ 5100 ਰੁਪਏ ਦਾ ਯੋਗਦਾਨ

ਮਨਦੀਪ ਕੌਰ



ਹੁਸ਼ਿਆਰਪੁਰ, : ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਮੁਹੱਲਾ ਈਸ਼ ਨਗਰ, ਹੁਸ਼ਿਆਰਪੁਰ ਵਿਖੇ ਚਲਾਇਆ ਜਾ ਰਿਹਾ 'ਸਾਂਝੀ ਰਸੋਈ' ਪ੍ਰੋਜੈਕਟ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਬਹੁਤ ਹੀ ਸਫਲਤਾ ਪੂਰਵਕ ਚੱਲ ਰਿਹਾ ਹੈ, ਜਿਸ ਦਾ ਰੋਜ਼ਾਨਾ 450 ਤੋਂ 500 ਗ਼ਰੀਬ ਅਤੇ ਲੋੜਵੰਦ ਵਿਅਕਤੀ ਲਾਭ ਪ੍ਰਾਪਤ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸਫਲਤਾ ਲਈ ਵੰਦਨਾ ਦੇਵੀ ਅਤੇ ਰਾਮ ਮੂਰਤੀ ਧਾਮੀ ਦੁਆਰਾ ਆਪਣੇ ਪੁੱਤਰ ਲੇਟ ਦਲੀਪ ਕੁਮਾਰ ਧਾਮੀ ਦੀ ਯਾਦ ਵਿੱਚ 5,100 ਰੁਪਏ ਦੀ ਰਾਸ਼ੀ ਸਾਂਝੀ ਰਸੋਈ ਵਿਖੇ ਦਿੱਤੀ ਗਈ ਹੈ। ਇਸ ਮੌਕੇ ਰੈੱਡ ਕਰਾਸ ਲੇਖਾਕਾਰ ਸਰਬਜੀਤ ਮੌਜੂਦ ਸਨ। ਇਸ ਮੌਕੇ 'ਤੇ ਮੰਗੇਸ਼ ਸੂਦ ਨੇ ਇਹ ਵੀ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਵੱਲੋਂ ਚਲਾਇਆ ਜਾ ਰਿਹਾ ਇਹ ਪ੍ਰੋਜੈਕਟ ਜ਼ਿਲ੍ਹੇ ਦੇ ਦਾਨੀ ਸੱਜਣਾਂ/ਸਮਾਜ ਸੇਵਕਾਂ ਵੱਲੋਂ ਦਾਨ ਵਜੋਂ ਮੁਹੱਈਆ ਕੀਤੇ ਜਾ ਰਹੇ ਫੰਡਾਂ ਦੁਆਰਾ ਹੀ ਚਲਾਇਆ ਜਾ ਰਿਹਾ ਹੈ। ਜਿਨ੍ਹਾਂ ਵੱਲੋਂ ਜਿੱਥੇ ਬੁੱਕ-ਏ-ਡੇਅ ਸਕੀਮ ਅਧੀਨ ਆਪਣੇ ਪਰਿਵਾਰਕ ਮੈਂਬਰਾਂ ਦੇ ਜਨਮ ਦਿਨ, ਵਿਆਹ/ਸ਼ਾਦੀ ਵਰ੍ਹੇਗੰਢ ਅਤੇ ਯਾਦਾਂ ਨਾਲ ਸਬੰਧਤ ਦਿਨ ਸਾਂਝੀ ਰਸੋਈ ਵਿਖੇ ਮਨਾਉਣ ਸਬੰਧੀ ਲਗਾਤਾਰ ਵਿੱਤੀ ਸਹਾਇਤਾ ਮੁਹੱਈਆ ਕਰਨ ਦੇ ਨਾਲ ?-ਨਾਲ ਰਾਸ਼ਨ ਸਮੱਗਰੀ ਦੀ ਸਹਾਇਤਾ ਵੀ ਮੁਹੱਈਆ ਕਰਵਾਈ ਜਾਂਦੀ ਹੈ।

# ਸਾਡੇ ਬਜ਼ੁਰਗ-ਸਾਡਾ ਮਾਣ' ਮੁਹਿੰਮ ਤਹਿਤ ਕੈਂਪ ਲਗਾਇਆ

## ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕੀਤੀ ਸ਼ੁਰੂਆਤ, ਬਜ਼ੁਰਗਾਂ ਨੂੰ ਮਿਲੀ ਸਿਹਤ ਤੇ ਸਮਾਜਿਕ ਸੁਰੱਖਿਆ ਸਹੂਲਤ

ਮਨਦੀਪ ਕੌਰ



ਹੁਸ਼ਿਆਰਪੁਰ,'ਸਾਡੇ ਬਜ਼ੁਰਗ-ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ ਡਾ. ਅੰਬੇਡਕਰ ਭਵਨ, ਰਾਮ ਕਲੋਨੀ, ਕੈਂਪ ਵਿਚ ਇਕ ਜ਼ਿਲ੍ਹਾ ਪੱਧਰੀ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਦੌਰਾਨ ਉਨ੍ਹਾਂ ਨਾਲ ਪੀ.ਸੀ.ਐਸ. (ਅੰਡਰ ਟ?ਰੇਨਿੰਗ) ਗੁਰਪ੍ਰੀਤ ਕੌਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਇਸ ਮੌਕੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਸਮਾਜ ਦੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੀ ਦੇਖ-ਭਾਲ ਕਰਨਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਨੂੰ ਬਿਹਤਰ ਸਿਹਤ ਸਹੂਲਤਾਂ, ਸਮਾਜਿਕ ਸੁਰੱਖਿਆ ਅਤੇ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਅਜਿਹੇ ਕੈਂਪ ਬਜ਼ੁਰਗਾਂ ਨੂੰ ਇੱਕੋ ਥਾਂ 'ਤੇ ਕਈ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਏ ਗਏ ਇਸ ਕੈਂਪ ਵਿੱਚ ਸੀਨੀਅਰ ਨਾਗਰਿਕਾਂ ਲਈ ਵੱਖ-ਵੱਖ ਮੈਡੀਕਲ ਕੈਂਪ ਲਗਾਏ ਗਏ। ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 67 ਬਜ਼ੁਰਗਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ। ਇਸ ਤੋਂ ਇਲਾਵਾ 40 ਬਜ਼ੁਰਗਾਂ ਦੇ ਨੱਕ, ਕੰਨ ਅਤੇ ਗਲੇ ਦੀ ਜਾਂਚ ਕੀਤੀ ਗਈ। 431 ਬਜ਼ੁਰਗ ਨਾਗਰਿਕਾਂ ਦੀ ਆਮ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੁਫਤ ਆਯੁਰਵੈਦਿਕ, ਹੋਮਿਓਪੈਥਿਕ ਅਤੇ ਆਮ ਦਵਾਈਆਂ ਦਿੱਤੀਆਂ ਗਈਆਂ। ਇਸ ਦੇ ਨਾਲ ਹੀ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਬਜ਼ੁਰਗਾਂ ਲਈ ਬੁਢਾਪਾ ਪੈਨਸ਼ਨ ਅਤੇ ਸੀਨੀਅਰ ਸਿਟੀਜ਼ਨ ਕਾਰਡ ਨਾਲ ਸਬੰਧਤ ਵਿਸ਼ੇਸ਼ ਕਾਊਂਟਰ ਵੀ ਸਥਾਪਤ ਕੀਤੇ ਗਏ ਸਨ। ਇਸ ਸਮੇਂ ਦੌਰਾਨ 12 ਬਜ਼ੁਰਗ ਨਾਗਰਿਕਾਂ ਲਈ ਬੁਢਾਪਾ ਪੈਨਸ਼ਨ ਅਤੇ ਸੀਨੀਅਰ ਸਿਟੀਜ਼ਨ ਕਾਰਡ ਲਈ ਅਰਜ਼ੀਆਂ ਦਿੱਤੀਆਂ ਗਈਆਂ। ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਾਰੇ ਵਿਭਾਗਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਯਤਨ ਬਜ਼ੁਰਗਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਨਾਰਕੋ-ਤਸਕਰੀ ਨੈੱਟਵਰਕ ਦਾ ਪਰਦਾਫਾਸ਼; 7.6 ਕਿਲੋਗ੍ਰਾਮ ਹੈਰੋਇਨ, 21 ਹਜ਼ਾਰ ਰੁਪਏ ਦੀ ਡਰੱਗ ਮਨੀ ਸਮੇਤ ਦੋ ਗ੍ਰਿਫ਼ਤਾਰ

## ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਵਰਚੁਅਲ ਨੰਬਰਾਂ ਰਾਹੀਂ ਦੁਬਈ-ਅਧਾਰਤ ਹੈਂਡਲਰ ਦੇ ਸੰਪਰਕ ਵਿੱਚ ਸਨ: ਡੀਜੀਪੀ ਗੌਰਵ ਯਾਦਵ

ਰਮਨ ਕੁਮਾਰ




ਚੰਡੀਗੜ੍ਹ/ਅੰਮ੍ਰਿਤਸਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਨਾਰਕੋ-ਤਸਕਰੀ ਨੈੱਟਵਰਕ ਨਾਲ ਜੁੜੇ ਦੋ ਕਾਰਕੁਨਾਂ ਨੂੰ 7.6 ਕਿਲੋਗ੍ਰਾਮ ਹੈਰੋਇਨ ਅਤੇ 21,800 ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਇਸ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਾਹਿਬਪ੍ਰੀਤ ਸਿੰਘ ਉਰਫ਼ ਸਾਹਿਬ (19), ਵਾਸੀ ਫਤਿਹਗੜ੍ਹ ਚੂੜੀਆਂ, ਬਟਾਲਾ ਅਤੇ ਮੌਜੂਦਾ ਪਤਾ ਛੇਹਰਟਾ, ਅੰਮ੍ਰਿਤਸਰ ਅਤੇ ਗਗਨਦੀਪ ਸਿੰਘ ਉਰਫ਼ ਗਗਨ (26) ਵਾਸੀ ਗੁਰੂ ਨਾਨਕਪੁਰਾ, ਕੋਟ ਖਾਲਸਾ, ਅੰਮ੍ਰਿਤਸਰ ਵਜੋਂ ਹੋਈ ਹੈ। ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਇਹਨਾਂ ਵਿਰੁੱਧ ਅਸਲਾ ਐਕਟ ਅਤੇ ਲੁੱਟ-ਖੋਹ ਨਾਲ ਸਬੰਧਤ ਮਾਮਲੇ ਦਰਜ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਦੁਬਈ ਸਥਿਤ ਇੱਕ ਹੈਂਡਲਰ ਜੋ ਪਾਕਿਸਤਾਨ ਤੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਭੇਜਣਾ ਯਕੀਨੀ ਬਣਾਉਂਦਾ ਸੀ ਅਤੇ ਪਿਕਅੱਪ ਸਥਾਨਾਂ ਅਤੇ ਸਪਲਾਈ ਚੇਨ ਬਾਰੇ ਨਿਰਦੇਸ਼ ਦਿੰਦਾ ਸੀ, ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਦੁਬਈ ਸਥਿਤ ਹੈਂਡਲਰ ਨਸ਼ੀਲੇ ਪਦਾਰਥਾਂ ਦੇ ਕਈ ਨੈੱਟਵਰਕਾਂ ਅਤੇ 43 ਕਿਲੋਗ੍ਰਾਮ ਹੈਰੋਇਨ ਦੀ ਬਰਾਮਦਗੀ ਨਾਲ ਸਬੰਧਤ ਇੱਕ ਵੱਡੇ ਐਨਡੀਪੀਐਸ ਕੇਸ ਨਾਲ ਵੀ ਜੁੜਿਆ ਹੋਇਆ ਹੈ। ਡੀਜੀਪੀ ਨੇ ਦੱਸਿਆ ਕਿ ਇਸ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਹੋਰ ਜਾਣਕਾਰੀ ਦਿੰਦਿਆਂ, ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖਾਸ ਅਤੇ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇੱਕ ਯੋਜਨਾਬੱਧ ਆਪਰੇਸ਼ਨ ਚਲਾਇਆ ਅਤੇ ਦੋਵਾਂ ਸ਼ੱਕੀਆਂ ਨੂੰ 7.6 ਕਿਲੋਗ੍ਰਾਮ ਹੈਰੋਇਨ ਅਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰ ਲਿਆ। ਸੀਪੀ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਦੁਬਈ ਸਥਿਤ ਹੈਂਡਲਰ ਨਸ਼ੀਲੇ ਪਦਾਰਥਾਂ ਦੇ ਕਈ ਨੈੱਟਵਰਕ ਚਲਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਸਬੰਧੀ, ਐਫਆਈਆਰ ਨੰਬਰ 29 ਮਿਤੀ 11.02.2026 ਨੂੰ ਥਾਣਾ ਛੇਹਰਟਾ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21-ਸੀ, 25 ਅਤੇ 27-ਏ ਤਹਿਤ ਦਰਜ ਕੀਤੀ ਗਈ ਹੈ।

# ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦਾ ਲੋਗੋ ਜਾਰੀ, ਆਰਥਿਕ ਅਤੇ ਸਮੁੱਚੇ ਵਿਕਾਸ ਲਈ ਸੁਧਾਰਾਂ 'ਤੇ ਕੀਤਾ ਜਾਵੇਗਾ ਧਿਆਨ ਕੇਂਦਰਤ

## ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਮੋਹਾਲੀ ਦੀ ਪਲਾਕਸ਼ਾ ਯੂਨੀਵਰਸਿਟੀ ਵਿਖੇ 13-15 ਮਾਰਚ ਤੱਕ ਕਰਵਾਇਆ ਜਾਵੇਗਾ

ਐਸ. ਕੇ. ਸਕਸੈਨਾ

ਚੰਡੀਗੜ੍ਹ, ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ (ਪੀਪੀਆਈਐਸ) 2026 ਤੋਂ ਮਹਿਜ਼ 28 ਦਿਨ ਪਹਿਲਾਂ ਮੁੱਖ ਮੰਤਰੀ ਸ. ਭਗਵੰਤ ਮਾਨ ਵੱਲੋਂ ਚੰਡੀਗੜ੍ਹ ਵਿਖੇ ਹੋਈ ਇੱਕ ਉੱਚ-ਪੱਧਰੀ ਮੀਟਿੰਗ ਵਿੱਚ ਸੰਮੇਲਨ ਦਾ ਅਧਿਕਾਰਤ ਲੋਗੋ ਜਾਰੀ ਕੀਤਾ ਗਿਆ ਹੈ। ਮੀਟਿੰਗ ਵਿੱਚ ਉਦਯੋਗ ਅਤੇ ਵਣਜ ਮੰਤਰੀ ਸ਼੍ਰੀ ਸੰਜੀਵ ਅਰੋੜਾ, ਪੰਜਾਬ ਦੇ ਮੁੱਖ ਮੁੱਖ ਸਕੱਤਰ, ਸੀਨੀਅਰ ਸਰਕਾਰੀ ਅਧਿਕਾਰੀ ਅਤੇ ਇਨਵੈਸਟ ਪੰਜਾਬ ਦੇ ਨੁਮਾਇੰਦੇ ਸ਼ਾਮਲ ਸਨ। ਸੰਮੇਲਨ ਦੀਆਂ ਤਿਆਰੀਆਂ ਨਾਲ ਜੁੜੇ ਸਾਰੇ ਮੁੱਖ ਵਿਭਾਗ ਵੀ ਸਮੀਖਿਆ ਮੀਟਿੰਗ ਦੌਰਾਨ ਮੌਜੂਦ ਸਨ। ਇਹ ਸੰਮੇਲਨ 13-15 ਮਾਰਚ 2026 ਨੂੰ ਪਲਾਕਸ਼ਾ ਯੂਨੀਵਰਸਿਟੀ, ਆਈਟੀ ਸਿਟੀ, ਮੋਹਾਲੀ ਵਿਖੇ ਕਰਵਾਇਆ ਜਾਵੇਗਾ ਅਤੇ ਇਹ 'ਪੰਜਾਬ ਮੀਨਜ਼ ਬਿਜ਼ਨਸ - ਪਾਲਿਸੀ ਟੂ ਪ੍ਰੈਕਟਿਸ' ਥੀਮ 'ਤੇ ਕੇਂਦਰਿਤ ਹੈ। ਇਹ ਥੀਮ ਨੀਤੀ ਘੋਸ਼ਣਾਵਾਂ ਤੋਂ ਪਰੇ ਢਾਂਚਾਗਤ ਲਾਗੂਕਰਨ, ਟੀਚਾਗਤ ਨਤੀਜਿਆਂ ਅਤੇ ਨਿਵੇਸ਼ਕ-ਕੇਂਦ੍ਰਿਤ ਪ੍ਰਸ਼ਾਸਨ ਵੱਲ ਵਧਣ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਨਵਾਂ ਲਾਂਚ ਕੀਤਾ ਗਿਆ ਲੋਗੋ ਪੰਜਾਬ ਦੀ ਆਰਥਿਕ ਤਾਕਤ, ਤਕਨੀਕੀ ਪ੍ਰਗਤੀ, ਸਥਿਰਤਾ ਅਤੇ ਵਿਕਾਸ ਦੀ ਗਤੀ ਨੂੰ ਦਰਸਾਉਂਦਾ ਹੈ। ਇਸ ਡਿਜ਼ਾਈਨ ਵਿੱਚ ਉਦਯੋਗਿਕ ਵਿਸਥਾਰ, ਡਿਜੀਟਲ ਪ੍ਰਸ਼ਾਸਨਿਕ ਸੁਧਾਰ, ਸਮੁੱਚਾ ਵਿਕਾਸ ਅਤੇ ਲਚਕੀਲਾਪਣ ਸ਼ਾਮਲ ਹੈ, ਜੋ ਪੰਜਾਬ ਦੇ ਇੱਕ ਪ੍ਰਗਤੀਸ਼ੀਲ, ਸੁਧਾਰ-ਸੰਚਾਲਿਤ ਅਤੇ ਨਿਵੇਸ਼ ਪੱਖੀ ਮਾਹੌਲ ਨੂੰ ਦਰਸਾਉਂਦਾ ਹੈ। ਮੀਟਿੰਗ ਦੌਰਾਨ, ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਮੁੱਖ ਮੰਤਰੀ ਨੂੰ ਸੰਮੇਲਨ ਦੀਆਂ ਤਿਆਰੀਆਂ ਦੀ ਪ੍ਰਗਤੀ ਬਾਰੇ ਜਾਣੂ ਕਰਵਾਇਆ, ਜਿਸ ਵਿੱਚ ਆਊਟਰੀਚ ਗਤੀਵਿਧੀਆਂ, ਬੁਨਿਆਦੀ ਢਾਂਚੇ ਸਬੰਧੀ ਤਿਆਰੀਆਂ, ਭਾਈਵਾਲ ਦੇਸ਼ਾਂ ਨਾਲ ਤਾਲਮੇਲ ਅਤੇ ਵਿਭਾਗੀ ਤਿਆਰੀਆਂ ਸ਼ਾਮਲ ਹਨ। ਇਸ ਤਿੰਨ ਦਿਨਾਂ ਸਮਾਗਮ ਦੇ ਨਿਰਵਿਘਨ ਅਮਲ ਨੂੰ ਯਕੀਨੀ ਬਣਾਉਣ ਲਈ ਸਥਾਨ ਅਤੇ ਮੁੱਖ ਲੌਜਿਸਟਿਕਲ ਤਿਆਰੀਆਂ ਦੀ ਵਿਆਪਕ ਸਮੀਖਿਆ ਕੀਤੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਹੁਣ ਤੱਕ ਕੀਤੇ ਗਏ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰੋਡ ਸ਼ੋਅ ਦੌਰਾਨ ਸੂਬੇ ਨੂੰ ਦੁਨੀਆਂ ਭਰ ਦੇ ਉਦਯੋਗਿਕ ਦਿੱਗਜਾਂ ਅਤੇ ਮੁੱਖ ਭਾਈਵਾਲਾਂ ਤੋਂ ਉਤਸ਼ਾਹਜਨਕ ਹੁੰਗਾਰਾ ਮਿਲਿਆ ਹੈ। ਪ੍ਰਮੁੱਖ ਭਾਰਤੀ ਸ਼ਹਿਰਾਂ ਅਤੇ ਵਿਸ਼ਵਵਿਆਪੀ ਨਿਵੇਸ਼ ਕੇਂਦਰਾਂ ਵਿੱਚ ਸ਼ਮੂਲੀਅਤ ਨੇ ਪੰਜਾਬ ਦੀ ਬਿਹਤਰ ਸ਼ਾਸਨ ਪ੍ਰਣਾਲੀ, ਮਜ਼ਬੂਤ ਬੁਨਿਆਦੀ ਢਾਂਚੇ ਅਤੇ ਖੇਤਰੀ ਵਿਕਾਸ ਦੇ ਮੌਕਿਆਂ ਵਿੱਚ ਨਿਵੇਸ਼ਕਾਂ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਇਹ ਸੰਮੇਲਨ ਭਾਈਵਾਲੀ, ਸਹਿ-ਰਚਨਾ ਅਤੇ ਲਾਗੂਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰੇਗਾ ਅਤੇ ਇਹ ਯਕੀਨੀ ਬਣਾਏਗਾ ਕਿ ਨੀਤੀਆਂ ਉਦਯੋਗਾਂ ਨਾਲ ਸਲਾਹ-ਮਸ਼ਵਰਾ ਕਰਕੇ ਬਣਾਈਆਂ ਜਾਣ ਅਤੇ ਨਿਰਧਾਰਤ ਸਮਾਂ-ਸੀਮਾਵਾਂ ਤੇ ਡਿਜੀਟਲ ਜਵਾਬਦੇਹੀ ਵਿਧੀਆਂ ਰਾਹੀਂ ਲਾਗੂ ਕੀਤੀਆਂ ਜਾਣ।÷ ਉਨ੍ਹਾਂ ਕਿਹਾ, ÷ਪੰਜਾਬ ਦੇ ਸੁਧਾਰ ਪੱਖੀ ਪ੍ਰਸ਼ਾਸਨ ਮਾਡਲ ਸਦਕਾ ਪਹਿਲਾਂ ਹੀ ਠੋਸ ਨਤੀਜੇ ਸਾਹਮਣੇ ਆਏ ਹਨ। ਸੂਬੇ ਨੂੰ ਲਗਭਗ 1.5 ਲੱਖ ਕਰੋੜ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ ਅਤੇ 5 ਲੱਖ ਤੋਂ ਵੱਧ ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ ਜੋ ਪੰਜਾਬ ਦੀਆਂ ਨੀਤੀਆਂ ਵਿੱਚ ਭਰੋਸੇਯੋਗਤਾ ਅਤੇ ਮਜ਼ਬੂਤ ਲਾਗੂਕਰਨ ਸਮਰੱਥਾ ਦਾ ਪ੍ਰਤੱਖ ਪ੍ਰਮਾਣ ਹੈ।÷ ਸੰਮੇਲਨ ਦਾ ਲੋਗੋ ਜਾਰੀ ਕਰਨਾ ਇਸ ਸਮਾਗਮ ਲਈ ਕਾਫੀ ਅਹਿਮ ਹੈ ਅਤੇ ਇਹ ਸਥਾਨਕ ਅਤੇ ਵਿਸ਼ਵਵਿਆਪੀ ਨਿਵੇਸ਼ਕਾਂ ਦਾ ਸਵਾਗਤ ਕਰਨ ਲਈ ਪੰਜਾਬ ਦੀ ਤਿਆਰੀਆਂ ਨੂੰ ਦਰਸਾਉਂਦਾ ਹੈ।

# ਬਕਾਇਆ ਵੈਟ/ਸੀਐਸਟੀ ਦੀ ਵਸੂਲੀ ਲਈ ਵਿਭਾਗ ਦੀ ਸਖ਼ਤ ਕਾਰਵਾਈ, ਕੁਰਕ ਜਾਇਦਾਦ ਦੀ ਨਿਲਾਮੀ 16 ਫਰਵਰੀ ਨੂੰ

ਪੰਕਜ

ਹੁਸ਼ਿਆਰਪਰ, ਸਹਾਇਕ ਕਮਿਸ਼ਨਰ ਸਟੇਟ ਟੈਕਸ, ਹੁਸ਼ਿਆਰਪੁਰ ਪਰਮਜੀਤ ਸਿੰਘ ਨੇ ਦੱਸਿਆ ਕਿ ਬਕਾਇਆ ਟੈਕਸਾਂ ਦੀ ਵਸੂਲੀ ਲਈ ਰਾਜ ਕਰ ਵਿਭਾਗ ਵੱਲੋਂ ਸਖ਼ਤ ਅਤੇ ਨਿਰੰਤਰ ਕਾਰਵਾਈ ਕੀਤੀ ਜਾ ਰਹੀ ਹੈ, ਜੋ ਕਿ ਭਵਿੱਖ ਵਿੱਚ ਵੀ ਪੂਰੀ ਸਖ਼ਤੀ ਨਾਲ ਜਾਰੀ ਰਹੇਗੀ। ਇਸੇ ਲੜੀ ਵਿਚ ਰੇਕਮ ਇੰਡਸਟਰੀਜ਼ ਪ੍ਰਾਈਵੇਟ ਲਿਮਟਿਡ, ਪਿੰਡ ਬੱਸੀ ਕਾਲੇ ਖਾਂ, ਡਾਕਖਾਨਾ ਹਰਿਆਣਾ ਜ਼ਿਲ੍ਹਾ ਹੁਸ਼ਿਆਰਪੁਰ (ਟੀਆਈਅਨ 03481070863) ਤੋਂ ਪੈਂਡਿੰਗ ਪਏ ਵੈਟ/ਸੀ.ਐਸ.ਟੀ. ਦੇ 7 ਕਰੋੜ 85 ਲੱਖ 4 ਹਜ਼ਾਰ 313 ਰੁਪਏ ਦੀ ਬਕਾਇਆ ਰਾਸ਼ੀ ਵਸੂਲੀ ਲਈ ਪੰਜਾਬ ਲੈਂਡ ਰੈਵਿਨੀਊ ਐਕਟ ਅਧੀਨ ਕੁਰਕ ਕੀਤੀ ਗਈ ਜਾਇਦਾਦ ਦੀ ਨਿਲਾਮੀ 16 ਫਰਵਰੀ 2026 ਨੂੰ ਸਵੇਰੇ 11 ਵਜੇ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਨਿਲਾਮੀ ਮੈਸਰਜ਼ ਰੇਚਮ ਇੰਡਸਟਰੀਜ਼ ਪ੍ਰਾਈਵੇਟ ਲਿਮਟਿਡ, ਪਿੰਡ ਬਸੀ ਕਾਲੇ ਖਾਂ, ਹੁਸ਼ਿਆਰਪੁਰ ਦੇ ਕੰਪਲੈਕਸ ਵਿੱਚ ਕੀਤੀ ਜਾਵੇਗੀ। ਨਿਲਾਮੀ ਵਿੱਚ ਹਿੱਸਾ ਲੈਣ ਦੇ ਇੱਛੁਕ ਖਰੀਦਦਾਰ ਆਪਣੇ ਪਛਾਣ ਪੱਤਰਾਂ ਨਾਲ ਨਿਰਧਾਰਤ ਸਮੇਂ 'ਤੇ ਮੌਕੇ 'ਤੇ ਹਾਜ਼ਰ ਹੋ ਸਕਦੇ ਹਨ। ਸਹਾਇਕ ਕਮਿਸ਼ਨਰ ਰਾਜ ਕਰ ਨੇ ਸਪੱਸ਼ਟ ਕੀਤਾ ਕਿ ਜਾਇਦਾਦ 'ਜਿਥੇ ਹੈ, ਜਿਵੇਂ ਹੈ' ਦੀ ਸਥਿਤੀ ਦੇ ਆਧਾਰ 'ਤੇ ਨਿਲਾਮ ਕੀਤੀ ਜਾਵੇਗੀ। ਨਿਲਾਮੀ ਦੀ ਪੂਰੀ ਪ੍ਰਕ੍ਰਿਆ ਉਪ ਕਮਿਸ਼ਨਰ ਰਾਜ ਕਰ, ਜਲੰਧਰ ਮੰਡਲ ਦਰਵੀਰ ਰਾਜ ਅਤੇ ਸਹਾਇਕ ਕਮਿਸ਼ਨਰ ਰਾਜ ਕਰ, ਹੁਸ਼ਿਆਰਪਰ ਦੀ ਦੇਖ-ਰੇਖ ਵਿਚ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹੀ ਜਾਵੇਗੀ।

# ਪੰਜਾਬ ਦੇ ਕਰ ਵਿਭਾਗ ਵੱਲੋਂ 9 ਕਰੋੜ ਰੁਪਏ ਦੇ ਜੀ.ਐਸ.ਟੀ. ਘੁਟਾਲੇ ਅਤੇ ਅੰਦਰੂਨੀ ਅਨੁਸ਼ਾਸਨਹੀਣਤਾ ਵਿਰੁੱਧ ਵੱਡੀ ਕਾਰਵਾਈ : ਹਰਪਾਲ ਸਿੰਘ ਚੀਮਾ

## ਲੁਧਿਆਣਾ ਦਾ ਕਾਰੋਬਾਰੀ 9 ਕਰੋੜ ਰੁਪਏ ਦੇ ਘੁਟਾਲੇ ਵਿੱਚ ਗ੍ਰਿਫ਼ਤਾਰ: ਹਰਪਾਲ ਸਿੰਘ ਚੀਮਾ

ਕੈਪਟਨ ਸੁਭਾਸ਼ ਚੰਦਰ ਸ਼ਰਮਾ



ਚੰਡੀਗੜ੍ਹ, ਦੋ ਅਹਿਮ ਮੋਰਚਿਆਂ 'ਤੇ ਫੈਸਲਾਕੁੰਨ ਕਾਰਵਾਈ ਦਾ ਐਲਾਨ ਕਰਦਿਆਂ ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਦੀ ਵਿੱਤੀ ਇਮਾਨਦਾਰੀ ਅਤੇ ਪ੍ਰਬੰਧਕੀ ਜਵਾਬਦੇਹੀ ਪ੍ਰਤੀ ਵਚਨਬੱਧਤਾ ਨੂੰ ਦੁਹਰਾਇਆ ਦੱਸਿਆ ਕਿ ਲੁਧਿਆਣਾ ਦੇ ਇੱਕ ਕਾਰੋਬਾਰੀ ਨੂੰ 9 ਕਰੋੜ ਰੁਪਏ ਦੇ ਜੀ.ਐਸ.ਟੀ. ਘੁਟਾਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ, ਜਦਕਿ ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਬੇ ਸਮੇਂ ਤੋਂ ਬਿਨਾਂ ਦੱਸੇ ਗੈਰ-ਹਾਜ਼ਰ ਰਹਿਣ ਕਾਰਨ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ (ਸਿਪੂ), ਲੁਧਿਆਣਾ ਵੱਲੋਂ ਕੀਤੀ ਗਈ ਇੱਕ ਵੱਡੀ ਕਾਰਵਾਈ ਦੌਰਾਨ ਕਰ ਵਿਭਾਗ ਨੇ ਮੈਸਰਜ਼ ਐਮ.ਏ.ਏ ਸਟੀਲ, ਲੁਧਿਆਣਾ ਦੇ ਮਾਲਕ ਰੋਹਿਤ ਗੁਪਤਾ ਨੂੰ ਗ੍ਰਿਫ਼ਤਾਰ ਕੀਤਾ ਹੈ। ਕੇਸ ਦਾ ਵੇਰਵਾ ਦਿੰਦਿਆਂ ਉਨ੍ਹਾਂ ਕਿਹਾ, "ਕਰ ਵਿਭਾਗ ਨੇ ਇੱਕ ਵੱਡੇ ਜੀ.ਐਸ.ਟੀ. ਘੁਟਾਲੇ ਦਾ ਪਰਦਾਫਾਸ਼ ਕੀਤਾ ਹੈ, ਜਿੱਥੇ ਮੈਸਰਜ਼ ਐਮ.ਏ.ਏ ਸਟੀਲ ਵੱਲੋਂ ਬਿਨਾਂ ਕਿਸੇ ਅਸਲ ਸਪਲਾਈ ਦੇ ਐਚ.ਆਰ./ਸੀ.ਆਰ. ਕੋਇਲਜ਼ ਅਤੇ ਸਟ੍ਰਿਪਸ ਦੇ ਜਾਅਲੀ ਇਨਵੌਇਸ ਜਾਰੀ ਕੀਤੇ ਜਾ ਰਹੇ ਸਨ। ਇਸ ਧੋਖਾਧੜੀ ਵਾਲੇ ਨੈੱਟਵਰਕ ਰਾਹੀਂ 9 ਕਰੋੜ ਰੁਪਏ ਤੋਂ ਵੱਧ ਦਾ ਇਨਪੁਟ ਟੈਕਸ ਕ੍ਰੈਡਿਟ (ਆਈ.ਟੀ.ਸੀ) ਵੱਖ-ਵੱਖ ਲਾਭਪਾਤਰੀਆਂ ਨੂੰ ਦਿੱਤਾ ਗਿਆ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਸਿੱਧਾ ਅਤੇ ਵੱਡਾ ਨੁਕਸਾਨ ਹੋਇਆ। ਛਾਪੇਮਾਰੀ ਦੌਰਾਨ ਵਿਭਾਗ ਦੀਆਂ ਟੀਮਾਂ ਨੇ ਮੌਕੇ 'ਤੇ ਮੌਜੂਦ ਸਟਾਕ ਅਤੇ ਫਰਮ ਦੇ ਅਧਿਕਾਰਤ ਬੁੱਕ ਰਿਕਾਰਡ ਵਿੱਚ ਵੀ ਵੱਡਾ ਫਰਕ ਪਾਇਆ ਹੈ। ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਮਾਮਲੇ ਵਿੱਚ ਜਾਂਚ ਦਾ ਘੇਰਾ ਹੋਰ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ, "ਅਸੀਂ ਸਾਈਕਲ ਪਾਰਟਸ ਅਤੇ ਸਪੇਅਰ ਪਾਰਟਸ ਦੇ ਕਈ ਨਿਰਮਾਤਾਵਾਂ ਦੀ ਜਾਂਚ ਕਰ ਰਹੇ ਹਾਂ, ਜਿਨ੍ਹਾਂ ਦੇ ਇਸ ਘੁਟਾਲੇ ਵਿੱਚ ਸ਼ਾਮਲ ਹੋਣ ਦਾ ਸ਼ੱਕ ਹੈ। ਇਹ ਇਕਾਈਆਂ ਗਲਤ ਤਰੀਕੇ ਨਾਲ ਐਕਸਪੋਰਟ ਰਿਫੰਡ ਜਾਂ ਇਨਵਰਟਿਡ ਡਿਊਟੀ ਸਟ?ਰਕਚਰ ਰਾਹੀਂ ਲਾਭ ਲੈਣ ਲਈ ਜਾਂਚ ਦੇ ਘੇਰੇ ਵਿੱਚ ਹਨ। ਸਾਡੀ ਸਰਕਾਰ ਕਰ ਚੋਰੀ ਵਿਰੁੱਧ ਸਖ਼ਤੀ ਨਾਲ ਲੜਨ, ਸਰਕਾਰੀ ਮਾਲੀਏ ਦੀ ਰਾਖੀ ਕਰਨ ਅਤੇ ਪੰਜਾਬ ਦੇ ਹਰ ਇਮਾਨਦਾਰ ਕਰਦਾਤਾ ਲਈ ਬਰਾਬਰ ਦੇ ਮੌਕੇ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਸੇ ਦੌਰਾਨ ਅੰਦਰੂਨੀ ਪ੍ਰਬੰਧਕੀ ਅਨੁਸ਼ਾਸਨ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਬੇ ਸਮੇਂ ਤੋਂ ਗੈਰ-ਹਾਜ਼ਰ ਰਹਿਣ ਕਾਰਨ ਪੰਜਾਬ ਸਿਵਲ ਸਰਵਿਸਿਜ਼ (ਸਜ਼ਾ ਅਤੇ ਅਪੀਲ) ਨਿਯਮ, 1970 ਤਹਿਤ ਤੁਰੰਤ ਪ੍ਰਭਾਵ ਨਾਲ ਬਰਖਾਸਤ ਕਰ ਦਿੱਤਾ ਹੈ। ਅਨੁਸ਼ਾਸਨ ਪ੍ਰਤੀ ਪੰਜਾਬ ਸਰਕਾਰ ਦੇ ਸਖ਼ਤ ਰੁਖ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, "ਭਗਵੰਤ ਮਾਨ ਸਰਕਾਰ ਇਸ ਗੱਲ ਲਈ ਦ੍ਰਿੜ ਹੈ ਕਿ ਕਿਸੇ ਵੀ ਕੀਮਤ 'ਤੇ ਅਨੁਸ਼ਾਸਨਹੀਣਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਅਸੀਂ ਪਹਿਲਾਂ ਵੀ ਅਜਿਹੀ ਅਨੁਸ਼ਾਸਨਹੀਣਤਾ ਕਾਰਨ ਚਾਰ ਮੁਲਾਜ਼ਮਾਂ ਦੀਆਂ ਸੇਵਾਵਾਂ ਸਮਾਪਤ ਕਰ ਚੁੱਕੇ ਹਾਂ, ਅਤੇ ਇੱਕ ਹੋਰ ਆਬਕਾਰੀ ਤੇ ਕਰ ਇੰਸਪੈਕਟਰ ਅਤੇ ਇੱਕ ਕਲਰਕ ਵਿਰੁੱਧ ਅਨੁਸ਼ਾਸਨੀ ਕਾਰਵਾਈ ਜਾਰੀ ਹੈ। ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਜਵਾਬਦੇਹੀ, ਕਾਰਜ਼ਕੁਸ਼ਲਾ ਅਤੇ ਅਨੁਸ਼ਾਸਨੀ ਕਾਰਜ਼ਪ੍ਰਣਾਲੀ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਕਾਰਵਾਈਆਂ ਸੂਬਾ ਸਰਕਾਰ ਦੇ ਸੰਕਲਪ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ, "ਅਸੀਂ ਕਰ ਚੋਰੀ ਅਤੇ ਸਰਕਾਰੀ ਕਰਮਚਾਰੀਆਂ ਵੱਲੋਂ ਕੀਤੀ ਜਾਣ ਵਾਲੀ ਕਿਸੇ ਵੀ ਕੁਤਾਹੀ ਵਿਰੁੱਧ ਜ਼ੀਰੋ-ਸਹਿਣਸ਼ੀਲਤਾ ਦੀ ਨੀਤੀ ਜਾਰੀ ਰੱਖਾਂਗੇ।





# ਗੈਰ-ਕਾਨੂੰਨੀ ਖਾਦਾਂ ਅਤੇ ਕੀਟਨਾਸ਼ਕਾਂ ਦੇ ਭੰਡਾਰਨ ਅਤੇ ਵਿਕਰੀ ਸਬੰਧੀ ਹਰਿਆਣਾ ਅਧਾਰਤ ਫਰਮ ਵਿਰੁੱਧ ਮਾਮਲਾ ਦਰਜ : ਗੁਰਮੀਤ ਸਿੰਘ ਖੁੱਡੀਆਂ

## ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਨੂੰ ਮਿਆਰੀ ਖੇਤੀ ਲਾਗਤ ਸਮੱਗਰੀ ਮੁਹੱਈਆ ਕਰਵਾਉਣ ਲਈ ਵਚਨਬੱਧ: ਖੁੱਡੀਆਂ

ਐਸ. ਕੇ. ਸਕਸੈਨਾ

ਚੰਡੀਗੜ੍ਹ, ਅਣਅਧਿਕਾਰਤ ਖੇਤੀ ਲਾਗਤ ਸਮੱਗਰੀ ਦੀ ਵਿਕਰੀ ਵਿਰੁੱਧ ਸਖ਼ਤ ਕਾਰਵਾਈ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੀ ਸ਼ਿਕਾਇਤ 'ਤੇ ਹਰਿਆਣਾ ਦੇ ਝੱਜਰ ਨਾਲ ਸਬੰਧਤ ਫਰਮ ਦੇ ਮਾਲੇਰਕੋਟਲਾ ਵਿਖੇ ਅਣਅਧਿਕਾਰਤ ਖਾਦਾਂ ਅਤੇ ਕੀਟਨਾਸ਼ਕਾਂ ਦੀ ਸਟੋਰੇਜ ਅਤੇ ਵਿਕਰੀ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇੱਕ ਅਚਨਚੇਤ ਜਾਂਚ ਦੌਰਾਨ ÷ਮੈਸਰਜ਼ ਯੂਨੀਟੈਕ ਕ੍ਰੌਪ ਸਾਇੰਸ÷ ਫਰਮ ਦੇ ਅਹਾਤੇ ਵਿੱਚ ਅਣਅਧਿਕਾਰਤ ਖਾਦਾਂ ਅਤੇ ਕੀਟਨਾਸ਼ਕਾਂ ਦਾ ਸਟਾਕ ਪਾਇਆ ਗਿਆ। ਖੇਤੀਬਾੜੀ ਮੰਤਰੀ ਨੇ ਅੱਗੇ ਦੱਸਿਆ ਕਿ ਖਾਦ (ਕੰਟਰੋਲ) ਆਰਡਰ, 1985, ਜ਼ਰੂਰੀ ਵਸਤਾਂ ਐਕਟ, 1955 ਅਤੇ ਕੀਟਨਾਸ਼ਕ ਐਕਟ, 1968 ਦੇ ਉਪਬੰਧਾਂ ਤਹਿਤ ਉਕਤ ਸਟਾਕ ਦੀ ਕਿਸਾਨਾਂ ਨੂੰ ਵਿਕਰੀ ਅਤੇ ਵੰਡ ਨੂੰ ਰੋਕਣ ਲਈ ਤੁਰੰਤ ਇਸ ਗੈਰ-ਕਾਨੂੰਨੀ ਸਟਾਕ ਨੂੰ ਜ਼ਬਤ ਕਰ ਲਿਆ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਫਰਮ ਵਿਰੁੱਧ ਮਾਲੇਰਕੋਟਲਾ ਜ਼ਿਲ੍ਹੇ ਦੇ ਪੁਲਿਸ ਥਾਣਾ ਅਮਰਗੜ੍ਹ ਵਿਖੇ ਬੀ.ਐਨ.ਐਸ. ਦੀ ਧਾਰਾ 318 (4) ਤਹਿਤ ਐਫਆਈਆਰ ਦਰਜ ਕਰਵਾਈ ਗਈ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦ੍ਰਿੜ ਸਟੈਂਡ ਨੂੰ ਦੁਹਰਾਉਂਦਿਆਂ ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਮਿਆਰੀ ਖੇਤੀਬਾੜੀ ਉਤਪਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅਸੀਂ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਿਕਰੀ ਅਤੇ ਵੰਡ ਸਬੰਧੀ ਕਿਸੇ ਤਰ੍ਹਾਂ ਦੀ ਉਲੰਘਣਾ ਨੂੰ ਬਰਦਾਸ਼ਤ ਨਹੀਂ ਕਰਾਂਗੇ ਅਤੇ ਗ਼ੈਰਕਾਨੂੰਨੀ ਖੇਤੀਬਾੜੀ ਉਤਪਾਦਾਂ ਦੇ ਨਿਰਮਾਣ, ਸਟੋਰੇਜ ਜਾਂ ਵਿਕਰੀ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਜਾਂ ਫਰਮ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਯਕੀਨੀ ਬਣਾਈ ਜਾਵੇਗੀ। ਡਾਇਰੈਕਟਰ ਖੇਤੀਬਾੜੀ ਗੁਰਜੀਤ ਸਿੰਘ ਬਰਾੜ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਨੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਖੇਤੀਬਾੜੀ ਸਮੱਗਰੀ ਦੀ ਸਪਲਾਈ ਚੇਨ ਵਿੱਚ ਪਾਰਦਰਸ਼ਤਾ ਅਤੇ ਗੁਣਵੱਤਾ ਦੇ ਮਿਆਰਾਂ ਨੂੰ ਬਣਾਈ ਰੱਖਣ ਲਈ ਪੂਰੇ ਸੂਬੇ ਵਿੱਚ ਜਾਂਚ ਅਤੇ ਨਿਰੀਖਣ ਕਾਰਵਾਈਆਂ ਤੇਜ਼ ਕਰ ਦਿੱਤੀਆਂ ਹਨ।

# ਵਿਧਾਇਕ ਰਣਬੀਰ ਭੁੱਲਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਨੂੰ ਚੌਥੀ ਬੱਸ ਰਵਾਨਾ

ਮਨਦੀਪ ਕੌਰ



ਫ਼ਿਰੋਜ਼ਪੁਰ : ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਅੱਜ ਫਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਸ਼ਰਧਾਲੂਆਂ ਦੀ ਚੌਥੀ ਬੱਸ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਆਸ ਪਾਸ ਦੇ ਇਲਾਕਿਆਂ ਦੇ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਉਦੇਸ਼ ਸਰਧਾਲੂਆਂ ਨੂੰ ਮੁਫ਼ਤ ਅਤੇ ਸੁਵਿਧਾਜਨਕ ਤੀਰਥ ਯਾਤਰਾ ਦੀ ਸਹੂਲਤ ਮੁਹੱਈਆ ਕਰਵਾਉਣਾ ਹੈ। ਪੰਜਾਬ ਸਰਕਾਰ ਦੀ ਇਸ ਯੋਜਨਾ ਨਾਲ ਵੱਡੀ ਗਿਣਤੀ ਵਿੱਚ ਲੋਕ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਕੇ ਆਤਮਕ ਸ਼ਾਂਤੀ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਸ ਯੋਜਨਾ ਨਾਲ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਨੂੰ ਅਤੇ ਵੱਡੀ ਉਮਰ ਦੇ ਨਾਗਰਿਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਲਈ ਵੱਡੀ ਸਹੂਲਤ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਬੱਸ ਰਾਹੀਂ ਸ਼ਰਧਾਲੂ, ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਅਸਥਾਨਾਂ ਦੇ ਦਰਸ਼ਨ ਕਰਨਗੇ। ਇਸ ਤੋਂ ਇਲਾਵਾ ਹੋਰ ਸਥਾਨ ਜਿਵੇਂ ਕਿ ਪਾਰਟੀਸ਼ਨ ਮਿਊਜ਼ਿਅਮ, ਜਲਿਆਂਵਾਲਾ ਬਾਗ਼ ਅਤੇ ਵਾਹਗਾ ਬਾਰਡਰ ਵਿਖੇ ਰੀਟਰੀਟ ਸੈਰੇਮਨੀ ਵੀ ਵਿਖਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਪੰਜਾਬ ਸਰਕਾਰ ਵੱਲੋਂ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ, ਭੋਜਨ ਅਤੇ ਹੋਰ ਜਰੂਰੀ ਸਹੂਲਤਾਂ ਮੁਫ਼ਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਕਿਸੇ ਨੂੰ ਵੀ ਯਾਤਰਾ ਦੌਰਾਨ ਕੋਈ ਦਿੱਕਤ ਨਾ ਆਵੇ। ਉਨ੍ਹਾਂ ਸਰਧਾਲੂਆਂ ਨੂੰ ਸ਼ੁਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਜਾਰੀ ਰਹਿਣਗੀਆਂ।

# ਗੈਂਗਸਟਰਾਂ 'ਤੇ ਵਾਰ': ਵੱਡੇ ਪੱਧਰ 'ਤੇ ਸਫਲ ਰਿਹਾ ਆਪਰੇਸ਼ਨ ਪ੍ਰਹਾਰ-2; 72 ਘੰਟਿਆਂ ਦੌਰਾਨ ਗ੍ਰਿਫ਼ਤਾਰ ਕੀਤੇ ਗਏ 3260 ਵਿਅਕਤੀਆਂ ਵਿੱਚ 135 ਪੀਓ ਸ਼ਾਮਲ

## ਗੈਂਗਸਟਰਾਂ 'ਤੇ ਵਾਰ ਮੁਹਿੰਮ ਪੰਜਾਬ ਨੂੰ ਗੈਂਗਸਟਰ ਮੁਕਤ ਬਣਾਉਣ ਤੱਕ ਜਾਰੀ ਰਹੇਗੀ: ਡੀਜੀਪੀ ਗੌਰਵ ਯਾਦਵ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ ਹਿੱਸੇ ਵਜੋਂ ਸ਼ੁਰੂ ਕੀਤੇ 'ਆਪ੍ਰੇਸ਼ਨ ਪ੍ਰਹਾਰ-2' ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਨੇ ਪਿਛਲੇ 72 ਘੰਟਿਆਂ ਵਿੱਚ ਲੋੜੀਂਦੇ ਅਪਰਾਧੀਆਂ ਨਾਲ ਸਬੰਧਤ 8278 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ਚੱਲ ਰਹੀ ਮੁਹਿੰਮ 'ਗੈਂਗਸਟਰਾਂ ਤੇ ਵਾਰ' ਵਿੱਚ ਹੋਰ ਤੇਜ਼ੀ ਲਿਆਉਂਦਿਆਂ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਲੋੜੀਂਦੇ ਅਪਰਾਧੀਆਂ ਨੂੰ ਕਾਬੂ ਕਰਨ 'ਤੇ ਕੇਂਦ੍ਰਿਤ 72 ਘੰਟੇ ਦਾ 'ਆਪ੍ਰੇਸ਼ਨ ਪ੍ਰਹਾਰ-2' ਸ਼ੁਰੂ ਕੀਤਾ ਸੀ। ਪੰਜਾਬ ਪੁਲਿਸ ਹੈੱਡਕੁਆਰਟਰ ਦੇ ਸੀਨੀਅਰ ਅਧਿਕਾਰੀਆਂ ਨੇ ਇਸ ਕਾਰਵਾਈ ਦੀ ਅਗਵਾਈ ਕਰਨ ਲਈ ਨਿੱਜੀ ਤੌਰ 'ਤੇ ਵੱਖ-ਵੱਖ ਪੁਲਿਸ ਜ਼ਿਲ੍ਹਿਆਂ ਦਾ ਦੌਰਾ ਕੀਤਾ ਹੈ ਜਿਸ ਵਿੱਚ 12,000 ਕਰਮਚਾਰੀਆਂ ਵਾਲੀਆਂ 2,000 ਤੋਂ ਵੱਧ ਪੁਲਿਸ ਟੀਮਾਂ ਸ਼ਾਮਲ ਸਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ÷'ਗੈਂਗਸਟਰਾਂ 'ਤੇ ਵਾਰ' ਮੁਹਿੰਮ ਓਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਪੂਰੀ ਤਰਾਂ ਗੈਂਗਸਟਰ ਮੁਕਤ ਨਹੀਂ ਹੋ ਜਾਂਦਾ।÷ ਤਿੰਨ ਦਿਨਾਂ ਤੱਕ ਚੱਲੇ ਇਸ ਆਪ੍ਰੇਸ਼ਨ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਸੂਬੇ ਭਰ ਵਿੱਚ ਕੁੱਲ 7,498 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ ਜਿਨ੍ਹਾਂ ਵਿੱਚੋਂ 3260 ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ 135 ਭਗੌੜੇ ਅਪਰਾਧੀਆਂ (ਪੀਓ) ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 47 ਹਥਿਆਰ, 4.8 ਕਿਲੋਗ੍ਰਾਮ ਹੈਰੋਇਨ, 3.6 ਕਿਲੋਗ੍ਰਾਮ ਅਫੀਮ, 42,797 ਨਸ਼ੀਲੀਆਂ ਗੋਲੀਆਂ, 68 ਕਿਲੋਗ੍ਰਾਮ ਭੁੱਕੀ ਅਤੇ 30 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ 1,450 ਵਿਅਕਤੀਆਂ ਨੂੰ ਰੋਕਥਾਮ ਹਿਰਾਸਤ ਵਿੱਚ ਲਿਆ ਜਦੋਂ ਕਿ 2,788 ਵਿਅਕਤੀਆਂ ਨੂੰ ਤਸਦੀਕ ਉਪਰੰਤ ਰਿਹਾਅ ਕਰ ਦਿੱਤਾ ਗਿਆ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ 72 ਘੰਟੇ ਚੱਲੇ ਇਸ ਆਪ੍ਰੇਸ਼ਨ ਨੇ ਉਮੀਦਾਂ ਤੋਂ ਵੱਧ ਉਦੇਸ਼ ਪ੍ਰਾਪਤ ਕੀਤੇ ਹਨ ਅਤੇ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ ਗੈਂਗਸਟਰਾਂ ਤੋਂ ਮੁਕਤ ਨਹੀਂ ਹੋ ਜਾਂਦਾ। ਲੋਕ ਗੁਪਤ ਰੂਪ ਵਿੱਚ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ—93946-93946 ਰਾਹੀਂ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕਰ ਸਕਦੇ ਹਨ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਨੂੰ 347ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 164 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 11.9 ਕਿਲੋਗ੍ਰਾਮ ਹੈਰੋਇਨ, 344 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 4700 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ, ਸਿਰਫ 347 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 49,129 ਹੋ ਗਈ ਹੈ। 'ਡੀ-ਅਡਿਕਸ਼ਨ' ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 14 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਲਈ ਰਾਜ਼ੀ ਕੀਤਾ ਹੈ।

# ਹਰਭਜਨ ਸਿੰਘ ਈ ਟੀ ਓ ਬਾਰੇ ਕੀਤੀ ਟਿੱਪਣੀ ਮਾਮਲੇ ਵਿਚ ਪ੍ਰਤਾਪ ਸਿੰਘ ਬਾਜਵਾ ਦਾ ਵਕੀਲ ਹੋਇਆ ਪੇਸ਼



ਪੰਕਜ

ਚੰਡੀਗੜ੍ਹ, ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸਬੰਧੀ ਕੀਤੀ ਟਿੱਪਣੀ ਮਾਮਲੇ ਵਿਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਤਰਫੋਂ ਉਨ੍ਹਾਂ ਦਾ ਵਕੀਲ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਅੱਗੇ ਪੇਸ਼ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ੍ਰਤਾਪ ਸਿੰਘ ਬਾਜਵਾ ਦੀ ਤਰਫੋਂ ਲਿਖਤੀ ਉੱਤਰ ਲੈ ਕੇ ਪੇਸ਼ ਹੋਏ ਵਕੀਲ ਅਰਵਿੰਦ ਕੁਮਾਰ ਸਚਦੇਵਾ ਨੇ ਪ੍ਰਤਾਪ ਸਿੰਘ ਬਾਜਵਾ ਦਾ ਸਪਸ਼ਟੀਕਰਨ ਪੇਸ਼ ਕੀਤਾ ਅਤੇ ਕਿਹਾ ਨੇਤਾ ਵਿਰੋਧੀ ਧਿਰ ਵਲੋਂ ਕੋਈ ਵੀ ਜਾਤੀ ਸੂਚਕ ਟਿੱਪਣੀ ਨਹੀਂ ਕੀਤੀ ਗਈ ਅਤੇ ਆਪਣੇ ਸਪਸ਼ਟੀਕਰਨ ਦੇ ਨਾਲ ਕੁਝ ਹੋਰ ਸਬੰਧਤ ਦਸਤਾਵੇਜ਼ ਵੀ ਪੇਸ਼ ਕੀਤੇ ਗਏ ਅਤੇ ਕੇਸ ਨੂੰ ਦਫਤਰ ਦਾਖਲ ਕਰਨ ਦੀ ਮੰਗ ਕੀਤੀ। ਐਡਵੋਕੇਟ ਸਚਦੇਵਾ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਪੰਜਾਬ ਤੋਂ ਬਾਹਰ ਹਨ ਅਗਰ ਕੋਈ ਪੇਸ਼ ਕੀਤੇ ਗਏ ਦਸਤਾਵੇਜ਼ਾਂ ਵਿੱਚ ਘਾਟ ਹੈ ਤਾਂ 15 ਦਿਨ ਹੋਰ ਦੇਣ ਦੀ ਮੰਗ ਕੀਤੀ ਗਈ।ਸ.ਗੜ੍ਹੀ ਨੇ ਦੱਸਿਆ ਕਿ ਵੱਲੋਂ ਪ੍ਰਤਾਪ ਸਿੰਘ ਬਾਜਵਾ ਦੇ ਵਕੀਲ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਅਗਲੇ ਸੁਣਵਾਈ ਲਈ ਅਗਲੀ ਤਰੀਕ 26 ਫਰਵਰੀ 2026 ਰੱਖਿਆ ਗਿਆ ਹੈ। ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ ਜੋ ਦਸਤਾਵੇਜ਼ ਪ੍ਰਤਾਪ ਸਿੰਘ ਬਾਜਵਾ ਵਲੋਂ ਆਪਣੇ ਵਕੀਲ ਰਾਹੀਂ ਭੇਜੇ ਗਏ ਹਨ ਉਨ੍ਹਾਂ ਬਾਰੇ ਕਾਨੂੰਨੀ ਰਾਏ ਲਈ ਜਾਵੇਗੀ ਉਸ ਤੋਂ ਬਾਅਦ ਹੀ ਇਸ ਮਾਮਲੇ ਵਿੱਚ ਕੋਈ ਫੈਸਲਾ ਲਿਆ ਜਾਵੇਗਾ।



# 'ਸੀ.ਐਮ. ਦੀ ਯੋਗਸ਼ਾਲਾ' ਮੁਹਿੰਮ ਤਹਿਤ ਜ਼ਿਲ੍ਹੇ 'ਚ ਲਗਾਈਆਂ ਜਾ ਰਹੀਆਂ ਹਨ 349 ਯੋਗਾ ਕਲਾਸਾਂ : ਡਿਪਟੀ ਕਮਿਸ਼ਨਰ ਆਸ਼ਿਕਾ ਜੈਨ

ਰਮਨ ਕੁਮਾਰ

ਹੁਸ਼ਿਆਰਪੁਰ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਸੀ.ਐਮ. ਦੀ ਯੋਗਸ਼ਾਲਾ' ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿਚ ਮੁਫ਼ਤ ਯੋਗਾ ਕਲਾਸਾਂ ਸਫਲਤਾਪੂਰਵਕ ਲਗਾਈਆਂ ਜਾ ਰਹੀਆਂ ਹਨ। ਇਸ ਮੁਹਿੰਮ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਯੋਗ ਰਾਹੀਂ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਜ਼ਿਲ੍ਹੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕੁੱਲ 349 ਯੋਗਾ ਕਲਾਸਾਂ ਨਿਯਮਿਤ ਤੌਰ 'ਤੇ ਸਵੇਰੇ ਅਤੇ ਸ਼ਾਮ ਨੂੰ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਵਿਚ ਵੱਡੀ ਗਿਣਤੀ ਵਿੱਚ ਲੋਕ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ ਅਤੇ ਸਰੀਰਕ ਤੇ ਮਾਨਸਿਕ ਸਿਹਤ ਦੇ ਲਾਭ ਪ੍ਰਾਪਤ ਕਰ ਰਹੇ ਹਨ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਯੋਗਾ ਨਾ ਸਿਰਫ ਸਰੀਰ ਨੂੰ ਸਿਹਤਮੰਦ ਰੱਖਣ ਵਿਚ ਸਹਾਈ ਹੈ, ਬਲਕਿ ਮਾਨਸਿਕ ਤਣਾਅ ਨੂੰ ਦੂਰ ਕਰਨ ਅਤੇ ਜੀਵਨਸ਼ੈਲੀ ਸਬੰਧੀ ਬੀਮਾਰੀਆਂ ਤੋਂ ਬਚਾਅ ਵਿਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਯਮਿਤ ਤੌਰ 'ਤੇ ਯੋਗ ਅਭਿਆਸ ਅਪਣਾਉਣ ਅਤੇ ਸਿਹਤਮੰਦ ਜੀਵਨ ਵੱਲ ਵਧਣ। ਮੁਹਿੰਮ ਦੇ ਸੁਚਾਰੂ ਅਤੇ ਪ੍ਰਭਾਵਸ਼ਾਲੀ ਸੰਚਾਲਨ ਲਈ ਜ਼ਿਲ੍ਹਾ ਕੋਆਰਡੀਨੇਟਰ ਕਿਰਨ ਬਾਲਾ ਵੱਲੋਂ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਖੇਤਰਾਂ ਵਿੱਚ ਨਵੀਆਂ ਯੋਗਾ ਕਲਾਸਾਂ ਸ਼ੁਰੂ ਕੀਤੀਆਂ ਜਾਣਗੀਆਂ ਉੱਥੇ ਢੁਕਵੀਂ ਜਗ ?ਹਾ ਉਪਲਬਧ ਹੋਵੇ ਅਤੇ ਘੱਟੋ-ਘੱਟ 25 ਲੋਕਾਂ ਦਾ ਸਮੂਹ ਤਿਆਰ ਹੋਣਾ ਜ਼ਰੂਰੀ ਹੈ।। ਉਨ੍ਹਾਂ ਦੱਸਿਆ ਕਿ ਯੋਗਾ ਕਲਾਸਾਂ ਦਾ ਲਾਭ ਲੈਣ ਦੇ ਚਾਹਵਾਨ ਵਿਅਕਤੀ ਟੋਲ ਫਰੀ ਨੰਬਰ 7669400500 / 7888840161 'ਤੇ ਸੰਪਰਕ ਕਰ ਸਕਦੇ ਹਨ ਜਾਂ ਆਨਲਾਈਨ ਰਜਿਸਟ ?ਰੇਸ਼ਨ ਦੇ ਸਬੰਧਤ ਪੋਰਟਲ 'ਤੇ ਲੌਗਇਨ ਕਰ ਸਕਦੇ ਹਨ।

# ਹਥਿਆਰ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਦੋ ਵਿਅਕਤੀ 5 ਅਤਿ-ਆਧੁਨਿਕ ਪਿਸਤੌਲਾਂ ਸਮੇਤ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ

## ਗ੍ਰਿਫ਼ਤਾਰ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ: ਡੀਜੀਪੀ ਗੌਰਵ ਯਾਦਵ

ਮਨਦੀਪ ਕੌਰ





ਚੰਡੀਗੜ੍ਹ/ਅੰਮ੍ਰਿਤਸਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਗੈਂਗਸਟਰ ਮੁਕਤ ਬਣਾਉਣ ਲਈ ਵਿੱਢੀ ਗਈ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦਰਮਿਆਨ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਕੇ ਪੰਜ ਆਧੁਨਿਕ ਪਿਸਤੌਲਾਂ ਸਮੇਤ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰੋਹਿਤ ਅਰੋੜਾ (25), ਜੋ ਕਿ ਅੰਮ੍ਰਿਤਸਰ ਦੇ ਗਿਲਵਾਲੀ ਗੇਟ ਦਾ ਰਹਿਣ ਵਾਲਾ ਹੈ ਅਤੇ ਅੰਮ੍ਰਿਤਸਰ ਦੇ ਪਿੰਡ ਮੀਰਾਕੋਟ ਕਲਾਂ ਵਾਸੀ ਹਰਪ੍ਰੀਤ ਸਿੰਘ ਉਰਫ਼ ਹੈਪੀ (24) ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਤਿੰਨ 9 ਐਮਐਮ ਗਲੌਕ ਅਤੇ ਦੋ .30 ਬੋਰ ਪਿਸਤੌਲ ਸ਼ਾਮਲ ਹਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਇਹ ਸਾਹਮਣੇ ਆਇਆ ਹੈ ਕਿ ਉਕਤ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਹਥਿਆਰਾਂ ਦੀ ਖੇਪਾਂ ਡਰੋਨਾਂ ਰਾਹੀਂ ਭੇਜੀਆਂ ਜਾ ਰਹੀਆਂ ਸਨ ਅਤੇ ਮੁਲਜ਼ਮ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਇਨ੍ਹਾਂ ਨੂੰ ਅੱਗੇ ਸਪਲਾਈ ਕਰਦੇ ਸਨ। ਡੀਜੀਪੀ ਨੇ ਕਿਹਾ ਕਿ ਹਥਿਆਰਾਂ ਦੇ ਇਸ ਗੈਰ-ਕਾਨੂੰਨੀ ਨੈੱਟਵਰਕ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ। ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਗੁਪਤ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇੱਕ ਯੋਜਨਾਬੱਧ ਆਪਰੇਸ਼ਨ ਚਲਾਇਆ ਅਤੇ ਮੁਲਜ਼ਮ ਰੋਹਿਤ ਅਰੋੜਾ, ਜੋ ਕਿ ਗੈਂਗਸਟਰ ਸੋਨੂੰ ਕੰਗਲਾ ਦਾ ਨਜ਼ਦੀਕੀ ਸਾਥੀ ਹੈ, ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਕਿਹਾ ਕਿ ਤਲਾਸ਼ੀ ਦੌਰਾਨ ਮੁਲਜ਼ਮ ਦੇ ਕਬਜ਼ੇ ਵਿੱਚੋਂ ਤਿੰਨ ਪਿਸਤੌਲ- ਜਿਸ ਵਿੱਚ ਇੱਕ ਗਲੌਕ ਪਿਸਤੌਲ ਅਤੇ ਦੋ .30 ਬੋਰ ਪਿਸਤੌਲ ਸ਼ਾਮਲ ਹਨ, ਬਰਾਮਦ ਕੀਤੇ ਗਏ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਮੁਲਜ਼ਮ ਰੋਹਿਤ ਅਰੋੜਾ ਵੱਲੋਂ ਕੀਤੇ ਗਏ ਖੁਲਾਸਿਆਂ ਦੇ ਆਧਾਰ 'ਤੇ ਇੱਕ ਹੋਰ ਮੁਲਜ਼ਮ ਹਰਪ੍ਰੀਤ ਸਿੰਘ ਉਰਫ਼ ਹੈਪੀ ਨੂੰ ਵੀ ਦੋ ਗਲੌਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਅੱਗੇ ਕਿਹਾ ਕਿ ਦੋਵੇਂ ਮੁਲਜ਼ਮ ਆਦਤਨ ਅਪਰਾਧੀ ਹਨ ਜਿਨ੍ਹਾਂ 'ਤੇ ਬੰਦੂਕ ਦੀ ਨੋਕ 'ਤੇ ਲੁੱਟ-ਖੋਹ, ਜੇਲ੍ਹ ਐਕਟ, ਅਸਲਾ ਐਕਟ ਅਤੇ ਐਨਡੀਪੀਐਸ ਐਕਟ ਤਹਿਤ ਪਹਿਲਾਂ ਵੀ ਕਈ ਕੇਸ ਦਰਜ ਹਨ ਅਤੇ ਉਕਤ ਦੋਵੇਂ ਆਸਾਨੀ ਨਾਲ ਪੈਸਾ ਬਣਾਉਣ (ਈਜ਼ੀ ਮਨੀ) ਦੇ ਇਰਾਦੇ ਨਾਲ ਨਸ਼ਿਆ-ਹਥਿਆਰਾਂ ਦੀ ਤਸਕਰੀ ਕਰਦੇ ਰਹੇ ਹਨ। ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਥਾਣਾ ਗੇਟ ਹਕੀਮਾ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25, 6, 7 ਅਤੇ 8 ਤਹਿਤ ਐਫਆਈਆਰ ਨੰਬਰ 33 ਮਿਤੀ 06-02-2026 ਦਰਜ ਹੈ।

# ਪੰਜਾਬ ਸਰਕਾਰ ਕਰਮਚਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ; ਜੰਗਲਾਤ ਵਿਭਾਗ ਦੇ ਕਰਮਚਾਰੀ ਸਰਕਾਰ ਦਾ ਅਨਿੱਖੜਵਾਂ ਅੰਗ : ਲਾਲ ਚੰਦ ਕਟਾਰੂਚੱਕ

## ਮੰਤਰੀ ਨੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ ਦੀ ਕੀਤੀ ਪ੍ਰਧਾਨਗੀ

ਐਸ. ਕੇ. ਸਕਸੈਨਾ





ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਕਰਮਚਾਰੀਆਂ ਦੀ ਭਲਾਈ ਲਈ ਹਰ ਸੰਭਵ ਕਦਮ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਜੰਗਲਾਤ ਵਿਭਾਗ ਦੇ ਕਰਮਚਾਰੀ ਸਰਕਾਰ ਦਾ ਅਨਿੱਖੜਵਾਂ ਅੰਗ ਹਨ। ਇਹ ਵਿਚਾਰ ਅੱਜ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਣ ਕੰਪਲੈਕਸ ਵਿਖੇ ਵਣ ਰੇਂਜਰ ਅਤੇ ਡਿਪਟੀ ਫਾਰੈਸਟ ਰੇਂਜਰ ਐਸੋਸੀਏਸ਼ਨ, ਪੰਜਾਬ ਰਾਜ ਵਣ ਵਿਕਾਸ ਨਿਗਮ ਬਠਿੰਡਾ ਦੇ ਸੇਵਾਮੁਕਤ ਕਰਮਚਾਰੀ ਯੂਨੀਅਨ ਅਤੇ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਨਾਲ ਕੀਤੀਆਂ ਮੀਟਿੰਗਾਂ ਦੌਰਾਨ ਪ੍ਰਗਟ ਕੀਤੇ। ਮੰਤਰੀ ਨੇ ਵਣ ਰੇਂਜਰਾਂ ਨੂੰ ਦੱਸਿਆ ਕਿ ਵਿੱਤ ਵਿਭਾਗ ਵੱਲੋਂ ਮਨਜ਼ੂਰ ਕੀਤੀ ਵਿਭਾਗ ਦੀ ਪੁਨਰਗਠਨ ਤਜਵੀਜ਼ ਤਹਿਤ ਪੰਜਾਬ ਵਣ ਸੇਵਾ (ਈ.ਏ.ਸੀ.ਐਫ.) ਦੀਆਂ 44 ਅਸਾਮੀਆਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਪੁਨਰਗਠਨ ਸਬੰਧੀ ਪ੍ਰਸਤਾਵ ਵਿੱਚ ਮੁਕੱਦਮੇਬਾਜ਼ੀ ਦੇ ਮਾਮਲਿਆਂ ਨਾਲ ਨਜਿੱਠਣ ਲਈ ਕਾਨੂੰਨ ਅਧਿਕਾਰੀ ਦੀਆਂ 2 ਅਸਾਮੀਆਂ ਅਤੇ ਕਾਨੂੰਨੀ ਸਹਾਇਕਾਂ ਦੀਆਂ 6 ਅਸਾਮੀਆਂ ਵੀ ਸ਼ਾਮਿਲ ਹਨ। ਪੀ.ਐਫ.ਐਸ. ਕੇਡਰ ਦੀਆਂ ਅਸਾਮੀਆਂ 'ਤੇ ਸਿੱਧੀ ਭਰਤੀ ਕਰਨ ਦੀ ਮੰਗ ਦੇ ਸਬੰਧ ਵਿੱਚ ਮੰਤਰੀ ਨੇ ਕਿਹਾ ਕਿ ਵਣ ਰੇਂਜਰਾਂ ਦੇ ਸਬੰਧ ਵਿੱਚ ਨਿਯਮਾਂ ਨੂੰ ਨੋਟੀਫਾਈ ਕਰਨ ਤੋਂ ਬਾਅਦ ਇਸ ਮਾਮਲੇ 'ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ। ਪੰਜਾਬ ਰਾਜ ਵਣ ਵਿਕਾਸ ਨਿਗਮ ਦੇ ਸੇਵਾਮੁਕਤ ਕਰਮਚਾਰੀ ਯੂਨੀਅਨ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਯੂਨੀਅਨ ਵੱਲੋਂ ਉਠਾਏ ਗਏ ਪੈਨਸ਼ਨ ਸਬੰਧੀ ਮੁੱਦੇ ਦੇ ਸੰਦਰਭ ਵਿੱਚ ਕਿਹਾ ਕਿ ਇੱਕ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ ਜੋ ਇਸ ਮੁੱਦੇ 'ਤੇ ਵਿਚਾਰ ਕਰਕੇ ਰਿਪੋਰਟ ਪੇਸ਼ ਕਰੇਗੀ। ਇਸ ਤੋਂ ਇਲਾਵਾ ਮੰਤਰੀ ਨੇ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਨਾਲ ਵੀ ਮੁਲਾਕਾਤ ਕੀਤੀ ਅਤੇ ਸਮੇਂ-ਸਮੇਂ 'ਤੇ ਵਿਭਾਗ ਵਿੱਚ ਕੰਮ ਕਰ ਰਹੇ ਕੱਚੇ ਅਤੇ ਅਨਪੜ੍ਹ ਕਰਮਚਾਰੀਆਂ (519 ਪਟੀਸ਼ਨਰ/ਨਾਨ-ਪਟੀਸ਼ਨਰਜ਼) ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਸਮੇਤ ਉਨ੍ਹਾਂ ਦੀਆਂ ਵੱਖ-ਵੱਖ ਮੰਗਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਪ੍ਰਮੁੱਖ ਮੁੱਖ ਵਣਪਾਲ (ਏ.ਪੀ.ਸੀ.ਸੀ.ਐਫ.) ਸੌਰਭ ਗੁਪਤਾ ਅਤੇ ਚੀਫ਼ ਵਾਈਲਡ ਲਾਈਫ਼ ਵਾਰਡਨ ਬਸੰਤ ਰਾਜ ਕੁਮਾਰ ਵੀ ਹਾਜ਼ਿਰ ਸਨ।







# ਪੰਜਾਬ ਸਰਕਾਰ ਸੂਬੇ ਵਿੱਚ ਗ੍ਰਾਮ ਨਿਆਲਿਆ ਦੇ ਮੁੱਦੇ 'ਤੇ ਸਾਰੇ ਕਾਨੂੰਨੀ ਵਿਕਲਪਾਂ ਦੀ ਪੜਚੋਲ ਕਰੇਗੀ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਗਰਾਮ ਨਿਆਲਿਆ ਦਾ ਮੁੱਦਾ ਕੇਂਦਰ ਸਰਕਾਰ ਕੋਲ ਉਠਾਵਾਂਗੇ, ਕਾਨੂੰਨੀ ਮਾਹਿਰਾਂ ਦੀ ਕਮੇਟੀ ਬਣਾਈ ਜਾਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਐਸ. ਕੇ. ਸਕਸੈਨਾ

ਚੰਡੀਗੜ੍ਹ, ਗ੍ਰਾਮ ਨਿਆਲਿਆ ਲਈ ਕੇਂਦਰ ਵੱਲੋਂ ਕੀਤੇ ਜਾ ਰਹੇ ਧੱਕੇ ਵਿਰੁੱਧ ਸਪੱਸ਼ਟ ਲਕੀਰ ਖਿੱਚਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਨੂੰ ਗੈਰ-ਵਿਹਾਰਕ ਹੈ ਤੇ ਕਾਨੂੰਨੀ ਭਾਈਚਾਰੇ ਦੇ ਹਿੱਤਾਂ ਦੇ ਉਲਟ ਦੱਸਿਆ ਅਤੇ ਕਿਹਾ ਕਿ ਸਰਕਾਰ ਸੂਬੇ ਵਿੱਚ ਇਸ ਮੁੱਦੇ 'ਤੇ ਫੈਸਲਾਕੁੰਨ ਕਦਮ ਚੁੱਕਣ ਲਈ ਤਿਆਰ ਹੈ। ਮੁੱਖ ਮੰਤਰੀ ਨੇ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਕਾਨੂੰਨੀ ਮਾਹਿਰਾਂ ਦੀ ਕਮੇਟੀ ਬਣਾਉਣ ਦਾ ਐਲਾਨ ਕਰਦਿਆਂ ਕਿਹਾ ਕਿ ਉਹ ਇਸ ਨੂੰ ਕੇਂਦਰ ਸਰਕਾਰ ਕੋਲ ਢੁਕਵੇਂ ਪੱਧਰ 'ਤੇ ਉਠਾਉਣਗੇ। ਇਸ ਮੁੱਦੇ ਨੂੰ ਸੰਸਥਾਗਤ ਅਖੰਡਤਾ ਅਤੇ ਲੋਕਾਂ ਦੇ ਭਰੋਸੇ ਨਾਲ ਸਬੰਧਤ ਦੱਸਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਨਿਆਂਪਾਲਿਕਾ ਵਿੱਚ ਕਾਨੂੰਨ ਦਾ ਰਾਜ ਅਤੇ ਨੈਤਿਕ ਮਾਪਦੰਡ ਸਰਵਉੱਚ ਰਹਿਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵਕੀਲਾਂ ਦੇ ਹਿੱਤਾਂ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮਿਉਂਸਿਪਲ ਭਵਨ ਵਿਖੇ 65 ਬਾਰ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੂਰੇ ਸੂਬੇ ਦੇ ਲੋਕਾਂ ਦੀ 20 ਕਿਲੋਮੀਟਰ ਦੇ ਦਾਇਰੇ ਵਿੱਚ ਅਦਾਲਤਾਂ ਤੱਕ ਪਹੁੰਚ ਹੈ, ਜਿਸ ਕਾਰਨ ਇਹ ਸੰਕਲਪ ਪੰਜਾਬ ਵਿੱਚ ਅਮਲੀ ਰੂਪ ਵਿੱਚ ਲਾਗੂ ਨਹੀਂ ਹੈ। ਵਕੀਲ ਪਹਿਲਾਂ ਹੀ ਕੇਂਦਰ ਦੇ ਇਸ ਕਦਮ ਖਿਲਾਫ਼ ਡਟੇ ਹੋਏ ਹਨ ਕਿਉਂਕਿ ਇਸ ਨਾਲ ਸੂਬਾ ਸਰਕਾਰਾਂ ਨੂੰ ਕਾਨੂੰਨੀ ਤੌਰ 'ਤੇ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੰਜਾਬ ਵਿੱਚ ਇਸ ਸੰਕਲਪ ਨੂੰ ਬੰਦ ਕਰਨ ਦੇ ਸਾਰੇ ਤਰੀਕੇ ਲੱਭੇ ਜਾਣਗੇ।ਮੁੱਖ ਮੰਤਰੀ ਨੇ ਐਲਾਨ ਕੀਤਾ, ÷ਪੰਜਾਬ ਸਰਕਾਰ ਇਸ ਸਬੰਧ ਵਿੱਚ ਸਾਰੇ ਪਹਿਲੂਆਂ ਦੀ ਪੜਚੋਲ ਕਰਨ ਲਈ ਕਾਨੂੰਨੀ ਮਾਹਿਰਾਂ ਦੀ ਇੱਕ ਕਮੇਟੀ ਦਾ ਗਠਨ ਕਰੇਗੀ। ਮੈਂ ਇਸ ਮੁੱਦੇ ਨੂੰ ਕੇਂਦਰ ਸਰਕਾਰ ਕੋਲ ਢੁਕਵੇਂ ਮੰਚਾਂ 'ਤੇ ਵੀ ਉਠਾਵਾਂਗਾ।÷ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵਕੀਲ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਬਾਰ ਐਸੋਸੀਏਸ਼ਨਾਂ ਦੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ, "ਬਾਰ ਐਸੋਸੀਏਸ਼ਨਾਂ ਨੇ ਦੇਸ਼ ਵਿੱਚ ਕਾਨੂੰਨੀ ਪ੍ਰਣਾਲੀ ਦੇ ਵਿਕਾਸ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਯੋਗਦਾਨ ਪਾਉਣ ਲਈ ਹਮੇਸ਼ਾ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਅਤੇ ਸਮਾਜ ਦੀ ਬਿਹਤਰੀ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਹੈ। ਭਾਰਤ ਇੱਕ ਪ੍ਰਭੂਸੱਤਾ ਸੰਪੰਨ ਸਮਾਜਵਾਦੀ ਗਣਰਾਜ ਹੈ, ਜਿਸ ਵਿੱਚ ਸੰਸਦੀ ਪ੍ਰਣਾਲੀ ਹੈ ਅਤੇ ਇਸ ਨੂੰ ਇਹ ਮਾਣ ਪ੍ਰਾਪਤ ਹੈ ਕਿ ਉਹ ਵਿਸ਼ਵ ਵਿੱਚ ਸਭ ਤੋਂ ਵੱਡੀ ਲੋਕਤੰਤਰੀ ਪ੍ਰਣਾਲੀ ਹੈ। ਨਿਆਂ, ਆਜ਼ਾਦੀ, ਬਰਾਬਰੀ ਅਤੇ ਭਾਈਚਾਰਾ ਚਾਰ ਵਿਸ਼ੇਸ਼ਤਾਵਾਂ ਸਾਡੇ ਸੰਵਿਧਾਨ ਦੁਆਰਾ ਹਰ ਨਾਗਰਿਕ ਲਈ ਸੁਰੱਖਿਅਤ ਹਨ। ਕਾਨੂੰਨੀ ਪ੍ਰਣਾਲੀ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ, ÷ਕਾਨੂੰਨ ਦਾ ਰਾਜ ਉਹ ਨੀਂਹ ਹੈ, ਜਿਸ 'ਤੇ ਆਧੁਨਿਕ ਲੋਕਤੰਤਰੀ ਸਮਾਜ ਦੀ ਸਥਾਪਨਾ ਕੀਤੀ ਜਾਂਦੀ ਹੈ। ਨਿਆਂਪਾਲਿਕਾ ਵਿੱਚ ਕਦਰਾਂ-ਕੀਮਤਾਂ, ਅਖੰਡਤਾ ਅਤੇ ਉੱਤਮਤਾ ਲਈ ਵਚਨਬੱਧ ਕਾਨੂੰਨੀ ਪ੍ਰਣਾਲੀ ਇੱਕ ਜੀਵੰਤ ਅਤੇ ਨਿਆਂਪੂਰਨ ਸਮਾਜ ਦਾ ਮਹੱਤਵਪੂਰਨ ਅੰਗ ਹੈ। ਮੌਲਿਕ ਅਧਿਕਾਰਾਂ ਨੂੰ ਮੈਂ ਸਮਝਦਾ ਹਾਂ ਅਤੇ ਵਕੀਲਾਂ ਨੂੰ ਆਪਣੇ ਕਰੀਅਰ ਵਿੱਚ ਕਾਮਯਾਬ ਹੋਣ ਲਈ ਆਉਣ ਵਾਲੀਆਂ ਮੁਸ਼ਕਲਾਂ ਤੋਂ ਵੀ ਜਾਣੂ ਹਾਂ। ਜਨਤਕ ਜੀਵਨ ਅਤੇ ਕਾਨੂੰਨੀ ਪੇਸ਼ੇ ਦੀ ਤੁਲਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਰਾਜਨੀਤਕ ਨੇਤਾਵਾਂ ਅਤੇ ਵਕੀਲਾਂ ਨੂੰ ਇੱਕੋ ਤਰ੍ਹਾਂ ਦਾ ਜਨਤਕ ਭਰੋਸਾ ਹਾਸਲ ਹੁੰਦਾ ਹੈ ਅਤੇ ਦੋਵਾਂ ਨੂੰ ਇਸ ਭਰੋਸੇ ਨੂੰ ਹਰ ਤਰੀਕੇ ਨਾਲ ਬਰਕਰਾਰ ਰੱਖਣ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ, ÷ਇਨਸਾਫ਼ ਅੱਜ-ਕੱਲ੍ਹ ਹੋਰ ਚੀਜ਼ਾਂ ਵਾਂਗ ਮਹਿੰਗਾ ਹੈ।"ਇਸ ਲਈ ਉਨ੍ਹਾਂ ਇਹ ਵਿਚਾਰ ਪੇਸ਼ ਕੀਤਾ ਕਿ ਵਕੀਲਾਂ ਨੂੰ ਸਮਾਜ ਦੇ ਹਾਸ਼ੀਏ ਉੱਤੇ ਧੱਕੇ ਵਰਗਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਲਈ ਐਨਜੀਓਜ਼ ਦੀ ਸਥਾਪਨਾ ਕਰਨੀ ਚਾਹੀਦੀ ਹੈ। ਨੈਤਿਕਤਾ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਸ ਹਾਰੇ ਜਾਂ ਜਿੱਤੇ ਜਾ ਸਕਦੇ ਹਨ ਪਰ ਕਾਨੂੰਨ ਦਾ ਰਾਜ ਹਮੇਸ਼ਾ ਕਾਇਮ ਰਹਿਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ, ÷ਵਕੀਲ ਸੁਰੱਖਿਆ ਐਕਟ ਅਤੇ ਚੈਂਬਰਾਂ ਦੇ ਕਮਰਸ਼ੀਅਲ ਬਿਜਲੀ ਕੁਨੈਕਸ਼ਨਾਂ ਨੂੰ ਘਰੇਲੂ ਕੁਨੈਕਸ਼ਨਾਂ ਵਿੱਚ ਤਬਦੀਲ ਕਰਨ ਸਮੇਤ ਵਕੀਲਾਂ ਦੀ ਹਰ ਮੰਗ ਜਾਇਜ਼ ਹੈ ਅਤੇ ਇਸ ਦੀ ਸਮੀਖਿਆ ਕੀਤੀ ਜਾਵੇਗੀ। ਮੈਂ ਖੁਦ ਲੋਕਾਂ ਦਾ ਵਕੀਲ ਹਾਂ ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।÷ ਮੀਟਿੰਗ ਦੇ ਸਥਾਨ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ, ÷ਇਸ ਮਿਉਂਸਿਪਲ ਭਵਨ ਨੂੰ 'ਨਿਯੁਕਤੀ ਭਵਨ' ਵਜੋਂ ਜਾਣਿਆ ਜਾਂਦਾ ਹੈ, ਕਿਉਂਕਿ ਇੱਥੇ ਕੁੱਲ 63,000 ਨੌਕਰੀਆਂ ਵਿੱਚੋਂ ਲਗਪਗ 50,000 ਨਿਯੁਕਤੀ ਪੱਤਰ ਸੌਂਪੇ ਗਏ ਹਨ।÷ ਉਨ੍ਹਾਂ ਅੱਗੇ ਕਿਹਾ, ÷ਪੰਜਾਬ ਸਰਕਾਰ ਨੇ ਆਮ ਆਦਮੀ ਨੂੰ ਲਾਭ ਪਹੁੰਚਾਉਣ ਲਈ ਪਹਿਲਾਂ ਹੀ ਬਹੁਤ ਸਾਰੇ ਲੋਕ ਪੱਖੀ ਅਤੇ ਨਾਗਰਿਕ ਕੇਂਦਰਿਤ ਫੈਸਲੇ ਲਏ ਹਨ ਅਤੇ ਕਈ ਹੋਰ ਫ਼ੈਸਲੇ ਲਏ ਜਾ ਰਹੇ ਹਨ। ਲੋਕਤੰਤਰ ਵਿੱਚ ਲੋਕ ਸਰਵਉੱਚ ਹੁੰਦੇ ਹਨ। ਆਪਣੀ ਸੱਤਾ ਦੇ ਦੌਰ ਵਿੱਚ ਮਹਿਲਾਂ ਵਿੱਚ ਰਹਿਣ ਵਾਲਿਆਂ ਨੇ ਆਪਣੇ ਘਰਾਂ ਦੇ ਦਰਵਾਜ਼ੇ ਲੋਕਾਂ ਲਈ ਬੰਦ ਕਰ ਦਿੱਤੇ ਸਨ ਪਰ ਜਦੋਂ ਲੋਕਾਂ ਨੂੰ ਮੌਕਾ ਮਿਲਿਆ ਤਾਂ ਉਨ੍ਹਾਂ ਮਹਿਲਾਂ ਵਾਲਿਆਂ ਦੇ ਘਰਾਂ ਦੇ ਦਰਵਾਜ਼ੇ ਬਾਹਰੋਂ ਬੰਦ ਕਰ ਦਿੱਤੇ।÷ ਇਸ ਤੋਂ ਪਹਿਲਾਂ ਐਡਵੋਕੇਟ ਜਨਰਲ ਪੰਜਾਬ ਮਨਿੰਦਰਜੀਤ ਸਿੰਘ ਬੇਦੀ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ ਅਤੇ ਸਮਾਗਮ ਦੀ ਮਹੱਤਤਾ ਬਾਰੇ ਚਾਨਣਾ ਪਾਇਆ।






# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਹਲਕੇ ਦੇ ਵਸਨੀਕਾਂ ਦੀਆਂ ਸੁਣੀਆਂ ਸ਼ਿਕਾਇਤਾਂ

ਮਨਦੀਪ ਕੌਰ

**ਕਿਹਾ, ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਹੱਲ**

ਹੁਸ਼ਿਆਰਪੁਰ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਆਪਣੇ ਦਫ਼ਤਰ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਵੱਡੀ ਗਿਣਤੀ ਵਿੱਚ ਲੋਕ ਆਪਣੀਆਂ ਵਿਅਕਤੀਗਤ ਅਤੇ ਸਮੂਹਿਕ ਸਮੱਸਿਆਵਾਂ ਲੈ ਕੇ ਉਨ੍ਹਾਂ ਦੇ ਦਫ਼ਤਰ ਆਏ, ਜਿਨ੍ਹਾਂ ਵਿੱਚੋਂ ਸਭ ਤੋਂ ਪ੍ਰਮੁੱਖ ਮਾਲੀਆ, ਸਿਹਤ, ਸਿੱਖਿਆ, ਬਿਜਲੀ, ਪੀਣ ਵਾਲੇ ਪਾਣੀ, ਸੜਕਾਂ, ਸੀਵਰੇਜ ਅਤੇ ਸਮਾਜ ਭਲਾਈ ਨਾਲ ਸਬੰਧਤ ਸਨ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਨਤਕ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਤੌਰ 'ਤੇ ਹਦਾਇਤ ਕੀਤੀ ਕਿ ਜਨਤਕ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰੀਆਂ ਸ਼ਿਕਾਇਤਾਂ ਦਾ ਨਿਪਟਾਰਾ ਨਿਰਧਾਰਤ ਸਮਾਂ ਵਿਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇੱਕ ਪਾਰਦਰਸ਼ੀ, ਜਵਾਬਦੇਹ ਅਤੇ ਸੰਵੇਦਨਸ਼ੀਲ ਪ੍ਰਸ਼ਾਸਨ ਪ੍ਰਦਾਨ ਕਰਨਾ ਹੈ, ਤਾਂ ਜੋ ਲੋਕਾਂ ਨੂੰ ਦਫ਼ਤਰਾਂ ਦੇ ਬੇਲੋੜੇ ਚੱਕਰ ਨਾ ਲਗਾਉਣੇ ਪੈਣ। ਕੈਬਨਿਟ ਮੰਤਰੀ ਨੇ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਅਤੇ ਬਾਕੀ ਰਹਿੰਦੇ ਮਾਮਲਿਆਂ ਨੂੰ ਤੁਰੰਤ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਭੇਜ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹਰੇਕ ਸ਼ਿਕਾਇਤ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰਨ ਅਤੇ ਸ਼ਿਕਾਇਤਕਰਤਾਵਾਂ ਨੂੰ ਹੱਲ ਬਾਰੇ ਜਾਣਕਾਰੀ ਪ੍ਰਦਾਨ ਕਰਨ ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਨਤਾ ਨਾਲ ਸਿੱਧਾ ਸੰਪਰਕ ਬਣਾਈ ਰੱਖਣਾ ਉਨ੍ਹਾਂ ਦੀ ਤਰਜੀਹ ਹੈ, ਤਾਂ ਜੋ ਜ਼ਮੀਨੀ ਪੱਧਰ 'ਤੇ ਸਮੱਸਿਆਵਾਂ ਨੂੰ ਸਮਝਿਆ ਜਾ ਸਕੇ ਅਤੇ ਪ੍ਰਭਾਵਸ਼ਾਲੀ ਹੱਲ ਲੱਭੇ ਜਾ ਸਕਣ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ ਜ਼ਿਸ ਨਾਲ ਹਲਕੇ ਦੇ ਸਰਵਪੱਖੀ ਵਿਕਾਸ ਨੂੰ ਹੋਰ ਤੇਜ਼ ਕੀਤਾ ਜਾ ਸਕੇਗਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।



# ਪੰਜਾਬ ਪੁਲਿਸ ਨੇ ਪਾਕਿ-ਅਧਾਰਤ ਮਾਡਿਊਲ ਦਾ ਪਰਦਾਫਾਸ਼ ਕਰਕੇ ਇੱਕ ਹੋਰ ਅੱਤਵਾਦੀ ਸਾਜ਼ਿਸ਼ ਨੂੰ ਕੀਤਾ ਨਾਕਾਮ; ਆਈਡੀ ਅਤੇ ਪਿਸਤੌਲ ਸਮੇਤ ਮੁਲਜ਼ਮ ਗ੍ਰਿਫ਼ਤਾਰ

## ਆਈਈਡੀ ਦੀ ਵਰਤੋਂ ਪੰਜਾਬ ਅਤੇ ਦਿੱਲੀ ਸਮੇਤ ਕਈ ਰਾਜਾਂ ਵਿੱਚ ਯੋਜਨਾਬੱਧ ਹਮਲਿਆਂ 'ਚ ਕੀਤੀ ਜਾਣੀ ਸੀ : ਡੀਜੀਪੀ ਗੌਰਵ ਯਾਦਵ

ਕੈਪਟਨ ਸੁਭਾਸ਼ ਚੰਦਰ ਸ਼ਰਮਾ

ਚੰਡੀਗੜ੍ਹ/ਅੰਮ੍ਰਿਤਸਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਖ਼ੁਫ਼ੀਆ ਜਾਣਕਾਰੀ 'ਤੇ ਅਧਾਰਤ ਇੱਕ ਕਾਰਵਾਈ ਵਿੱਚ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ ਨੇ ਪਾਕਿਸਤਾਨ ਦੀ ਹਮਾਇਤ ਵਾਲੇ ਇੱਕ ਹੋਰ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਵੱਡੀ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ ਅਤੇ ਇਸ ਕਾਰਵਾਈ 'ਚ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਤੋਂ ਰਿਮੋਟ ਕੰਟਰੋਲ ਸਮੇਤ ਮਟੈਲਿਕ ਕੇਸ ਵਿੱਚ ਪੈਕ ਇੱਕ ਇਮਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਅਤੇ ਗੋਲੀ-ਸਿੱਕੇ ਸਮੇਤ ਇੱਕ ਵਿਦੇਸ਼ੀ ਪਿਸਤੌਲ ਬਰਾਮਦ ਕੀਤਾ ਗਿਆ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸ਼ੁਭਮ ਕੁਮਾਰ ਉਰਫ਼ ਸ਼ੁਭਮ ਸ੍ਰੀਵਾਸਤਵ ਵਜੋਂ ਹੋਈ ਹੈ, ਜੋ ਸੀਤਾਪੁਰ, ਉੱਤਰ ਪ੍ਰਦੇਸ਼ ਦੇ ਪਿੰਡ ਸਰੋਸਾ ਦਾ ਰਹਿਣ ਵਾਲਾ ਹੈ। ਦੱਸਣਯੋਗ ਹੈ ਕਿ ਇਹ ਸਫ਼ਲਤਾ ਪੰਜਾਬ ਪੁਲਿਸ ਵੱਲੋਂ ਪਾਕਿਸਤਾਨ ਆਈ.ਐਸ.ਆਈ. ਦੀ ਹਮਾਇਤ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕਰਨ ਉਪਰੰਤ ਇਸ ਨਾਲ ਸਬੰਧਤ ਕਾਰਕੁਨ, ਜਿਸਦੀ ਪਛਾਣ ਅੰਮ੍ਰਿਤਸਰ ਦੇ ਰਾਹੁਲ ਕੁਮਾਰ ਉਰਫ਼ ਗੱਜੂ ਵਜੋਂ ਹੋਈ ਹੈ, ਨੂੰ ਆਰਡੀਐਕਸ-ਅਧਾਰਤ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਸਮੇਤ ਗ੍ਰਿਫ਼ਤਾਰ ਕੀਤੇ ਜਾਣ ਤੋਂ ਇੱਕ ਦਿਨ ਬਾਅਦ ਸਾਹਮਣੇ ਆਈ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਐਨਕ੍ਰਿਪਟਡ ਪਲੇਟਫਾਰਮਾਂ ਰਾਹੀਂ ਪਾਕਿਸਤਾਨ-ਅਧਾਰਤ ਹੈਂਡਲਰ ਦੇ ਸੰਪਰਕ ਵਿੱਚ ਸੀ। ਉਨ੍ਹਾਂ ਕਿਹਾ ਕਿ ਮੁਲਜ਼ਮ ਤੋਂ ਬਰਾਮਦ ਹੋਈ ਖੇਪ ਸਰਹੱਦ ਪਾਰ ਤੋਂ ਭੇਜੀ ਗਈ ਸੀ, ਜਿਸਨੂੰ ਉਸਨੇ ਸ਼ਹਿਰ ਦੇ ਬਾਹਰਵਾਰ ਇੱਕ ਨਿਰਧਾਰਤ ਸਥਾਨ ਤੋਂ ਪ੍ਰਾਪਤ ਕੀਤਾ ਸੀ। ਡੀਜੀਪੀ ਨੇ ਕਿਹਾ ਕਿ ਇਹ ਆਈ.ਈ.ਡੀ. ਪੰਜਾਬ ਅਤੇ ਦਿੱਲੀ ਸਮੇਤ ਕਈ ਰਾਜਾਂ ਵਿੱਚ ਯੋਜਨਾਬੱਧ ਹਮਲਿਆਂ ਵਿੱਚ ਵਰਤਿਆ ਜਾਣਾ ਸੀ। ਉਨ੍ਹਾਂ ਅੱਗੇ ਕਿਹਾ ਕਿ ਸਮੁੱਚੇ ਅੱਤਵਾਦੀ ਨੈੱਟਵਰਕ ਦਾ ਖ਼ਾਤਮਾ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ। ਏਆਈਜੀ ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਇੱਕ ਠੋਸ ਜਾਣਕਾਰੀ ਮਿਲੀ ਸੀ ਕਿ ਪਾਕਿਸਤਾਨੀ ਸੰਚਾਲਕਾਂ ਦੁਆਰਾ ਪੰਜਾਬ, ਦਿੱਲੀ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਧਮਾਕੇ ਅਤੇ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਇਰਾਦੇ ਨਾਲ ਆਈਈਡੀ ਅਤੇ ਹਥਿਆਰਾਂ ਦੀ ਇੱਕ ਖੇਪ ਪਾਕਿਸਤਾਨ ਤੋਂ ਡਰੋਨ ਰਾਹੀਂ ਭੇਜੀ ਗਈ ਹੈ, ਜਿਸਨੂੰ ਉਨ੍ਹਾਂ ਦੇ ਭਾਰਤ ਵਿਚਲੇ ਕਾਰਕੁਨਾਂ ਨੇ ਹਾਸਲ ਕੀਤਾ ਹੈ। ਪ੍ਰਾਪਤ ਜਾਣਕਾਰੀ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਵਿਸ਼ੇਸ਼ ਪੁਲਿਸ ਟੀਮਾਂ ਦਾ ਗਠਨ ਕਰਕੇ ਇੱਕ ਸਪੈਸ਼ਲ ਆਪ੍ਰੇਸ਼ਨ ਚਲਾਇਆ ਗਿਆ, ਜਿਸ ਦੌਰਾਨ ਸ਼ੱਕੀ ਸ਼ੁਭਮ ਕੁਮਾਰ ਉਰਫ ਸ਼ੁਭਮ ਸ਼੍ਰੀਵਾਸਤਵ ਨੂੰ ਗ੍ਰਿਫਤਾਰ ਕਰਕੇ ਅੰਮ੍ਰਿਤਸਰ ਜਲੰਧਰ ਜੀਟੀ ਰੋਡ 'ਤੇ ਸਥਿਤ ਦਰਗਾਹ ਨੇੜੇ ਖਾਲੀ ਪਈ ਜਗ ?ਹਾ ਤੋਂ ਆਈਈਡੀ ਅਤੇ ਪਿਸਤੌਲ ਕੀਤਾ ਗਿਆ। ਏਆਈਜੀ ਨੇ ਕਿਹਾ ਕਿ ਜਾਂਚ ਮੁਤਾਬਕ ਗ੍ਰਿਫਤਾਰ ਕੀਤਾ ਗਿਆ ਦੋਸ਼ੀ ਪੂਰੀ ਤਰ੍ਹਾਂ ਕੱਟੜਪੰਥੀ ਹੈ ਅਤੇ ਉਹ ਆਪਣੇ ਹੈਂਡਲਰ ਤੋਂ ਚੰਗੇ ਪੈਸੇ ਮਿਲਣ ਦੇ ਭਰੋਸੇ ਮਗਰੋਂ ਉੱਤਰ ਪ੍ਰਦੇਸ਼ ਤੋਂ ਅੰਮ੍ਰਿਤਸਰ ਆਇਆ ਸੀ ਅਤੇ ਉਸਨੇ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ ਸ਼ਹਿਰ ਦੇ ਬਾਹਰਵਾਰ ਇੱਕ ਨਿਰਧਾਰਤ ਸਥਾਨ ਤੋਂ ਆਈਈਡੀ ਅਤੇ ਹਥਿਆਰਾਂ ਦੀ ਖੇਪ ਹਾਸਲ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਜਾਂਚ ਜਾਰੀ ਹੈ। ਇਸ ਸਬੰਧੀ ਥਾਣਾ ਐਸ.ਐਸ.ਓ.ਸੀ., ਅੰਮ੍ਰਿਤਸਰ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 61(2), ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਦੀ ਧਾਰਾ 18 ਅਤੇ 20, ਵਿਸਫੋਟਕ ਪਦਾਰਥ ਐਕਟ ਦੀ ਧਾਰਾ 4 ਅਤੇ ਅਸਲਾ ਐਕਟ ਦੀ ਧਾਰਾ 25(1)(ਡੀ) ਤਹਿਤ ਐਫਆਈਆਰ ਨੰ.09 ਮਿਤੀ 10.02.2026 ਦਰਜ ਕੀਤੀ ਗਈ ਹੈ।




# ਬੁਢਾਪਾ ਪੈਨਸ਼ਨ ਸਕੀਮ ਤਹਿਤ 3,806 ਕਰੋੜ ਰੁਪਏ ਜਾਰੀ ਕੀਤੇ : ਡਾ. ਬਲਜੀਤ ਕੌਰ

## 23.62 ਲੱਖ ਤੋਂ ਵੱਧ ਬਜ਼ੁਰਗ ਨਾਗਰਿਕ ਸਨਮਾਨ ਅਤੇ ਸੁਰੱਖਿਆ ਨਾਲ 1,500 ਰੁਪਏ ਦੀ ਮਹੀਨਾਵਾਰ ਪੈਨਸ਼ਨ ਪ੍ਰਾਪਤ ਕਰ ਰਹੇ ਹਨ

ਪੰਕਜ

ਚੰਡੀਗੜ੍ਹ, ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਨੂੰ ਨਾ ਸਿਰਫ਼ ਸਮਾਜ ਦਾ ਇੱਕ ਅਨਿੱਖੜਵਾਂ ਅੰਗ ਮੰਨਦੀ ਹੈ, ਸਗੋਂ ਆਪਣੀ ਜੀਵੰਤ ਵਿਰਾਸਤ ਅਤੇ ਮਾਣ ਵੀ ਮੰਨਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿੱਤੀ ਸਾਲ 2025-26 ਦੌਰਾਨ ਜਨਵਰੀ 2026 ਤੱਕ ਬੁਢਾਪਾ ਪੈਨਸ਼ਨ ਯੋਜਨਾ ਤਹਿਤ 3,806 ਕਰੋੜ ਰੁਪਏ ਤੋਂ ਵੱਧ ਜਾਰੀ ਕਰਕੇ ÷ਸਾਡੇ ਬਜ਼ੁਰਗ, ਸਾਡਾ ਮਾਣ÷ ਦੇ ਨਾਅਰੇ ਨੂੰ ਅਮਲੀ ਰੂਪ ਦਿੱਤਾ ਹੈ। ਮੰਤਰੀ ਨੇ ਕਿਹਾ, ÷ਸੂਬੇ ਭਰ ਵਿੱਚ 23.62 ਲੱਖ ਤੋਂ ਵੱਧ ਯੋਗ ਬਜ਼ੁਰਗ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਸਕੀਮ ਅਧੀਨ ਨਿਯਮਤ ਤੌਰ 'ਤੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਹਰੇਕ ਯੋਗ ਬਜ਼ੁਰਗ ਨਾਗਰਿਕਾਂ ਨੂੰ 1500 ਰੁਪਏ ਦੀ ਮਹੀਨਾਵਾਰ ਪੈਨਸ਼ਨ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਆਪਣੀ ਰੋਜ਼ਾਨਾ ਜ਼ਿੰਦਗੀ ਨੂੰ ਮਾਣ, ਸੁਰੱਖਿਆ ਅਤੇ ਆਜ਼ਾਦੀ ਨਾਲ ਜੀਅ ਸਕਣ।ਨਿਰਵਿਘਨ ਢੰਗ ਨਾਲ ਪੈਨਸ਼ਨਾਂ ਪ੍ਰਦਾਨ ਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ, ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ, ÷ਸਾਰੇ ਲਾਭਪਾਤਰੀਆਂ ਲਈ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪੈਨਸ਼ਨਾਂ ਦੀ ਵੰਡ ਨੂੰ ਯਕੀਨੀ ਬਣਾਉਣ ਲਈ, ਪੰਜਾਬ ਸਰਕਾਰ ਨੇ 4,100 ਕਰੋੜ ਰੁਪਏ ਦਾ ਬਜਟ ਉਪਬੰਧ ਰੱਖਿਆ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਗਿਆ ਹੈ ਕਿ ਕਿਸੇ ਵੀ ਬਜ਼ੁਰਗ ਨਾਗਰਿਕ ਨੂੰ ਆਪਣੀ ਯੋਗ ਸਹਾਇਤਾ ਪ੍ਰਾਪਤ ਕਰਨ ਵਿੱਚ ਕਿਸੇ ਵੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।ਕੈਬਨਿਟ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਹਰੇਕ ਯੋਗ ਲਾਭਪਾਤਰੀ ਨੂੰ ਪੈਨਸ਼ਨਾਂ ਦੀ ਸਮੇਂ ਸਿਰ ਅਤੇ ਨਿਰਵਿਘਨ ਅਦਾਇਗੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਪੈਨਸ਼ਨ ਦੀ ਵੰਡ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ, ਅਣਗਹਿਲੀ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ ?ਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਜ਼ੁਰਗ ਨਾਗਰਿਕ ਪੰਜਾਬ ਦੇ ਸਮਾਜਿਕ ਵਿਰਸੇ, ਸਿਆਣਪ ਅਤੇ ਕਦਰਾਂ-ਕੀਮਤਾਂ ਦੇ ਰਖਵਾਲੇ ਹਨ। 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਲਈ ਉਨ੍ਹਾਂ ਦੀ ਸੁਰੱਖਿਆ, ਮਾਣ ਅਤੇ ਖੁਸ਼ਹਾਲੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਹਰ ਬਜ਼ੁਰਗ ਨਾਗਰਿਕ ਆਪਣੀ ਜ਼ਿੰਦਗੀ ਬਿਨਾਂ ਕਿਸੇ ਚਿੰਤਾ, ਸਨਮਾਨ ਅਤੇ ਮਜ਼ਬੂਤ ਸਰਕਾਰੀ ਸਹਾਇਤਾ ਨਾਲ ਬਿਤਾਏ ਤਾਂ ਜੋ ਪੰਜਾਬ ਖੁਸ਼ਹਾਲ, ਸੁਰੱਖਿਅਤ ਅਤੇ ਜੀਵੰਤ ਬਣਿਆ ਰਹੇ।



**ਪੈਨਸ਼ਨ ਵੰਡ ਵਿੱਚ ਦੇਰੀ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਕੁਤਾਹੀ ਵਰਤਣ ਵਾਲੇ ਅਧਿਕਾਰੀਆਂ ਖਿਲਾਫ ਹੋਵੇਗੀ ਸਖ਼ਤ ਕਾਰਵਾਈ, ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਬਜ਼ੁਰਗ ਨਾਗਰਿਕਾਂ ਦੀ ਸੁਰੱਖਿਆ, ਸਨਮਾਨ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਬੇਹੱਦ ਜ਼ਰੂਰੀ**